ਚੰਡੀ ਚਰਿਤ੍ਰ (ਉਕਤਿ ਬਿਲਾਸ)

ੴ ਵਾਹਿਗੁਰੂ ਜੀ ਕੀ ਫਤਹਿ।
ਸ੍ਰੀ ਭਗਉਤੀ ਜੀ ਸਹਾਇ।
ਅਥ ਚੰਡੀ ਚਰਿਤ੍ਰ ਉਕਤਿ ਬਿਲਾਸ ਲਿਖ੍ਯਤੇ।
ਪਾਤਿਸਾਹੀ ੧੦। [1]

ਸ੍ਵੈਯਾ

ਆਦਿ ਅਪਾਰ ਅਲੇਖ ਅਨੰਤ ਅਕਾਲ ਅਭੇਖ ਅਲਖ ਅਨਾਸਾ।
ਕੈ ਸਿਵ ਸਕਤ ਦਏ ਸ੍ਰੁਤਿ ਚਾਰ ਰਜੋ ਤਮ ਸਤ[2] ਤਿਹੂੰ ਪੁਰ ਬਾਸਾ।
ਦਿਉਸ ਨਿਸਾ ਸਸਿ ਸੂਰ ਕੇ ਦੀਪਕ ਸ੍ਰਿਸਟਿ ਰਚੀ ਪੰਚ ਤਤ ਪ੍ਰਕਾਸਾ।
ਬੈਰ ਬਢਾਇ ਲਰਾਇ ਸੁਰਾਸੁਰ ਆਪਹਿ ਦੇਖਤ ਬੈਠ ਤਮਾਸਾ। ੧।

ਦੋਹਰਾ

ਕ੍ਰਿਪਾ ਸਿੰਧੁ ਤੁਮਰੀ ਕ੍ਰਿਪਾ ਜੋ ਕਛੁ[3] ਮੋ ਪਰਿ ਹੋਇ।
ਰਚੋ ਚੰਡਿਕਾ ਕੀ ਕਥਾ ਬਾਣੀ ਸੁਭ ਸਭ ਹੋਇ। ੨।
ਜੋਤਿ ਜਗਮਗੇ ਜਗਤ ਮੈ ਚੰਡ ਚਮੁੰਡ ਪ੍ਰਚੰਡ।
ਭੁਜ ਦੰਡਨ ਦੰਡਨਿ ਅਸੁਰ ਮੰਡਨ ਭੁਇ ਨਵ ਖੰਡ। ੩।

ਸ੍ਵੈਯਾ

ਤਾਰਨ ਲੋਕ ਉਧਾਰਨ ਭੂਮਹਿ ਦੈਤ ਸੰਘਾਰਨ ਚੰਡਿ ਤੁਹੀ ਹੈ।
ਕਾਰਨ ਈਸ ਕਲਾ ਕਮਲਾ ਹਰਿ ਅਦ੍ਰਸੁਤਾ ਜਹ ਦੇਖੋ ਉਹੀ ਹੈ।
ਤਾਮਸਤਾ ਮਮਤਾ ਨਮਤਾ ਕਵਿਤਾ ਕਵਿ ਕੇ ਮਨ ਮਧਿ ਗੁਹੀ ਹੈ।
ਕੀਨੋ ਹੈ ਕੰਚਨ ਲੋਹ ਜਗਤ੍ਰ ਮੈ ਪਾਰਸ ਮੂਰਤਿ ਜਾਹਿ ਛੁਹੀ ਹੈ। ੪।

ਦੋਹਰਾ

ਪ੍ਰਮੁਦ ਕਰਨ ਸਭ ਭੈ ਹਰਨ ਨਾਮੁ ਚੰਡਿਕਾ ਜਾਸੁ।
ਰਚੋ ਚਰਿਤ੍ਰ ਬਚਿਤ੍ਰ ਤੁਅ ਕਰੋ ਸਬੁਧਿ ਪ੍ਰਕਾਸ।੫।

੧. ਇਨ੍ਹਾਂ ਉਕਤੀਆਂ ਵਿਚ ਵਖ ਵਖ ਬੀੜਾਂ ਵਿਚ ਅੰਤਰ ਹੈ, ਪਰ ਅਧਿਕਤਰ ਇਸ ਪਾਠ ਵਾਲੀਆਂ ਉਕਤੀਆਂ ਹੀ ਲਿਖੀਆਂ ਮਿਲਦੀਆਂ ਹਨ। ੨. 'ਸਤੇ' ੩. 'ਕੁਝ'

ਚੰਡੀ ਚਰਿਤ੍ਰ (ਉਕਤਿ-ਬਿਲਾਸ)

ੴ ਵਾਹਿਗੁਰੂ ਜੀ ਕੀ ਫਤਹਿ
ਸ੍ਰੀ ਭਗਉਤੀ ਜੀ ਸਹਾਇ
ਹੁਣ ਚੰਡੀ ਚਰਿਤ੍ਰ (ਉਕਤਿ-ਬਿਲਾਸ) ਲਿਖਦੇ ਹਾਂ
ਪਾਤਿਸ਼ਾਹੀ ੧੦

ਸ੍ਵੈਯਾ

(ਜੋ ਸਾਰਿਆਂ ਦਾ) ਮੁੱਢ, ਪਾਰ-ਰਹਿਤ, ਲਿਖੇ ਜਾਣ ਤੋਂ ਪਰੇ, ਬੇਅੰਤ, ਕਾਲ-ਰਹਿਤ, ਭੇਖ-ਰਹਿਤ, ਨ ਵੇਖੇ ਜਾ ਸਕਣ ਵਾਲਾ ਅਤੇ ਨਾਸ਼-ਰਹਿਤ ਹੈ; (ਜਿਸ ਨੇ) ਸ਼ਿਵ-ਸ਼ਕਤੀ, ਚਾਰ ਵੇਦ, ਰਜੋ-ਤਮੋ-ਸਤੋ ਤਿੰਨ ਗੁਣ ਦਿੱਤੇ ਹਨ ਅਤੇ ਤਿੰਨ ਲੋਕਾਂ ਵਿਚ ਵਾਸ ਕੀਤਾ ਹੋਇਆ ਹੈ; (ਜਿਸ ਨੇ) ਦਿਨ, ਰਾਤ, ਸੂਰਜ, ਚੰਦ੍ਰਮਾ ਵਰਗੇ ਦੀਪਕ (ਬਣਾਏ ਹਨ) ਅਤੇ ਪੰਜ ਤੱਤ੍ਵਾਂ ਦਾ ਪ੍ਰਕਾਸ਼ ਕਰ ਕੇ ਸਾਰੀ ਸ੍ਰਿਸ਼ਟੀ ਦੀ ਰਚਨਾ ਕੀਤੀ ਹੈ; (ਜੋ) ਦੇਵਤਿਆਂ ਅਤੇ ਦੈਂਤਾਂ ਵਿਚ ਵੈਰ ਵਧਾ ਕੇ (ਉਨ੍ਹਾਂ ਨੂੰ ਆਪਸ ਵਿਚ) ਲੜਾਉਂਦਾ ਹੈ ਅਤੇ ਆਪ (ਇਨ੍ਹਾਂ ਤੋਂ ਅਲਗ ਥਲਗ) ਬੈਠਾ ਤਮਾਸ਼ਾ ਵੇਖ ਰਿਹਾ ਹੈ।੧।

ਦੋਹਰਾ

ਹੇ ਕ੍ਰਿਪਾ ਦੇ ਸਾਗਰ! ਜੇ ਤੇਰੀ ਕੁਝ ਕ੍ਰਿਪਾ ਮੇਰੇ ਉਤੇ ਹੋਏ, (ਤਾਂ) ਦੁਰਗਾ ਦੀ ਕਥਾ ਦੀ ਰਚਨਾ ਕਰਾਂ (ਅਤੇ) ਸਾਰੀ ਕਵਿਤਾ ('ਬਾਣੀ') ਸ੍ਰੇਸ਼ਠ ਹੋ ਜਾਏ।੨। (ਜਿਸ ਦੀ) ਜੋਤਿ ਜਗਤ ਵਿਚ ਜਗਮਗਾ ਰਹੀ ਹੈ, (ਜੋ) ਚੰਡ ਅਤੇ ਮੁੰਡ (ਨੂੰ ਮਾਰਨ ਵਾਲੀ ਬਹੁਤ) ਪ੍ਰਚੰਡ ਹੈ, (ਜਿਸ ਦੀਆਂ) ਭੁਜਾਵਾਂ ਦੇ ਡੰਡੇ ਦੈਂਤਾਂ ਨੂੰ ਦੰਡ ਦੇਣ ਵਾਲੇ ਹਨ ਅਤੇ (ਜੋ) ਧਰਤੀ ਦੇ ਨੌਂ ਖੰਡਾਂ ਨੂੰ ਸੁਸੱਜਿਤ ਕਰਨ ਵਾਲੀ ਹੈ।੩।

ਸ੍ਵੈਯਾ

ਲੋਕਾਂ ਨੂੰ ਤਾਰਨ ਵਾਲੀ, ਪ੍ਰਿਥਵੀ ਦਾ ਉੱਧਾਰ ਕਰਨ ਵਾਲੀ, ਦੈਂਤਾਂ ਨੂੰ ਸੰਘਾਰਨ ਵਾਲੀ ਅਤੇ ਪ੍ਰਚੰਡ (ਸਰੂਪ ਵਾਲੀ) ਤੂੰ ਹੀ ਹੈਂ। (ਜਗਤ ਦੇ) ਕਾਰਨ ਰੂਪ ਵਿਸ਼ਨੂ ਦੀ ਸ਼ਕਤੀ ਲੱਛਮੀ ਅਤੇ ਸ਼ਿਵ ਦੀ ਸ਼ਕਤੀ ਰੂਪ ਪਾਰਬਤੀ ਜਿਥੇ ਵੇਖੋ ਉਹੀ ਹੈ। (ਤੂੰ ਹੀ) ਤਮੋ, ਰਜੋ ਅਤੇ ਸਤੋ ਤਿੰਨਾਂ ਗੁਣਾਂ (ਦੇ ਸਾਰ ਰੂਪ) ਕਵਿਤਾ ਕਵੀ ਦੇ ਮਨ ਵਿਚ ਗੁੰਦੀ ਹੈ। (ਤੂੰ) ਪਾਰਸ-ਮੂਰਤੀ (ਜਿਸ ਨੂੰ) ਜਗਤ ਵਿਚ ਛੋਹ ਗਈ, ਉਹ ਲੋਹੇ ਤੋਂ ਸੋਨਾ ਬਣ ਗਿਆ।੪।

ਦੋਹਰਾ

(ਜੋ) ਸਭ ਨੂੰ ਪ੍ਰਸੰਨ ਕਰਨ ਵਾਲੀ ਅਤੇ ਸਭ ਦੇ ਭੈ ਨੂੰ ਦੂਰ ਕਰਨ ਵਾਲੀ ਹੈ ਅਤੇ ਜਿਸ ਦਾ ਨਾਂ ਚੰਡਿਕਾ ਹੈ, (ਉਸ ਦੇ) ਅਲੌਕਿਕ ਚਰਿਤ੍ਰ ਦੀ ਰਚਨਾ ਕਰਾਂ ਜੇ ਤੂੰ (ਮੈਨੂੰ) ਉੱਤਮ ਬੁੱਧੀ ਦਾ ਪ੍ਰਕਾਸ਼ ਕਰੇਂ।੫।

ਪੁਨਹਾ

ਆਇਸ ਅਬ ਜੋ ਹੋਇ ਗ੍ਰੰਥ ਤਉ ਮੈ ਰਚੌ।
ਰਤਨ ਪ੍ਰਮੁਦ ਕਰ ਬਚਨ ਚੀਨਿ ਤਾ ਮੈ ਗਚੌ।
ਭਾਖਾ ਸੁਭ ਸਭ ਕਰਹੋ ਧਰਿਹੋ ਕ੍ਰਿਤ ਮੈ।
ਅਦਭੁਤਿ ਕਥਾ ਅਪਾਰ ਸਮਝ ਕਰਿ ਚਿਤ ਮੈ।੬।

ਸ੍ਵੈਯਾ

ਤ੍ਰਾਸ ਕੁਟੰਬ ਕੇ ਹੁਇ ਕੈ ਉਦਾਸ ਅਵਾਸ ਕੋ ਤਿਆਗਿ ਬਸਿਓ ਬਨਿ ਰਾਈ।
ਨਾਮ ਸੁਰਥ ਮੁਨੀਸਰ ਬੇਖ ਸਮੇਤ ਸਮਾਧਿ ਸਮਾਧਿ ਲਗਾਈ।
ਚੰਡ ਅਖੰਡ ਖੰਡੇ ਕਰ ਕੋਪ ਭਈ ਸੁਰ ਰਛਨ ਕੋ ਸਮੁਹਾਈ।
ਬੂਝਹੁ ਜਾਇ ਤਿਨੈ ਤੁਮ ਸਾਧ ਅਗਾਧਿ ਕਥਾ ਕਿਹ ਭਾਤਿ ਸੁਨਾਈ। ੭।

ਤੋਟਕ ਛੰਦ। ਮੁਨੀਸੁਰੋਵਾਚ

ਹਰਿ ਸੋਇ ਰਹੈ ਸਜਿ ਸੈਨ ਤਹਾ। ਜਲ ਜਾਲ ਕਰਾਲ ਬਿਸਾਲ ਜਹਾ।
ਭਯੋ ਨਾਭਿ ਸਰੋਜ ਤੇ ਬਿਸੁ ਕਰਤਾ। ਸ੍ਰੁਤ ਮੈਲ ਤੇ ਦੈਤ ਰਚੇ ਜੁਗਤਾ। ੮।

ਮਧੁ ਕੈਟਭ ਨਾਮ ਧਰੇ ਤਿਨ ਕੇ। ਅਤਿ ਦੀਰਘ ਦੇਹ ਭਏ ਜਿਨ ਕੇ।
ਤਿਨ ਦੇਖਿ ਲੁਕੇਸ ਡਰਿਓ ਹੀਅ ਮੈ। ਜਗਮਾਤ ਕੋ ਧਿਆਨੁ ਧਰਿਯੋ ਜੀਅ ਮੈ।੯।

ਦੋਹਰਾ

ਛੁਟੀ ਚੰਡਿ ਜਾਗੈ ਬ੍ਰਹਮ ਕਰਿਓ ਜੁਧ ਕੋ ਸਾਜੁ।
ਦੈਤ ਸਭੈ ਘਟਿ ਜਾਹਿ ਜਿਉ ਬਢੈ ਦੇਵਤਨ ਰਾਜ।੧੦।

ਸ੍ਵੈਯਾ

ਜੁਧ ਕਰਿਓ ਤਿਨ ਸੋ ਭਗਵੰਤਿ ਨ ਮਾਰ ਸਕੈ ਅਤਿ ਦੈਤ ਬਲੀ ਹੈ।
ਸਾਲ ਭਏ ਤਿਨ ਪੰਚ ਹਜਾਰ ਦੁਹੂੰ ਲਰਤੇ ਨਹਿ ਬਾਹ ਟਲੀ ਹੈ।
ਦੈਤਨ ਰੀਝ ਕਹਿਓ ਬਰ ਮਾਂਗ ਕਹਿਓ ਹਰਿ ਸੀਸਨ ਦੇਹੁ ਭਲੀ ਹੈ।
ਧਾਰਿ ਉਰੂ ਪਰਿ ਚਕ੍ਰ ਸੋ ਕਾਟ ਕੈ ਜੋਤ ਲੈ ਆਪਨੈ ਅੰਗਿ ਮਲੀ ਹੈ। ੧੧।

ਪੁਨਹਾ

ਹੁਣ ਜੇ (ਤੇਰੀ) ਆਗਿਆ ਹੋਏ, ਤਾਂ ਮੈਂ ਗ੍ਰੰਥ ਦੀ ਰਚਨਾ ਕਰਾਂ। ਪ੍ਰਸੰਨ ਕਰਨ ਵਾਲੇ ਰਤਨਾਂ ਦੇ ਤੁਲ ਬਚਨਾਂ ਨੂੰ ਚੁਣ ਕੇ ਉਸ ਵਿਚ ਜੜ੍ਹਾਂ। ਸਭ ਸ਼ੁਭ ਭਾਖਾ ਕਰ ਕੇ (ਇਸ) ਰਚਨਾ ਵਿਚ ਧਰਾਂ। (ਅਤੇ) ਅਪਾਰ ਤੇ ਅਨੋਖੀ ਕਥਾ ਨੂੰ ਚਿਤ ਵਿਚ ਸਮਝ ਕੇ (ਉਸ ਦੀ ਰਚਨਾ ਕਰਾਂ)।੬।

ਸ੍ਵੈਯਾ

ਪਰਿਵਾਰ ਦੇ ਡਰ ਤੋਂ ਉਦਾਸ ਹੋ ਕੇ ਰਾਜੇ ਨੇ ਘਰ ਛਡ ਦਿੱਤਾ ਅਤੇ ਬਨ ਵਿਚ ਜਾ ਵਸਿਆ। 'ਸੁਰਥ' ਨਾਂ ਅਤੇ ਮੁਨੀਸ਼ਵਰ ਭੇਖ ਵਾਲੇ (ਉਸ ਰਾਜੇ ਨੇ ਸਮਾਨ ਗੁਣਾਂ ਨੂੰ ਧਾਰਨ ਕਰਨ ਵਾਲੇ) 'ਸਮਾਧਿ' (ਵੈਸ਼) ਨਾਲ ਵਿਚਾਰ ਕੀਤਾ ਕਿ ਚੰਡੀ (ਨਾਂ ਵਾਲੀ) ਨ ਖੰਡੇ ਜਾ ਸਕਣ ਵਾਲੇ ਦੈਂਤਾਂ ਦਾ ਕ੍ਰੋਧ ਕਰਕੇ ਖੰਡਨ ਕਰਨ ਵਾਲੀ ਦੇਵਤਿਆਂ ਦੀ ਰਖਿਆ ਲਈ (ਕਿਵੇਂ) ਸਾਹਮਣੇ ਪ੍ਰਗਟ ਹੋਈ। ਉਹ (ਦੋਵੇਂ 'ਮੇਧਸ' ਰਿਸ਼ੀ ਪਾਸ) ਜਾ ਕੇ ਪੁਛਦੇ ਹਨ, ਕਿ ਹੇ ਸਾਧੂ ਪੁਰਸ਼! (ਚੰਡੀ ਦੀ) ਅਗਾਧ ਕਥਾ ਕਿਸ ਪ੍ਰਕਾਰ ਦੀ ਹੈ? (ਸਾਨੂੰ) ਸੁਣਾਓ।੭।

ਤੋਟਕ ਛੰਦ। ਮੁਨੀ ਨੇ ਕਿਹਾ --

ਜਿਥੇ ਸੇਜਾ (ਸੈਨ) ਨੂੰ ਸਜਾ ਕੇ ਹਰਿ (ਵਿਸ਼ਣੂ) ਸੌਂ ਰਿਹਾ ਸੀ ਅਤੇ ਜਿਥੇ ਜਲ ਦਾ ਫੈਲਾਉ ਬਹੁਤ ਭਿਆਨਕ ਅਤੇ ਵਿਸ਼ਾਲ ਸੀ, (ਉਥੇ ਵਿਸ਼ਣੂ ਦੀ) ਨਾਭੀ ਤੋਂ ਕਮਲ-ਫੁਲ ਪੈਦਾ ਹੋਇਆ ਅਤੇ (ਉਸ ਵਿਚੋਂ) ਵਿਸ਼ਵ ਦਾ ਕਰਤਾ (ਬ੍ਰਹਮਾ) ਉਤਪੰਨ ਹੋਇਆ। (ਉਸ ਦੇ) ਕੰਨਾਂ ਦੀ ਮੈਲ ਤੋਂ ਦੋ ਦੈਂਤਾਂ ਦੀ ਰਚਨਾ ਹੋਈ।੮।

ਉਨ੍ਹਾਂ (ਦੋਹਾਂ ਦੈਂਤਾਂ) ਦੇ ਨਾਂ ਮਧੁ ਅਤੇ ਕੈਟਭ ਰਖੇ ਗਏ ਜਿਨ੍ਹਾਂ ਦੇ ਸ਼ਰੀਰ ਬਹੁਤ ਵਡੇ ਹੋ ਗਏ। ਉਨ੍ਹਾਂ ਨੂੰ ਵੇਖ ਕੇ ਬ੍ਰਹਮਾ (ਲੁਕੇਸ) ਮਨ ਵਿਚ ਬਹੁਤ ਡਰਿਆ। (ਉਸ ਨੇ ਤੁਰਤ) ਮਨ ਵਿਚ ਜਗ-ਮਾਤਾ (ਦੁਰਗਾ) ਦਾ ਧਿਆਨ ਧਰਿਆ।੯।

ਦੋਹਰਾ

(ਉਸ ਵੇਲੇ) ਯੋਗ-ਨਿੰਦ੍ਰਾ (ਚੰਡ) ਖੁਲ੍ਹੀ, ਵਿਸ਼ਣੂ ਜਾਗੇ ਅਤੇ ਯੁੱਧ ਦੀ ਤਿਆਰੀ ਕੀਤੀ। ਜਿਸ ਤਰ੍ਹਾਂ ਦੈਂਤ ਘਟ ਜਾਣ ਅਤੇ ਦੇਵਤਿਆਂ ਦਾ ਰਾਜ ਵੱਧੇ (ਇਸ ਪ੍ਰਕਾਰ ਦੇ ਯਤਨ ਕਰਨ ਲਗੇ)।੧੦।

ਸ੍ਵੈਯਾ

ਵਿਸ਼ਣੂ ਨੇ ਉਨ੍ਹਾਂ ਨਾਲ ਯੁੱਧ ਕੀਤਾ, (ਪਰ) ਮਾਰ ਨ ਸਕੇ (ਕਿਉਂਕਿ) ਦੈਂਤ ਅਤਿ ਬਲਵਾਨ ਸਨ। ਉਨ੍ਹਾਂ ਦੋਹਾਂ (ਵਿਸ਼ਣੂ ਅਤੇ ਦੈਂਤਾਂ) ਨੂੰ ਲੜਦਿਆਂ ਪੰਜ ਹਜ਼ਾਰ ਸਾਲ ਬੀਤ ਗਏ, (ਪਰ ਕਿਸੇ ਦੀ ਵੀ) ਬਾਂਹ ਨ ਥਕੀ (ਅਰਥਾਤ ਲਗਾਤਾਰ ਯੁੱਧ ਕਰਦੇ ਰਹੇ)। ਦੈਂਤਾਂ ਨੇ (ਵਿਸ਼ਣੂ ਦੇ ਪਰਾਕ੍ਰਮ ਤੋਂ) ਪ੍ਰਸੰਨ ਹੋ ਕੇ ਕਿਹਾ ਕਿ (ਤੂੰ ਕੋਈ) ਵਰ ਮੰਗ। (ਉੱਤਰ ਵਿਚ) ਹਰਿ ਨੇ ਕਿਹਾ ਕਿ ਸਿਰ ਦੇ ਦਿਓ। (ਦੈਂਤਾਂ ਨੇ ਕਿਹਾ ਕਿ) ਚੰਗੀ ਗੱਲ ਹੈ। (ਵਿਸ਼ਣੂ ਨੇ ਉਨ੍ਹਾਂ ਦੇ ਸਿਰਾਂ ਨੂੰ) ਪੱਟਾਂ ਉਤੇ ਰਖ ਕੇ ਸੁਦਰਸ਼ਨ-ਚੱਕਰ ਨਾਲ ਕਟ ਦਿੱਤਾ ਅਤੇ (ਉਨ੍ਹਾਂ ਦੀ) ਜੋਤਿ ਨੂੰ ਲੈ ਕੇ (ਵਿਸ਼ਣੂ ਨੇ ਆਪਣੇ ਹੀ) ਸ਼ਰੀਰ ਵਿਚ ਮਿਲਾ ਲਈ।੧੧।

ਸੋਰਠਾ

ਦੇਵਨ ਥਾਪਿਓ ਰਾਜ ਮਧੁ ਕੈਟਭ ਕੋ ਮਾਰ ਕੈ।
ਦੀਨੋ ਸਕਲ ਸਮਾਜ ਬੈਕੁੰਠਗਾਮੀ ਹਰਿ ਭਏ। ੧੨।

ਇਤਿ ਸ੍ਰੀ ਮਾਰਕੰਡੇ ਪੁਰਾਨੇ ਚੰਡੀ ਚਰਿਤ੍ਰ ਉਕਤਿ ਬਿਲਾਸ ਮਧੁ ਕੈਟਭ ਬਧਹਿ ਪ੍ਰਥਮ ਧਯਾਇ ਸਮਾਪਤਮ ਸਤੁ ਸੁਭਮ ਸਤੁ। ੧।[1]

ਪੁਨਹਾ

ਬਹੁਰਿ ਭਇਓ ਮਹਖਾਸੁਰ ਤਿਨ ਤੋ ਕਿਆ ਕੀਆ।
ਭੁਜਾ ਜੋਰਿ ਕਰਿ ਜੁਧੁ ਜੀਤ ਸਭ ਜਗੁ ਲੀਆ।
ਸੂਰ ਸਮੂਹ ਸੰਘਾਰੇ ਰਣਹਿ ਪਚਾਰ ਕੈ।
ਟੂਕਿ ਟੂਕਿ ਕਰਿ ਡਾਰੇ ਆਯੁਧ ਧਾਰ ਕੈ। ੧੩।

ਸ੍ਵੈਯਾ

ਜੁਧ ਕਰਿਯੋ ਮਹਿਖਾਸੁਰ ਦਾਨਵ ਮਾਰਿ ਸਭੈ ਸੁਰ ਸੈਨ ਗਿਰਾਇਓ।
ਕੈ ਕੈ ਦੁ ਟੂਕ ਦਏ ਅਰਿ ਖੇਤਿ ਮਹਾ ਬਰਬੰਡ ਮਹਾ ਰਨ ਪਾਇਓ।
ਸ੍ਰਉਣਤ ਰੰਗ ਸਨਿਓ ਨਿਸਰਿਓ ਜਸੁ ਇਆ ਛਬਿ ਕੋ ਮਨ ਮੈ ਇਹਿ ਆਇਓ।
ਮਾਰਿ ਕੈ ਛਤ੍ਰਨਿ ਕੁੰਡ ਕੈ ਛੇਤ੍ਰ ਮੈ ਮਾਨਹੁ ਪੈਠਿ ਕੈ ਰਾਮਜੂ ਨਾਇਓ। ੧੪।

ਲੈ ਮਹਖਾਸੁਰ ਅਸਤ੍ਰ ਸੁ ਸਸਤ੍ਰ ਸਬੈ ਕਲਵਤ੍ਰ ਜਿਉ ਚੀਰ ਕੈ ਡਾਰੈ।
ਲੁਥ ਪੈ ਲੁਥ ਰਹੀ ਗੁਥਿ ਜੁਥਿ ਗਿਰੇ ਗਿਰ ਸੇ ਰਥ ਸੇਂਧਵ ਭਾਰੇ।
ਗੂਦ ਸਨੇ ਸਿਤ ਲੋਹੂ ਮੈ ਲਾਲ ਕਰਾਲ ਪਰੇ ਰਨ ਮੈ ਗਜ ਕਾਰੇ।
ਜਿਉ ਦਰਜੀ ਜਮ ਮ੍ਰਿਤ ਕੇ ਸੀਤ ਮੈ ਬਾਗੇ ਅਨੇਕ ਕਤਾ ਕਰਿ ਡਾਰੇ। ੧੫।

ਲੈ ਸੁਰ ਸੰਗ ਸਬੈ ਸੁਰਪਾਲ ਸੁ ਕੋਪ ਕੇ ਸਤ੍ਰੁ ਕੀ ਸੈਨ ਪੈ ਧਾਏ।
ਦੈ ਮੁਖ ਢਾਰ ਲੀਏ ਕਰਵਾਰ ਹਕਾਰ ਪਚਾਰ ਪ੍ਰਹਾਰ ਲਗਾਏ।
ਸ੍ਰਉਨ ਮੈ ਦੈਤ ਸੁਰੰਗ ਭਏ ਕਬਿ ਨੇ ਮਨ ਭਾਉ ਇਹੈ ਛਬਿ ਪਾਏ।
ਰਾਮ ਮਨੋ ਰਨ ਜੀਤ ਕੈ ਭਾਲਕ ਦੈ ਸਿਰਪਾਉ ਸਬੈ ਪਹਰਾਏ। ੧੬।

ਘਾਇਲ ਘੂਮਤ ਹੈ ਰਨ ਮੈ ਇਕ ਲੋਟਤ ਹੈ ਧਰਨੀ ਬਿਲਲਾਤੇ।
ਦਉਰਤ ਬੀਚ ਕਬੰਧ ਫਿਰੈ ਜਿਹ ਦੇਖਤ ਕਾਇਰ ਹੈ ਡਰ ਪਾਤੇ।
ਇਯੋ ਮਹਿਖਾਸੁਰ ਜੁਧੁ ਕੀਯੋ ਤਬ ਜੰਬੁਕ ਗਿਰਝ ਭਏ ਰੰਗ ਰਾਤੇ।
ਸ੍ਰੋਨ ਪ੍ਰਵਾਹ ਮੈ ਪਾਇ ਪਸਾਰ ਕੈ ਸੋਏ ਹੈ ਸੂਰ ਮਨੋ ਮਦ ਮਾਤੇ। ੧੭।

---

੧. ਕਈਆਂ ਬੀੜਾਂ ਵਿਚ ਇਹ ਪੁਸ਼ਪਿਕਾ ਨਹੀਂ ਲਿਖੀ ਹੋਈ

ਸੋਰਠਾ

ਮਧੁ ਅਤੇ ਕੈਟਭ ਨੂੰ ਮਾਰ ਕੇ ਦੇਵਤਿਆਂ ਦੇ ਰਾਜ ਦੀ ਸਥਾਪਨਾ ਕੀਤੀ। ਰਾਜ-ਭਾਗ ਦੀ ਸਾਰੀ ਸਾਮਗ੍ਰੀ ਦੇ ਕੇ ਵਿਸ਼ਨੂ ਬੈਕੁੰਠ ਚਲੇ ਗਏ।੧੨।

ਇਥੇ ਸ੍ਰੀ ਮਾਰਕੰਡੇ ਪੁਰਾਨ ਦੇ ਸ੍ਰੀ ਚੰਡੀ ਚਰਿਤ੍ਰ ਉਕਤਿ ਬਿਲਾਸ ਦੇ 'ਮਧੁ ਕੈਟਭ ਦੇ ਮਾਰੇ ਜਾਣ ਵਾਲੇ' ਪਹਿਲੇ ਅਧਿਆਇ ਦੀ ਸਮਾਪਤੀ ਹੈ, ਸਭ ਸ਼ੁਭ ਹੈ।੧।

ਪੁਨਹਾ

ਫਿਰ ਮਹਿਖਾਸੁਰ (ਝੋਟੇ ਦੀ ਸ਼ਕਲ ਵਾਲਾ ਦੈਂਤ) ਹੋਇਆ। ਉਸ ਨੇ ਕੀ ਕੀਤਾ? (ਉਸ ਦਾ ਵਰਣਨ ਇਸ ਪ੍ਰਕਾਰ ਹੈ)। ਉਸ ਨੇ ਭੁਜਾਵਾਂ ਦੇ ਬਲ ਨਾਲ ਯੁੱਧ ਕਰ ਕੇ ਸਾਰੇ ਸੰਸਾਰ ਨੂੰ ਜਿਤ ਲਿਆ। (ਉਸ ਨੇ) ਰਣ-ਭੂਮੀ ਵਿਚ ਵੰਗਾਰ ਕੇ ਦੇਵਤਿਆਂ ਦਾ ਸਮੂਹਿਕ ਸੰਘਾਰ ਕੀਤਾ। ਹਥਿਆਰ ਧਾਰਨ ਕਰ ਕੇ (ਸਾਰਿਆਂ ਨੂੰ) ਟੋਟੇ ਟੋਟੇ ਕਰ ਸੁਟਿਆ।੧੩।

ਸ੍ਵੈਯਾ

ਮਹਿਖਾਸੁਰ ਦੈਂਤ ਨੇ ਯੁੱਧ ਕੀਤਾ ਅਤੇ ਸਾਰੀ ਦੇਵ-ਸੈਨਾ ਨੂੰ ਮਾਰ ਸੁਟਿਆ। ਵਡੇ ਵਡੇ ਵੈਰੀਆਂ ਨੂੰ ਦੋ ਦੋ ਟੋਟੇ ਕਰ ਕੇ ਯੁੱਧ-ਭੂਮੀ ਵਿਚ ਡਿਗਾ ਦਿੱਤਾ ਅਤੇ (ਉਸ) ਮਹਾਬਲੀ ਨੇ ਘਮਸਾਨ ਯੁੱਧ ਕੀਤਾ। ਲਹੂ ਦੇ ਰੰਗ ਵਿਚ ਲਥ-ਪਥ ਹੋਇਆ (ਉਹ ਯੁੱਧ-ਭੂਮੀ ਤੋਂ) ਬਾਹਰ ਨਿਕਲਿਆ। (ਉਸ ਦੀ ਇਸ ਸੁੰਦਰਤਾ ਨੂੰ ਵੇਖ ਕੇ) ਕਵੀ ਦੇ ਮਨ ਵਿਚ ਇਹ ਆਈ ਮਾਨੋ ਛਤ੍ਰੀ ਰਾਜਿਆਂ ਨੂੰ ਮਾਰ ਕੇ ਕੁਰੂਕਸ਼ੇਤ੍ਰ ਦੇ (ਲਹੂ ਦੇ) ਕੁੰਡ ਵਿਚੋਂ ਪਰਸ਼ੁਰਾਮ ਇਸ਼ਨਾਨ ਕਰ ਕੇ ਨਿਕਲਿਆ ਹੋਵੇ।੧੪।

ਮਹਿਖਾਸੁਰ ਨੇ ਅਸਤ੍ਰ ਅਤੇ ਸ਼ਸਤ੍ਰ ਲੈ ਕੇ ਸਾਰੇ (ਵੈਰੀਆਂ) ਨੂੰ ਕਲਵਤਰ ਵਾਂਗ ਚੀਰ ਕੇ ਸੁਟ ਦਿੱਤਾ। ਲੋਥਾਂ ਉਤੇ ਲੋਥਾਂ ਗੁੱਛਾ-ਮੁੱਛਾ ਹੋਈਆਂ ਪਈਆਂ ਹਨ ਅਤੇ ਪਰਬਤਾਂ ਜਿੰਨੇ ਵਡੇ ਰਥ ਅਤੇ ਘੋੜੇ ਡਿਗੇ ਪਏ ਹਨ। ਚਿੱਟੀ ਮਿਝ ਅਤੇ ਲਾਲ ਲਹੂ ਨਾਲ ਲਿਬੜੇ ਕਾਲੇ ਭਿਆਨਕ ਹਾਥੀ ਯੁੱਧ-ਭੂਮੀ ਵਿਚ ਡਿਗੇ ਪਏ ਹਨ। (ਉਹ) ਯਮ ਦੇ ਮਾਰੇ ਹੋਏ ਇੰਜ ਲਗਦੇ ਹਨ ਜਿਵੇਂ ਸਰਦੀ ਦੀ ਰੁਤ ਵਿਚ ਦਰਜ਼ੀ ਅਨੇਕ ਕਪੜੇ ਕਟ ਕੇ ਸੁਟਦਾ ਹੈ।੧੫।

ਇੰਦਰ ਸਾਰਿਆਂ ਦੇਵਤਿਆਂ ਨੂੰ (ਆਪਣੇ) ਨਾਲ ਲੈ ਕੇ ਕ੍ਰੋਧਵਾਨ ਹੋਇਆ ਵੈਰੀ ਦੀ ਸੈਨਾ ਉਤੇ ਜਾ ਪਿਆ। ਮੂੰਹ ਅਗੇ ਢਾਲ ਦੇ ਕੇ ਅਤੇ (ਹੱਥ ਵਿਚ) ਤਲਵਾਰ ਲੈ ਕੇ ਲਲਕਾਰ ਅਤੇ ਵੰਗਾਰ ਕੇ (ਅਜਿਹੇ) ਵਾਰ ਕੀਤੇ ਕਿ ਲਹੂ ਨਾਲ ਦੈਂਤ ਲਾਲ ਹੋ ਗਏ। ਉਨ੍ਹਾਂ ਦੀ ਸੁੰਦਰਤਾ ਨੂੰ ਵੇਖ ਕੇ ਕਵੀ ਦੇ ਮਨ ਵਿਚ ਇਹ ਭਾਵ ਆਇਆ ਮਾਨੋ ਰਾਮਚੰਦ੍ਰ ਨੇ ਜੰਗ ਜਿਤ ਕੇ ਸਾਰਿਆਂ ਰਿੱਛਾਂ ਨੂੰ ਸਿਰੋਪਾਉ ਪਵਾਏ ਹੋਣ।੧੬।

(ਕਈ ਯੋਧੇ) ਰਣ-ਭੂਮੀ ਵਿਚ ਘਾਇਲ ਘੁੰਮਦੇ ਹਨ ਅਤੇ ਕਈ ਧਰਤੀ ਉਤੇ ਪਏ ਕਰਾਹ ਰਹੇ ਹਨ। (ਰਣ-ਭੂਮੀ) ਵਿਚ ਧੜ ('ਕਬੰਧ') ਦੌੜਦੇ ਫਿਰਦੇ ਹਨ ਜਿਨ੍ਹਾਂ ਨੂੰ ਵੇਖਕੇ ਡਰਪੋਕ ਡਰ ਰਹੇ ਹਨ। ਜਦੋਂ ਮਹਿਖਾਸੁਰ ਨੇ ਇਸ ਪ੍ਰਕਾਰ ਦਾ ਯੁੱਧ ਕੀਤਾ ਤਦੋਂ ਗਿਦੜ (ਜੰਬੁਕ) ਅਤੇ ਗਿਰਝਾਂ (ਅਧਿਕ ਖਾਧ-ਪਦਾਰਥ ਮਿਲਣ ਕਾਰਨ) ਖੁਸ਼ ਹੋ ਗਈਆਂ। ਸੂਰਮੇ ਲਹੂ ਦੇ ਹੜ੍ਹ ਵਿਚ (ਪਏ ਇੰਜ ਪ੍ਰਤੀਤ ਹੁੰਦੇ ਹਨ) ਮਾਨੋ ਸ਼ਰਾਬ ਪੀ ਕੇ ਮਤਵਾਲੇ ਪੈਰ ਪਸਾਰ ਕੇ ਸੁੱਤੇ ਪਏ ਹੋਣ।੧੭।

ਜੁਧੁ ਕੀਓ ਮਹਖਾਸੁਰ ਦਾਨਵ ਦੇਖਤ ਭਾਨੁ ਚਲੇ ਨਹੀ ਪੰਥਾ।
ਸ੍ਰੋਨ ਸਮੂਹ ਚਲਿਓ ਲਖਿ ਕੈ ਚਤੁਰਾਨਨ ਭੂਲਿ ਗਏ ਸਭ ਗ੍ਰੰਥਾ।
ਮਾਸ ਨਿਹਾਰ ਕੈ ਗ੍ਰਿਝ ਰੜੈ ਚਟਸਾਰ ਪੜੈ ਜਿਮੁ ਬਾਰਕ ਸੰਥਾ।
ਸਾਰਸੁਤੀ ਤਟਿ ਲੈ ਭਟ ਲੋਥ ਸ੍ਰਿੰਗਾਲ ਕਿ ਸਿਧ ਬਨਾਵ ਕੰਥਾ। ੧੮।

ਦੋਹਰਾ

ਅਗਨਤ ਮਾਰੇ ਗਨੈ ਕੋ ਭਜੈ ਜੁ ਸੁਰ ਕਰਿ ਤ੍ਰਾਸ।
ਧਾਰਿ ਧਿਆਨ ਮਨ ਸਿਵਾ ਕੋ ਤਕੀ ਪੁਰੀ ਕੈਲਾਸ। ੧੯।
ਦੇਵਨ ਕੋ ਧਨੁ ਧਾਮ ਸਭ ਦੈਤਨ ਲੀਓ ਛਿਨਾਇ।
ਦਏ ਕਾਢਿ ਸੁਰ ਧਾਮ ਤੇ ਬਸੇ ਸਿਵ ਪੁਰੀ ਜਾਇ। ੨੦।
ਕਿਤਕਿ ਦਿਵਸ ਬੀਤੇ ਤਹਾ ਨ੍ਹਾਵਨ ਨਿਕਸੀ ਦੇਵਿ।
ਬਿਧਿ ਪੂਰਬ ਸਭ ਦੇਵਤਨ ਕਰੀ ਦੇਵਿ ਕੀ ਸੇਵ। ੨੧।

ਰੇਖਤਾ

ਕਰੀ ਹੈ ਹਕੀਕਤਿ ਮਾਲੂਮ ਖੁਦ ਦੇਵੀ ਸੇਤੀ ਲੀਆ ਮਹਖਾਸੁਰ ਹਮਾਰਾ ਛੀਨ ਧਾਮ ਹੈ।
ਕੀਜੈ ਸੋਈ ਬਾਤ ਮਾਤ ਤੁਮ ਕਉ ਸੁਹਾਤ ਸਭ ਸੇਵਕਿ ਕਦੀਮ ਤਕਿ ਆਏ ਤੇਰੀ ਸਾਮ ਹੈ।
ਦੀਜੈ ਬਾਜਿ ਦੇਸ ਹਮੈ ਮੇਟੀਐ ਕਲੇਸ ਲੇਸ ਕੀਜੀਏ ਅਭੇਸ ਉਨੈ ਬਡੋ ਯਹ ਕਾਮ ਹੈ।
ਕੂਕਰ ਕੋ ਮਾਰਤ ਨ ਕੋਊ ਨਾਮ ਲੈ ਕੇ ਤਾਹਿ ਮਾਰਤ ਹੈ ਤਾਕੋ ਲੈ ਕੇ ਖਾਵੰਦ ਕੋ ਨਾਮ ਹੈ। ੨੨।

ਦੋਹਰਾ

ਸੁਨਤ ਬਚਨ ਏ ਚੰਡਿਕਾ ਮਨ ਮੈ ਉਠੀ ਰਿਸਾਇ।
ਸਭ ਦੈਤਨ ਕੋ ਛੈ ਕਰਉ ਬਸਉ ਸਿਵਪੁਰੀ ਜਾਇ। ੨੩।
ਦੈਤਨ ਕੇ ਬਧ ਕੋ ਜਬੈ ਚੰਡੀ ਕੀਓ ਪ੍ਰਕਾਸ।
ਸਿੰਘ ਸੰਖ ਅਉ ਅਸਤ੍ਰ ਸਭ ਸਸਤ੍ਰ ਆਇਗੇ ਪਾਸਿ। ੨੪।
ਦੈਤ ਸੰਘਾਰਨ ਕੇ ਨਮਿਤ ਕਾਲ ਜਨਮੁ ਇਹ ਲੀਨ।
ਸਿੰਘ ਚੰਡਿ ਬਾਹਨ ਭਇਓ ਸਤ੍ਰੁਨ ਕਉ ਦੁਖੁ ਦੀਨ। ੨੫।

ਸ੍ਵੈਯਾ

ਦਾਰੁਨ ਦੀਰਘੁ ਦਿਗਜ ਸੇ ਬਲਿ ਸਿੰਘਹਿ ਕੇ ਬਲ ਸਿੰਘ ਧਰੇ ਹੈ।
ਰੋਮ ਮਨੋ ਸਰ ਕਾਲਹਿ ਕੇ ਜਨ ਪਾਹਨ ਪੀਤ ਪੈ ਬ੍ਰਿਛ ਹਰੇ ਹੈ।
ਮੇਰ ਕੇ ਮਧਿ ਮਨੋ ਜਮਨਾ ਲਰਿ ਕੇਤਕੀ ਪੁੰਜ ਪੈ ਭ੍ਰਿੰਗ ਢਰੇ ਹੈ।
ਮਾਨੋ ਮਹਾ ਪ੍ਰਿਥ ਲੈਕੇ ਕਮਾਨ ਸੁ ਭੂਧਰ ਭੂਮ ਤੇ ਨਿਆਰੇ[1] ਕਰੇ ਹੈ। ੨੬।

---
੧. 'ਨਿਆਇ'

ਮਹਿਖਾਸੁਰ ਦੈਂਤ ਦੇ ਕੀਤੇ ਯੁੱਧ ਨੂੰ ਵੇਖ ਕੇ ਸੂਰਜ ਵੀ ਆਪਣਾ ਰਸਤਾ ਭੁਲ ਗਿਆ। ਲਹੂ ਦੇ ਪ੍ਰਵਾਹ ਨੂੰ ਚਲਦਾ ਵੇਖ ਕੇ ਬ੍ਰਹਮਾ ਸਾਰੇ ਵੇਦ ('ਗ੍ਰੰਥ') ਭੁਲ ਗਿਆ। ਮਾਸ ਨੂੰ ਵੇਖਕੇ ਗਿਰਝਾਂ (ਇਸ ਤਰ੍ਹਾਂ) ਬੋਲਦੀਆਂ ਹਨ ਜਿਵੇਂ ਬਾਲਕ ਪਾਠਸ਼ਾਲਾ ਵਿਚ ਪੜ੍ਹ ਰਹੇ ਹਨ। ਗਿਦੜ ਸੂਰਮਿਆਂ ਦੀਆਂ ਲੋਥਾਂ ਇੰਜ ਲੈ ਜਾ ਰਹੇ ਹਨ ਜਿਵੇਂ ਸਰਸਵਤੀ ਦੇ ਕੰਢੇ ਸਿੱਧ ਕੰਥਾ ਬਣਾਉਣ ਲਈ (ਬ੍ਰਿਛਾਂ ਦੀਆਂ ਛਿਲਾਂ ਲੈ ਜਾ ਰਹੇ ਹਨ)।੧੮।

ਦੋਹਰਾ

ਅਣਗਿਣਤ (ਦੇਵਤੇ) ਮਾਰੇ ਗਏ, (ਉਨ੍ਹਾਂ ਨੂੰ) ਕੌਣ ਗਿਣੇ? ਜਿਹੜੇ ਦੇਵਤੇ ਡਰ ਕੇ ਭਜੇ ਸਨ (ਉਨ੍ਹਾਂ ਨੇ) ਮਨ ਵਿਚ ਦੁਰਗਾ ('ਸਿਵਾ') ਦਾ ਧਿਆਨ ਧਰ ਕੇ ਕੈਲਾਸ਼-ਪੁਰੀ ਜਾ ਤਕੀ।੧੯। ਦੇਵਤਿਆਂ ਦੇ ਸਾਰੇ ਧਨ ਅਤੇ ਧਾਮ ਨੂੰ ਦੈਂਤਾਂ ਨੇ ਖੋਹ ਲਿਆ। (ਉਨ੍ਹਾਂ ਨੂੰ) ਸੁਅਰਗ ਵਿਚੋਂ ਕਢ ਦਿੱਤਾ ਅਤੇ ਉਹ ਕੈਲਾਸ਼ ('ਸਿਵਪੁਰੀ') ਵਿਚ ਰਹਿਣ ਲਗੇ।੨੦। (ਦੈਂਤਾਂ ਦੁਆਰਾ ਭਜਾਏ ਹੋਏ) ਦੇਵਤਿਆਂ ਨੂੰ (ਸ਼ਿਵ ਪੁਰੀ ਵਿਚ ਟਿਕਿਆਂ) ਜਦੋਂ ਕੁਝ ਦਿਨ ਬੀਤ ਗਏ, (ਤਦੋਂ ਇਕ ਦਿਨ) ਇਸ਼ਨਾਨ ਕਰਨ ਲਈ ਦੇਵੀ (ਨਦੀ ਉਪਰ) ਆ ਨਿਕਲੀ। ਸਭ ਦੇਵਤਿਆਂ ਨੇ ਮਿਲ ਕੇ ਵਿਧੀ ਪੂਰਵਕ ਦੇਵੀ ਦੀ ਸੇਵਾ ਕੀਤੀ।੨੧।

ਰੇਖਤਾ

(ਦੇਵਤਿਆਂ ਨੇ) ਖੁਦ ਦੇਵੀ ਨੂੰ ਸਾਰੀ ਅਸਲੀਅਤ ਦਸੀ ਕਿ ਮਹਿਖਾਸੁਰ ਨੇ ਸਾਡਾ ਘਰ ਖੋਹ ਲਿਆ ਹੈ। ਹੇ ਮਾਤਾ! ਓਹੀ ਗੱਲ ਕਰੋ ਜੋ ਤੁਹਾਨੂੰ ਚੰਗੀ ਲਗਦੀ ਹੈ। (ਅਸੀਂ) ਸਾਰੇ (ਤੁਹਾਡੇ) ਮੁੱਢ ਕਦੀਮ ਦੇ ਸੇਵਕ ਤੁਹਾਡੀ ਸ਼ਰਨ ਤਕ ਕੇ ਆਏ ਹਾਂ। ਸਾਨੂੰ (ਸਾਡਾ) ਦੇਸ਼ ਅਤੇ ਘਰ-ਬਾਰ ਵਾਪਸ ਕਰਾ ਦਿਉ ਅਤੇ ਕਲੇਸ਼ ਮਿਟਾ ਦਿਉ ਅਤੇ ਉਨ੍ਹਾਂ (ਦੈਂਤਾਂ ਨੂੰ) ਬੇਹਾਲ (ਅਭੇਸ) ਕਰ ਦਿਉ, ਇਹੀ (ਸਾਡਾ) ਬਹੁਤ ਵੱਡਾ ਕੰਮ ਹੈ। ਕੁੱਤੇ ਨੂੰ ਮਾਰਦਿਆਂ ਕੋਈ ਉਸ ਦਾ ਨਾਂ ਨਹੀਂ ਲੈਂਦਾ ਸਗੋਂ ਉਸ ਨੂੰ ਮਾਰਦਿਆਂ (ਉਸ ਦੇ) ਮਾਲਕ ਦਾ ਨਾਂ ਲਿਆ ਜਾਂਦਾ ਹੈ।੨੨।

ਦੋਹਰਾ

ਇਹ ਬਚਨ ਸੁਣ ਕੇ ਚੰਡੀ ਮਨ ਵਿਚ ਕ੍ਰੋਧਿਤ ਹੋ ਉਠੀ (ਅਤੇ ਕਹਿਣ ਲਗੀ) ਸਾਰਿਆਂ ਦੈਂਤਾਂ ਨੂੰ ਨਾਸ਼ ਕਰਕੇ ਹੀ ਸ਼ਿਵ-ਪੁਰੀ ਵਿਚ ਵਸਾਂਗੀ।੨੩। ਦੈਂਤਾਂ ਨੂੰ ਮਾਰਨ ਦੀ ਜਦੋਂ ਚੰਡੀ ਨੇ (ਪ੍ਰਤਿਗਿਆ) ਪ੍ਰਗਟ ਕੀਤੀ (ਤਦੋਂ) ਸਿੰਘ, ਸੰਖ ਅਤੇ ਹੋਰ ਸਾਰੇ ਅਸਤ੍ਰ ਅਤੇ ਸ਼ਸਤ੍ਰ (ਉਸ) ਕੋਲ ਆ ਗਏ।੨੪। ਦੈਂਤਾਂ ਨੂੰ ਨਸ਼ਟ ਕਰਨ ਲਈ ਕਾਲ ਹੀ ਨੇ ਇਹ ਜਨਮ ਲਿਆ ਹੋਵੇ। ਵੈਰੀਆਂ ਨੂੰ ਦੁਖ ਦੇਣ ਲਈ ਸਿੰਘ ਚੰਡੀ ਦਾ ਵਾਹਨ ਬਣਿਆ।੨੫।

ਸ੍ਵੈਯਾ

(ਦੇਵੀ ਦਾ ਵਾਹਨ) ਸ਼ੇਰ ਦਿਗਜ (ਦਿਸ਼ਾਵਾਂ ਦੇ ਹਾਥੀ) ਜਿੰਨਾ ਭਿਆਨਕ ਅਤੇ ਵਡੇ ਆਕਾਰ ਵਾਲਾ ਹੈ ਅਤੇ ਬੱਬਰ ਸ਼ੇਰ ਜਿਤਨਾ ਉਸ ਵਿਚ ਬਲ ਹੈ। (ਉਸ ਦੇ) ਵਾਲ ਮਾਨੋ ਕਾਲ ਦੇ ਤੀਰ ਹੋਣ ਅਥਵਾ ਪੀਲੇ ਪਹਾੜ ਉਤੇ ਬ੍ਰਿਛ ਖੜੋਤੇ ਹੋਣ। (ਪਿਠ ਉਤੇ ਕਾਲੇ ਵਾਲਾਂ ਦੀ ਲਕੀਰ ਇੰਜ ਪ੍ਰਤੀਤ ਹੁੰਦੀ ਹੈ) ਮਾਨੋ ਸੁਮੇਰ ਪਰਬਤ ਵਿਚੋਂ ਯਮਨਾ ਦੀ ਧਾਰ (ਨਿਕਲਦੀ ਹੋਵੇ) ਅਤੇ (ਸ਼ਰੀਰ ਉੱਤੇ ਕਾਲੇ ਦਾਗ) ਮਾਨੋ ਪੀਲੀ ਚਮੇਲੀ ਦੇ ਫੁੱਲਾਂ ਦੇ ਗੁਛਿਆਂ ਉਤੇ ਭੌਰੇ ਲਿਪਟੇ ਹੋਏ ਹੋਣ। (ਸ਼ੇਰ ਦੇ ਸੁਡੌਲ ਅੰਗ ਇੰਜ ਪ੍ਰਤੀਤ ਹੁੰਦੇ ਹਨ) ਮਾਨੋ ਮਹਾਰਾਜ ਪ੍ਰਿਥੂ ਨੇ ਕਮਾਨ ਲੈ ਕੇ ਧਰਤੀ ਉਤੇ ਪਰਬਤ ਵਖਰੇ ਕਰ ਕੇ ਰਖੇ ਹੋਣ।੨੬।

ਦੋਹਰਾ

ਘੰਟਾ ਗਦਾ ਤ੍ਰਿਸੂਲ ਅਸਿ ਸੰਖ ਸਰਾਸਨ ਬਾਨ।
ਚਕ੍ਰ ਬਕ੍ਰ ਕਰ ਮੈ ਲੀਏ ਜਨੁ ਗ੍ਰੀਖਮ ਰਿਤੁ ਭਾਨੁ। ੨੭।
ਚੰਡ ਕੋਪ ਕਰਿ ਚੰਡਿਕਾ ਏ ਆਯੁਧ ਕਰਿ ਲੀਨ।
ਨਿਕਟਿ ਬਿਕਟਿ ਪੁਰ ਦੈਤ ਕੇ ਘੰਟਾ ਕੀ ਧੁਨਿ ਕੀਨ। ੨੮।

ਸੁਨਿ ਘੰਟਾ ਕੇਹਰਿ ਸਬਦਿ ਅਸੁਰਨ ਅਸਿ ਰਨ ਲੀਨ।
ਚੜੇ ਕੋਪ ਕੈ ਜੂਥ ਹੁਇ ਜਤਨ ਜੁਧ ਕੋ ਕੀਨ। ੨੯।
ਪੈਤਾਲੀਸ ਪਦਮ ਅਸੁਰ ਸਜ੍ਯੋ ਕਟਕ ਚਤੁਰੰਗਿ।
ਕਛੁ ਬਾਏ ਕਛੁ ਦਾਹਨੈ ਕਛੁ ਭਟ ਨ੍ਰਿਪ ਕੇ ਸੰਗਿ। ੩੦।
ਭਏ ਇਕਠੇ ਦਲ ਪਦਮ ਦਸ ਪੰਦ੍ਰਹ ਅਰੁ ਬੀਸ।
ਪੰਦ੍ਰਹ ਕੀਨੇ ਦਾਹਨੇ ਦਸ ਬਾਏ ਸੰਗਿ ਬੀਸ। ੩੧।

ਸ੍ਵੈਯਾ

ਦਉਰ ਸਬੈ ਇਕ ਬਾਰ ਹੀ ਦੈਤ ਸੁ ਆਏ ਹੈ ਚੰਡ ਕੇ ਸਾਮੁਹੇ ਕਾਰੇ।
ਲੈ ਕਰਿ ਬਾਨ ਕਮਾਨਨ ਤਾਨਿ ਘਨੇ ਅਰੁ ਕੋਪ ਸੋ ਸਿੰਘ ਪ੍ਰਹਾਰੇ।
ਚੰਡ ਸੰਭਾਰਿ ਤਬੈ ਕਰਵਾਰ ਹਕਾਰ ਕੈ ਸਤ੍ਰੁ ਸਮੂਹ ਨਿਵਾਰੇ।
ਖਾਂਡਵ ਜਾਰਨ ਕੋ ਅਗਨੀ ਤਿਹ ਪਾਰਥ ਨੈ ਜਨੁ ਮੇਘ ਬਿਡਾਰੇ। ੩੨।

ਦੋਹਰਾ

ਦੈਤ ਕੋਪ ਇਕ ਸਾਮੁਹੇ ਗਇਓ ਤੁਰੰਗਮ ਡਾਰਿ।
ਸਨਮੁਖ ਦੇਵੀ ਕੇ ਭਇਓ ਸਲਭ ਦੀਪ ਅਨੁਹਾਰ। ੩੩।

ਸ੍ਵੈਯਾ

ਬੀਰ ਬਲੀ ਸਿਰਦਾਰ ਦੈਈਤ ਸੁ ਕ੍ਰੋਧ ਕੈ ਮਿਯਾਨ ਤੇ ਖਗੁ ਨਿਕਾਰਿਓ।
ਏਕ ਦਇਓ ਤਨਿ ਚੰਡ ਪ੍ਰਚੰਡ ਕੈ ਦੂਸਰ ਕੇਹਰਿ ਕੇ ਸਿਰ ਝਾਰਿਓ।
ਚੰਡ ਸੰਭਾਰਿ ਤਬੈ ਬਲੁ ਧਾਰਿ ਲਇਓ ਗਹਿ ਨਾਰਿ ਧਰਾ ਪਰ ਮਾਰਿਓ।
ਜਿਉ ਧੁਬੀਆ ਸਰਤਾ ਤਟਿ ਜਾਇ ਕੇ ਲੈ ਪਟ ਕੋ ਪਟ ਸਾਥ ਪਛਾਰਿਓ। ੩੪।

ਦੋਹਰਾ

ਦੇਵੀ ਮਾਰਿਓ ਦੈਤ ਇਉ ਲਰਿਓ ਜੁ ਸਨਮੁਖ ਆਇ।
ਪੁਨਿ ਸਤ੍ਰੁਨਿ ਕੀ ਸੈਨ ਮੈ ਧਸੀ ਸੁ ਸੰਖ ਬਜਾਇ। ੩੫।

ਸ੍ਵੈਯਾ

ਲੈਕਰਿ ਚੰਡਿ ਕੁਵੰਡ ਪ੍ਰਚੰਡ ਮਹਾ ਬਰਬੰਡ ਤਬੈ ਇਹ ਕੀਨੋ।
ਏਕ ਹੀ ਬਾਰ ਨਿਹਾਰਿ ਹਕਾਰਿ ਸੁਧਾਰਿ ਬਿਦਾਰ ਸਭੈ ਦਲ ਦੀਨੋ।
ਦੈਤ ਘਨੇ ਰਨ ਮਾਹਿ ਹਨੇ ਲਖਿ ਸ੍ਰੋਨ ਸਨੇ ਕਵਿ ਇਉ ਮਨੁ ਚੀਨੋ।
ਜਿਉ ਖਗਰਾਜ ਬਡੋ ਅਹਿਰਾਜ ਸਮਾਜ ਕੇ ਕਾਟਿ ਕਤਾ ਕਰਿ ਲੀਨੋ। ੩੬।

ਦੋਹਰਾ

(ਚੰਡੀ ਨੇ) ਘੰਟਾ, ਗਦਾ, ਤ੍ਰਿਸ਼ੂਲ, ਤਲਵਾਰ, ਸੰਖ, ਕਮਾਨ, ਬਾਣ ਅਤੇ ਭਿਆਨਕ ਚੱਕਰ (ਆਦਿ ਸ਼ਸਤ੍ਰ ਅਤੇ ਅਸਤ੍ਰ) ਆਪਣੇ ਹੱਥਾਂ ਵਿਚ ਫੜ ਲਏ ਹਨ ਅਤੇ (ਉਸ ਦਾ ਸਰੂਪ ਇਤਨਾ ਪ੍ਰਚੰਡ ਪ੍ਰਤੀਤ ਹੋਣ ਲਗਿਆ ਹੈ) ਮਾਨੋ ਗਰਮੀ ਦੀ ਰੁਤ ਦਾ ਸੂਰਜ ਹੋਵੇ।੨੭। ਪ੍ਰਚੰਡ ਕ੍ਰੋਧ ਕਰਕੇ ਚੰਡੀ ਨੇ ਇਨ੍ਹਾਂ ਹਥਿਆਰਾਂ ਨੂੰ ਆਪਣੇ ਹੱਥ ਵਿਚ ਲਿਆ ਅਤੇ ਭਿਆਨਕ ਦੈਂਤ ਦੇ ਨਗਰ ਦੇ ਨੇੜੇ ਜਾ ਕੇ ਘੰਟੇ ਦੀ ਆਵਾਜ਼ ਕੀਤੀ।੨੮।

ਘੰਟੇ ਅਤੇ ਸ਼ੇਰ ਦੇ (ਦਹਾੜਨ ਦੇ) ਸ਼ਬਦ ਸੁਣ ਕੇ ਦੈਂਤਾਂ ਨੇ ਰਣ ਵਿਚ ਤਲਵਾਰਾਂ ਖਿਚ ਲਈਆਂ। ਕ੍ਰੋਧਵਾਨ ਹੋ ਕੇ (ਸਾਰੇ ਦੈਂਤ) ਇਕੱਠੇ ਹੋ ਗਏ ਅਤੇ ਯੁੱਧ ਦੀ ਵਿਵਸਥਾ ਕੀਤੀ।੨੯। ਮਹਿਖਾਸੁਰ ਨੇ ਦੈਂਤਾਂ ਦੀ ੪੫ ਪਦਮ ਚਤੁਰੰਗਣੀ ਸੈਨਾ ਇਕੱਠੀ ਕੀਤੀ। ਕੁਝ ਖਬੇ, ਕੁਝ ਸਜੇ ਅਤੇ ਕੁਝ ਮਹਿਖਾਸੁਰ (ਯੋਧਿਆਂ ਦੇ ਰਾਜੇ) ਦੇ ਨਾਲ (ਚੜ੍ਹੇ ਹਨ)।੩੦। ਇਹ ਤਿੰਨੋਂ ਦਲ ਦਸ, ਪੰਦ੍ਰਹ ਅਤੇ ਵੀਹ ਪਦਮਾਂ ਦੇ ਹਨ (ਜਿਨ੍ਹਾਂ ਵਿਚੋਂ) ਪੰਦ੍ਰਹ ਸਜੇ ਵਲ, ਦਸ ਖਬੇ ਪਾਸੇ ਅਤੇ ਵੀਹ (ਦੈਂਤਾਂ ਦੇ ਰਾਜੇ ਨੇ ਆਪਣੇ ਨਾਲ ਰਖੇ)।੩੧।

ਸ੍ਵੈਯਾ

ਉਹ ਸਾਰੇ ਕਾਲੇ ਦੈਂਤ ਇਕੋ ਵਾਰ ਹੀ ਭਜ ਕੇ ਚੰਡੀ ਦੇ ਸਾਹਮਣੇ ਆ ਗਏ। ਬਹੁਤਿਆਂ ਨੇ ਹੱਥ ਵਿਚ ਕਮਾਨਾਂ ਅਤੇ ਤੀਰ ਕਸ ਕੇ ਕ੍ਰੋਧ ਨਾਲ ਸ਼ੇਰ ਨੂੰ ਮਾਰੇ। ਚੰਡੀ ਨੇ ਤਦੋਂ ਤਲਵਾਰ ਲੈ ਕੇ ਅਤੇ ਲਲਕਾਰਾ ਮਾਰ ਕੇ ਸਾਰਿਆਂ ਵੈਰੀਆਂ ਨੂੰ ਦੂਰ ਕਰ ਦਿੱਤਾ ਮਾਨੋ ਖਾਂਡਵ ਬਨ ਦੀ ਅਗਨੀ (ਨੂੰ ਬੁਝਾਉਣ ਲਈ ਆਏ) ਬਦਲਾਂ ਨੂੰ ਅਰਜਨ (ਪਾਰਥ) ਨੇ ਖਿੰਡਾ ਦਿੱਤਾ ਹੋਵੇ।੩੨।

ਦੋਹਰਾ

ਇਕ ਦੈਂਤ ਕ੍ਰੋਧਵਾਨ ਹੋ ਕੇ ਘੋੜਾ ਦੌੜਾਉਂਦਿਆਂ (ਦੇਵੀ ਦੇ) ਸਾਹਮਣੇ ਗਿਆ ਜਿਵੇਂ ਦੀਪਕ ਦੇ ਸਾਹਮਣੇ ਪਤੰਗਾ ਜਾਂਦਾ ਹੈ।੩੩।

ਸ੍ਵੈਯਾ

ਦੈਂਤਾਂ ਦੇ ਬਲਵਾਨ ਸਰਦਾਰ ਸੂਰਵੀਰ ਨੇ ਕ੍ਰੋਧਿਤ ਹੋ ਕੇ ਮਿਆਨ ਵਿਚੋਂ ਤਲਵਾਰ ਕੱਢੀ। (ਉਸ ਨੇ) ਇਕ ਵਾਰ ਪ੍ਰਚੰਡ ਚੰਡੀ ਦੇ ਸ਼ਰੀਰ ਉਤੇ ਕੀਤਾ ਅਤੇ ਦੂਜਾ ਸ਼ੇਰ ਦੇ ਸਿਰ ਉਤੇ। ਚੰਡੀ ਨੇ ਸੰਭਲ ਕੇ ਅਤੇ ਬਲ ਧਾਰ ਕੇ (ਦੈਂਤ ਨੂੰ) ਧੌਣੋਂ ਪਕੜ ਕੇ ਧਰਤੀ ਉਤੇ ਪਟਕਾ ਮਾਰਿਆ, ਜਿਵੇਂ ਧੋਬੀ ਨਦੀ ਦੇ ਕੰਢੇ ਜਾ ਕੇ ਬਸਤ੍ਰ ਨੂੰ ਲੈ ਕੇ ਪਟੜੇ ਨਾਲ ਪਛਾੜਦਾ ਹੈ।੩੪।

ਦੋਹਰਾ

ਜੋ ਦੈਂਤ ਦੇਵੀ ਦੇ ਸਨਮੁਖ ਆ ਕੇ ਲੜਿਆ ਸੀ (ਉਸ ਨੂੰ) ਦੇਵੀ ਨੇ ਇਸ ਤਰ੍ਹਾਂ ਮਾਰ ਦਿੱਤਾ ਅਤੇ ਫਿਰ ਸੰਖ ਵਜਾ ਕੇ ਵੈਰੀਆਂ ਦੀ ਸੈਨਾ ਵਿਚ ਜਾ ਵੜੀ।੩੫।

ਸ੍ਵੈਯਾ

ਤਦ ਚੰਡੀ ਨੇ ਹੱਥ ਵਿਚ ਪ੍ਰਚੰਡ ਅਤੇ ਪ੍ਰਬਲ ਕਮਾਨ (ਕੁਵੰਡ) ਲੈ ਕੇ ਇਹ ਕੀਤਾ ਕਿ ਇਕੋ ਹੀ ਵਾਰ ਵੇਖ ਕੇ ਅਤੇ ਲਲਕਾਰਾ ਮਾਰ ਕੇ (ਵੈਰੀ ਦੇ) ਸਾਰੇ ਦਲ ਨੂੰ ਖਧੇੜ ਦਿੱਤਾ। ਬਹੁਤੇ ਦੈਂਤ ਰਣ-ਭੂਮੀ ਵਿਚ ਹੀ ਮਾਰ ਦਿੱਤੇ, ਜਿਨ੍ਹਾਂ ਨੂੰ ਲਹੂ ਵਿਚ ਲਿਬੜੇ ਵੇਖ ਕੇ ਕਵੀ ਨੇ ਮਨ ਵਿਚ ਇਉਂ ਵਿਚਾਰਿਆ ਜਿਵੇਂ ਗਰੁੜ (ਖਗ ਰਾਜ) ਨੇ ਸੱਪਾਂ ਦੇ ਸਮੂਹ (ਸਮਾਜ) ਨੂੰ ਕਟ ਕੇ ਟੋਟੇ ਟੋਟੇ ਕਰ ਦਿੱਤਾ ਹੈ।੩੬।

ਦੋਹਰਾ

ਦੇਵੀ ਮਾਰੇ ਦੈਤ ਬਹੁ ਪ੍ਰਬਲ ਨਿਬਲ ਸੇ ਕੀਨ।
ਸਸਤ੍ਰ ਧਾਰਿ ਕਰਿ ਕਰਨ ਮੈ ਚਮੂੰ ਚਾਲ ਕਰਿ ਦੀਨ। ੩੭।
ਭਜੀ ਚਮੂੰ ਮਹਖਾਸੁਰੀ ਤਕੀ ਸਰਨਿ ਨਿਜ ਈਸ।
ਧਾਇ ਜਾਇ ਤਿਨ ਇਉ ਕਹਿਓ ਹਨਿਓ ਪਦਮ ਭਟ ਬੀਸ। ੩੮।
ਸੁਨਿ ਮਹਖਾਸੁਰ ਮੂੜ ਮਤਿ ਮਨ ਮੈ ਉਠਿਓ ਰਿਸਾਇ।
ਆਗਿਆ ਦੀਨੀ ਸੈਨ ਕੋ ਘੇਰੋ ਦੇਵੀ ਜਾਇ। ੩੯।

ਸ੍ਵੈਯਾ

ਬਾਤ ਸੁਨੀ ਪ੍ਰਭ ਕੀ ਸਭ ਸੈਨਹਿ ਸੂਰ ਮਿਲੇ ਇਕੁ ਮੰਤ੍ਰ ਕਰਿਓ ਹੈ।
ਜਾਇ ਪਰੇ ਚਹੂੰ ਓਰ ਤੇ ਧਾਇਕੈ ਠਾਟ ਇਹੈ ਮਨ ਮਧਿ ਕਰਿਓ ਹੈ।
ਮਾਰ ਹੀ ਮਾਰ ਪੁਕਾਰ ਪਰੇ ਅਸਿ ਲੈ ਕਰਿ ਮੈ ਦਲੁ ਇਉ ਬਿਹਰਿਓ ਹੈ।
ਘੇਰਿ ਲਈ ਚਹੂੰ ਓਰ ਤੇ ਚੰਡਿ ਸੁ ਚੰਦ ਮਨੋ ਪਰਵੇਖ ਪਰਿਓ ਹੈ। ੪੦।

ਦੇਖਿ ਚਮੂੰ ਮਹਖਾਸੁਰ ਕੀ ਕਰਿ ਚੰਡ ਕੁਵੰਡ ਪ੍ਰਚੰਡ ਧਰਿਓ ਹੈ।
ਦਛਨ ਬਾਮ ਚਲਾਇ ਘਨੇ ਸਰ ਕੋਪ ਭਯਾਨਕ ਜੁਧੁ ਕਰਿਓ ਹੈ।
ਭੰਜਨ ਭੇ ਅਰਿ ਕੇ ਤਨ ਤੇ ਛੁਟ ਸ੍ਰੋਨ ਸਮੂਹ ਧਰਾਨਿ ਪਰਿਓ ਹੈ।
ਆਠਵੋ ਸਿੰਧੁ ਪਚਾਯੋ ਹੁਤੋ ਮਨੋ ਯਾ ਰਨ ਮੈ ਬਿਧਿ ਨੇ ਉਗਰਿਓ ਹੈ।੪੧।

ਦੋਹਰਾ

ਕੋਪ ਭਈ ਅਰਿ ਦਲ ਬਿਖੈ ਚੰਡੀ ਚਕ੍ਰ ਸੰਭਾਰਿ।
ਏਕ ਮਾਰਿ ਕੈ ਦ੍ਵੈ ਕੀਏ ਦ੍ਵੈ ਤੇ ਕੀਨੇ ਚਾਰ। ੪੨।

ਸ੍ਵੈਯਾ

ਇਹ ਭਾਤਿ ਕੋ ਜੁਧੁ ਕਰਿਓ ਸੁਨਿ ਕੈ ਕਵਲਾਸ ਮੈ ਧਿਆਨ ਛੁਟਿਓ ਹਰਿਕਾ।
ਪੁਨਿ ਚੰਡ ਸੰਭਾਰ ਉਭਾਰ ਗਦਾ ਧੁਨਿ ਸੰਖ ਬਜਾਇ ਕਰਿਓ ਖਰਕਾ।
ਸਿਰ ਸਤ੍ਰੁਨਿ ਕੇ ਪਰ ਚਕ੍ਰ ਪਰਿਓ ਛੁਟਿ ਐਸੇ ਬਹਿਓ ਕਰਿ ਕੇ ਬਰਕਾ।
ਜਨੁ ਖੇਲ ਕੋ ਸਰਤਾ ਤਟਿ ਜਾਇ ਚਲਾਵਤ ਹੈ ਛਿਛਲੀ ਲਰਕਾ। ੪੩।

ਦੋਹਰਾ

ਦੇਖ ਚਮੂੰ ਮਹਿਖਾਸੁਰੀ ਦੇਵੀ ਬਲਹਿ ਸੰਭਾਰਿ।
ਕਛੁ ਸਿੰਘਹਿ ਕਛੁ ਚਕ੍ਰ ਸੋ ਡਾਰੇ ਸਭੈ ਸੰਘਾਰਿ। ੪੪।
ਇਕ ਭਾਜੈ ਨ੍ਰਿਪ ਪੈ ਗਏ ਕਹਿਓ ਹਤੀ ਸਭ ਸੈਨ।
ਇਉ ਸੁਨਿ ਕੈ ਕੋਪਿਓ ਅਸੁਰ ਚੜਿ ਆਇਓ ਰਨ ਐਨ। ੪੫।

ਦੋਹਰਾ

ਦੇਵੀ ਨੇ ਬਹੁਤ ਸਾਰੇ ਦੈਂਤ ਮਾਰ ਦਿੱਤੇ ਅਤੇ ਪ੍ਰਬਲ (ਦੈਂਤਾਂ) ਨੂੰ ਨਿਰਬਲ ਕਰ ਦਿੱਤਾ ਤੇ ਹੱਥਾਂ ਵਿਚ ਸ਼ਸਤ੍ਰ ਧਾਰ ਕੇ ਸੈਨਾ ਵਿਚ ਭਾਜੜ ਪਾ ਦਿੱਤੀ।੩੭। ਮਹਿਖਾਸੁਰ ਦੀ ਫੌਜ ਭਜ ਗਈ ਅਤੇ (ਆਪਣੇ) ਸੁਆਮੀ ਦੀ ਸ਼ਰਨ ਜਾ ਤਕੀ। ਭਜ ਕੇ ਗਇਆਂ ਨੇ ਇੰਜ ਕਿਹਾ ਕਿ (ਦੇਵੀ ਨੇ ਸਾਡੇ) ਵੀਹ ਪਦਮ ਸੂਰਮੇ ਮਾਰ ਦਿੱਤੇ ਹਨ।੩੮। (ਇਹ) ਸੁਣ ਕੇ ਮੂੜ੍ਹ ਮਤ ਵਾਲਾ ਮਹਿਖਾਸੁਰ ਮਨ ਵਿਚ ਕ੍ਰੋਧ ਕਰ ਕੇ ਉਠਿਆ। (ਉਸ ਨੇ) ਸੈਨਾ ਨੂੰ ਹੁਕਮ ਦਿੱਤਾ ਕਿ ਜਾ ਕੇ ਦੇਵੀ ਨੂੰ ਘੇਰ ਲਵੋ।੩੯।

ਸ੍ਵੈਯਾ

ਸਾਰੀ ਸੈਨਾ ਨੇ ਆਪਣੇ ਸੁਆਮੀ (ਮਹਿਖਾਸੁਰ) ਦੀ ਗੱਲ ਸੁਣੀ ਅਤੇ ਸਾਰੇ ਸੂਰਮਿਆਂ ਨੇ ਮਿਲ ਕੇ ਇਕ ਸਲਾਹ ਕੀਤੀ। (ਉਨ੍ਹਾਂ) ਮਨ ਵਿਚ ਇਹ ਦ੍ਰਿੜ੍ਹ ਨਿਰਣਾ ਕੀਤਾ ਕਿ ਚੌਹਾਂ ਪਾਸਿਆਂ ਤੋਂ ਧਾ ਕੇ (ਦੇਵੀ ਉਤੇ) ਜਾ ਪਈਏ। (ਬਸ ਫਿਰ) ਹੱਥ ਵਿਚ ਤਲਵਾਰਾਂ ਲੈ ਕੇ 'ਮਾਰ ਲੌ, ਮਾਰ ਲੌ' ਪੁਕਾਰਦੀ ਹੋਈ (ਦੈਂਤ) ਸੈਨਾ ਇਉਂ ਵਿਚਰਨ ਲਗੀ ਅਤੇ ਚੌਹਾਂ ਪਾਸਿਆਂ ਤੋਂ ਚੰਡੀ ਨੂੰ ਘੇਰ ਲਿਆ ਮਾਨੋ ਚੰਦ੍ਰਮਾ ਨੂੰ ਪਰਵਾਰ ਪਿਆ ਹੋਵੇ।੪੦।

ਮਹਿਖਾਸੁਰ ਦੀ ਸੈਨਾ ਨੂੰ ਵੇਖ ਕੇ ਚੰਡੀ ਨੇ ਹੱਥ ਵਿਚ ਮਜ਼ਬੂਤ ਧਨੁਸ਼ ਧਾਰਨ ਕਰ ਲਿਆ। (ਚੰਡੀ ਨੇ) ਸਜੇ ਅਤੇ ਖਬੇ ਹੱਥ ਨਾਲ ਬਹੁਤ ਤੀਰ ਚਲਾ ਕੇ ਕ੍ਰੋਧ ਨਾਲ ਭਿਆਨਕ ਯੁੱਧ ਕੀਤਾ। ਵੈਰੀਆਂ ਦੇ ਸ਼ਰੀਰਾਂ ਦੇ ਵਿੰਨ੍ਹੇ ਜਾਣ ਤੇ (ਉਨ੍ਹਾਂ ਵਿਚੋਂ ਨਿਕਲਿਆ) ਲਹੂ ਸਾਰੀ ਧਰਤੀ ਉਤੇ ਆਣ ਪਿਆ ਮਾਨੋ ਵਿਧਾਤਾ ਨੇ ਜੋ ਅੱਠਵਾਂ ਸਮੁੰਦਰ (ਆਪਣੇ ਅੰਦਰ) ਪਚਾਇਆ ਹੋਇਆ ਸੀ, ਉਹ ਇਸ ਯੁੱਧ ਵਿਚ ਉਗਲ ਦਿੱਤਾ ਹੋਵੇ।੪੧।

ਦੋਹਰਾ

ਵੈਰੀਆਂ ਦੇ ਦਲ ਵਿਚ ਕ੍ਰੋਧਿਤ ਹੋਈ ਚੰਡੀ ਨੇ ਚੱਕਰ ਨੂੰ ਧਾਰਨ ਕੀਤਾ ਅਤੇ ਇਕ ਤੋਂ ਦੋ ਅਤੇ ਦੋ ਤੋਂ ਚਾਰ (ਵੈਰੀਆਂ ਦੇ) ਟੋਟੇ ਕਰ ਦਿੱਤੇ।੪੨।

ਸ੍ਵੈਯਾ

ਇਸ ਪ੍ਰਕਾਰ ਦੇ ਕੀਤੇ ਯੁੱਧ (ਦੀ ਗੱਲ) ਸੁਣ ਕੇ ਕੈਲਾਸ਼ ਵਿਚ ਸ਼ਿਵ ਦਾ ਧਿਆਨ ਛੁਟ ਗਿਆ। ਫਿਰ ਚੰਡੀ ਨੇ ਗਦਾ ਸੰਭਾਲ ਕੇ ਉਭਾਰਿਆ ਅਤੇ ਸੰਖ ਦੀ ਧੁਨ ਵਜਾ ਕੇ ਗਰਜਨ ਕੀਤੀ। ਵੈਰੀਆਂ ਦੇ ਸਿਰ ਉਤੇ ਹੱਥ ਦੇ ਜ਼ੋਰ ਨਾਲ ਚਲਾਇਆ ਚੱਕਰ ਇਸ ਤਰ੍ਹਾਂ ਛੁਟ ਕੇ ਪਿਆ ਮਾਨੋ ਨਦੀ ਦੇ ਕੰਢੇ ਖੇਡਣ ਲਈ ਬਾਲਕ ਠੀਕਰੀ ਚਲਾਉਂਦਾ ਹੋਵੇ।੪੩।

ਦੋਹਰਾ

ਮਹਿਖਾਸੁਰ ਦੀ ਫੌਜ ਨੂੰ ਵੇਖ ਕੇ ਦੇਵੀ ਨੇ (ਆਪਣੇ) ਬਲ ਨੂੰ ਸੰਭਾਲਿਆ ਅਤੇ ਕੁਝ ਸ਼ੇਰ ਰਾਹੀਂ ਅਤੇ ਕੁਝ ਚੱਕਰ ਨਾਲ ਸਭ ਨੂੰ ਮਾਰ ਦਿੱਤਾ।੪੪। ਕੁਝ (ਸੈਨਿਕ) ਭਜ ਕੇ ਰਾਜੇ (ਮਹਿਖਾਸੁਰ) ਕੋਲ ਗਏ ਅਤੇ ਕਿਹਾ ਕਿ ਸਾਰੀ ਸੈਨਾ ਮਾਰੀ ਗਈ ਹੈ। ਇਹ ਸੁਣ ਕੇ ਦੈਂਤ ਕ੍ਰੋਧਵਾਨ ਹੋਇਆ ਅਤੇ ਰਣ-ਭੂਮੀ ਵਿਚ ਚੜ੍ਹ ਕੇ ਆ ਗਿਆ।੪੫।

ਸ੍ਵੈਯਾ

ਜੁਝ ਪਰੀ ਸਭ ਸੈਨ ਲਖੀ ਜਬ ਤੌ ਮਹਖਾਸੁਰ ਖਗ ਸੰਭਾਰਿਓ।
ਚੰਡਿ ਪ੍ਰਚੰਡ ਕੇ ਸਾਮੁਹਿ ਜਾਇ ਭਇਆਨਕ ਭਾਲਕ ਜਿਉ ਭਭਕਾਰਿਓ।
ਮੁਗਦਰੁ ਲੈ ਅਪਨੇ ਕਰਿ ਚੰਡਿ ਸੁ ਕੈ ਬਰਿ ਤਾ ਤਨ ਊਪਰਿ ਡਾਰਿਓ।
ਜਿਉ ਹਨੁਮਾਨ ਉਖਾਰਿ ਪਹਾਰ ਕੋ ਰਾਵਨ ਕੇ ਉਰ ਭੀਤਰ ਮਾਰਿਓ। ੪੬।

ਫੇਰ ਸਰਾਸਨ ਕੋ ਗਹਿ ਕੈ ਕਰਿ ਬੀਰ ਹਨੇ ਤਿਨ ਪਾਨਿ ਨ ਮੰਗੇ।
ਘਾਇਲ ਘੂਮ ਪਰੇ ਰਨ ਮਾਹਿ ਕਰਾਹਤ ਹੈ ਗਿਰ ਸੇ ਗਜ ਲੰਗੇ।
ਸੂਰਨ ਕੇ ਤਨ ਕਉਚਨ ਸਾਥਿ ਪਰੇ ਧਰਿ ਭਾਉ ਉਠੇ ਤਹ ਚੰਗੇ।
ਜਾਨੋ ਦਵਾ ਬਨ ਮਾਝ ਲਗੇ ਤਹ ਕੀਟਨ ਭਛ ਕੌ ਦਉਰੇ ਭੁਜੰਗੇ। ੪੭।

ਕੋਪ ਭਰੀ ਰਨਿ ਚੰਡਿ ਪ੍ਰਚੰਡ ਸੁ ਪ੍ਰੇਰ ਕੇ ਸਿੰਘ ਧਸੀ ਰਨ ਮੈ।
ਕਰਵਾਰ ਲੈ ਲਾਲ ਕੀਏ ਅਰਿ ਖੇਤਿ ਲਗੀ ਬੜਵਾਨਲ ਜਿਉ ਬਨ ਮੈ।
ਤਬ ਘੇਰਿ ਲਈ ਚਹੂੰ ਓਰ ਤੇ ਦੈਤਨ ਇਉ ਉਪਮਾ ਉਪਜੀ ਮਨ ਮੈ।
ਮਨੁ ਤੇ ਤਨੁ ਤੇਜੁ ਚਲਿਓ ਜਗਮਾਤ ਕੋ ਦਾਮਨਿ ਜਾਨ ਚਲੇ ਘਨ ਮੈ। ੪੮।

ਫੂਟ ਗਈ ਧੁਜਨੀ ਸਗਰੀ ਅਸਿ ਚੰਡ ਪ੍ਰਚੰਡ ਜਬੈ ਕਰਿ ਲੀਨੋ।
ਦੈਤ ਮਰੈ ਨਹਿ ਬੇਖ ਕਰੈ ਬਹੁਤਉ ਬਰਬੰਡ ਮਹਾਬਲ ਕੀਨੋ।
ਚਕ੍ਰ ਚਲਾਇ ਦਇਓ ਕਰਿ ਤੇ ਸਿਰ ਸਤ੍ਰ ਕੋ ਮਾਰ ਜੁਦਾ ਕਰ ਦੀਨੋ।
ਸ੍ਰਉਨਤ ਧਾਰ ਚਲੀ ਨਭ ਕੋ ਜਨੁ ਸੂਰ ਕੋ ਰਾਮ ਜਲਾਜਲ ਦੀਨੋ। ੪੯।

ਸਬ ਸੂਰ ਸੰਘਾਰ ਦਏ ਤਿਹ ਖੇਤਿ ਮਹਾ ਬਰਬੰਡ ਪਰਾਕ੍ਰਮ ਕੈ।
ਤਹ ਸ੍ਰਉਨਤ ਸਿੰਧੁ ਭਇਓ ਧਰਨੀ ਪਰਿ ਪੁੰਜ ਗਿਰੇ ਅਸਿ ਕੈ ਧਮ ਕੈ।
ਜਗਮਾਤ ਪ੍ਰਤਾਪ ਹਨੇ ਸੁਰ ਤਾਪ ਸੁ ਦਾਨਵ ਸੈਨ ਗਈ ਜਮ ਕੈ।
ਬਹੁਰੋ ਅਰਿ ਸਿੰਧੁਰ ਕੇ ਦਲ ਪੈਠ ਕੈ ਦਾਮਿਨਿ ਜਿਉ ਦੁਰਗਾ ਦਮਕੈ। ੫੦।

ਦੋਹਰਾ

ਜਬ ਮਹਖਾਸੁਰ ਮਾਰਿਓ ਸਬ ਦੈਤਨ ਕੋ ਰਾਜ।
ਤਬ ਕਾਇਰ ਭਾਜੇ ਸਬੈ ਛਾਡਿਓ ਸਕਲ ਸਮਾਜ। ੫੧।

ਸ੍ਵੈਯਾ

ਜਦ ਮਹਿਖਾਸੁਰ ਨੇ (ਆਪਣੀ) ਸਾਰੀ ਸੈਨਾ ਨੂੰ ਜੂਝ ਮਰਿਆ ਵੇਖਿਆ ਤਾਂ ਉਸਨੇ ਖੰਡਾ ਫੜ ਲਿਆ ਅਤੇ ਪ੍ਰਚੰਡ ਚੰਡੀ ਦੇ ਸਾਹਮਣੇ ਜਾ ਕੇ ਭਿਆਨਕ ਰਿਛ ਵਾਂਗ ਭਬਕ ਮਾਰਨ ਲਗਿਆ। ਚੰਡੀ ਨੇ ਹੱਥ ਵਿਚ ਮੁਗਦਰ ਲੈ ਕੇ ਬਲ-ਪੂਰਵਕ ਉਸ ਦੇ ਸ਼ਰੀਰ ਉਤੇ (ਇਉਂ) ਸੁਟਿਆ ਜਿਉਂ ਹਨੂਮਾਨ ਨੇ ਪਹਾੜ ਨੂੰ ਉਖਾੜ ਕੇ ਰਾਵਣ ਦੀ ਛਾਤੀ ਵਿਚ ਮਾਰਿਆ ਸੀ।੪੬।

ਫਿਰ (ਚੰਡੀ ਨੇ) ਧਨੁਸ਼ ਹੱਥ ਵਿਚ ਫੜ ਕੇ (ਜਿਨ੍ਹਾਂ) ਸੂਰਵੀਰਾਂ ਨੂੰ ਤੀਰ ਮਾਰੇ ਉਨ੍ਹਾਂ ਨੇ ਪਾਣੀ ਵੀ ਨ ਮੰਗਿਆ। ਜ਼ਖਮੀ (ਯੋਧੇ) ਘੁਮੇਰੀ ਖਾਂਦੇ ਹੋਏ ਯੁੱਧ-ਭੂਮੀ ਵਿਚ ਡਿਗ ਰਹੇ ਸਨ ਅਤੇ ਪਰਬਤਾਂ ਜਿੰਨੇ ਵੱਡੇ ਹਾਥੀ ਲੰਗੜੇ ਹੋ ਕੇ ਕਰਾਹ ਰਹੇ ਸਨ। ਕਵਚਾਂ ਨਾਲ ਢਕੇ ਸੂਰਮਿਆਂ ਦੇ ਸ਼ਰੀਰ ਧਰਤੀ ਉਤੇ ਪਏ (ਵੇਖ ਕੇ ਕਵੀ ਦੇ ਮਨ ਵਿਚ) ਚੰਗੇ ਭਾਵ ਪੈਦਾ ਹੋਏ, ਮਾਨੋ ਬਨ ਵਿਚ ਅੱਗ ਲਗ ਜਾਣ ਨਾਲ ਉਥੇ ਕੀੜਿਆਂ ਨੂੰ ਖਾਣ ਲਈ ਸੱਪ ਭਜੇ ਫਿਰਦੇ ਹੋਣ।੪੭।

ਗੁੱਸੇ ਨਾਲ ਭਰੀ ਪ੍ਰਚੰਡ ਚੰਡੀ ਸ਼ੇਰ ਨੂੰ ਪ੍ਰੇਰ ਕੇ ਯੁੱਧ ਵਿਚ ਜਾ ਵੜੀ ਅਤੇ ਤਲਵਾਰ ਲੈ ਕੇ ਵੈਰੀਆਂ (ਦੇ ਜ਼ਖਮਾਂ ਤੋਂ ਨਿਕਲੇ ਲਹੂ ਨਾਲ) ਭੂਮੀ ਨੂੰ ਲਾਲ ਕਰ ਦਿੱਤਾ ਜਿਵੇਂ ਬਨ ਵਿਚ ਅੱਗ ਲਗੀ ਹੋਵੇ। ਤਦੋਂ (ਦੇਵੀ ਨੂੰ) ਦੈਂਤਾਂ ਨੇ ਚੌਹਾਂ ਪਾਸਿਆਂ ਤੋਂ ਘੇਰ ਲਿਆ। (ਉਸ ਦ੍ਰਿਸ਼ ਨੂੰ ਵੇਖ ਕੇ ਕਵੀ ਦੇ) ਮਨ ਵਿਚ ਇਸ ਤਰ੍ਹਾਂ ਉਪਮਾ ਪੈਦਾ ਹੋਈ ਕਿ ਦੇਵੀ ਮਾਤਾ ਦਾ ਤਨ ਮਨ (ਦੀ ਗਤਿ) ਨਾਲੋਂ ਵੀ ਤੇਜ਼ ਚਲ ਰਿਹਾ ਹੈ ਜਾਂ ਇੰਜ ਸਮਝੋ ਕਿ ਕਾਲੇ ਬਦਲਾਂ ਵਿਚ ਬਿਜਲੀ ਚਲਦੀ ਹੋਵੇ।੪੮।

ਜਦੋਂ ਪ੍ਰਚੰਡ ਚੰਡੀ ਨੇ ਹੱਥ ਵਿਚ ਤਲਵਾਰ ਧਾਰਨ ਕੀਤੀ ਤਾਂ (ਮਹਿਖਾਸੁਰ ਦੀ) ਸਾਰੀ ਫ਼ੌਜ ਖੇਰੂੰ ਖੇਰੂੰ ਹੋ ਗਈ। ਦੈਂਤ (ਅਸਲੋਂ) ਮਰ ਨਹੀਂ ਰਹੇ ਸਨ (ਸਗੋਂ) ਬਹੁਤ ਰੂਪ ਧਾਰ ਕੇ (ਯੁੱਧ ਪਰਾਕ੍ਰਮ ਵਿਚ ਰੁਚਿਤ ਸਨ), ਤਦੋਂ ਬਲਵਾਨ (ਚੰਡੀ) ਨੇ ਅਤਿ ਅਧਿਕ ਬਲ ਨੂੰ ਸੰਜੋਇਆ ਅਤੇ (ਆਪਣੇ) ਹੱਥ ਨਾਲ ਚੱਕਰ ਚਲਾ ਦਿੱਤਾ ਜਿਸ ਨੇ ਵੈਰੀ ਨੂੰ ਮਾਰ ਕੇ ਉਸ ਦਾ ਸਿਰ (ਧੜ ਤੋਂ) ਵਖਰਾ ਕਰ ਦਿੱਤਾ। (ਉਸ ਦੇ) ਲਹੂ ਦੀ ਧਾਰ ਆਕਾਸ਼ ਵਲ (ਇਉਂ) ਚਲੀ ਮਾਨੋ ਪਰਸ਼ੁਰਾਮ ਨੇ ਸੂਰਜ ਨੂੰ ਜਲਾਂਜਲੀ ਦਿੱਤੀ ਹੋਵੇ।੪੯।

ਮਹਾ ਪ੍ਰਚੰਡ (ਚੰਡੀ) ਨੇ ਪਰਾਕ੍ਰਮ ਕਰ ਕੇ ਯੁੱਧ ਵਿਚ ਸਾਰਿਆਂ ਯੋਧਿਆਂ ਨੂੰ ਮਾਰ ਦਿੱਤਾ। ਉਥੇ ਧਰਤੀ ਉਤੇ ਲਹੂ ਦਾ ਸਮੁੰਦਰ ਬਣ ਗਿਆ ਅਤੇ ਤਲਵਾਰ ਦੀ ਧਮਕ ਨਾਲ ਹੀ (ਦੈਂਤਾਂ ਦੇ) ਸਮੂਹ ਡਿਗ ਪਏ। ਜਗਤ ਮਾਤਾ (ਚੰਡੀ) ਦੇ ਪ੍ਰਤਾਪ ਨਾਲ ਦੇਵਤਿਆਂ ਦਾ ਸੰਕਟ (ਤਾਪ) ਨਸ਼ਟ ਹੋ ਗਿਆ ਅਤੇ ਦੈਂਤਾਂ ਦੀ ਸੈਨਾ ਜਮ-ਲੋਕ ਨੂੰ ਚਲੀ ਗਈ। ਫਿਰ ਦੁਰਗਾ ਦੇਵੀ ਵੈਰੀਆਂ ਦੇ ਦਲ ਰੂਪੀ ਬਦਲ ਵਿਚ ਬਿਜਲੀ ਵਾਂਗ ਦਮਕਣ ਲਗੀ।੫੦।

ਦੋਹਰਾ

ਜਦੋਂ ਸਾਰਿਆਂ ਦੈਂਤਾਂ ਦਾ ਰਾਜਾ ਮਹਿਖਾਸੁਰ ਮਾਰਿਆ ਗਿਆ ਤਦੋਂ ਸਾਰੇ ਕਾਇਰ (ਦੈਂਤ) ਸਭ ਕੁਝ ਛਡ ਛਡਾ ਕੇ ਭਜ ਗਏ।੫੧।

ਕਬਿਤੁ

ਮਹਾਬੀਰ ਕਹਰੀ ਦੁਪਹਰੀ ਕੋ ਭਾਨੁ ਮਾਨੋ
ਦੇਵਨ ਕੇ ਕਾਜ ਦੇਵੀ ਡਾਰਿਓ ਦੈਤ ਮਾਰਿ ਕੈ।
ਅਉਰ ਦਲੁ ਭਾਜਿਓ ਜੈਸੇ ਪਾਹੁਨ ਹੂੰ ਤੇ ਭਾਜੇ ਮੇਘ
ਇੰਦ੍ਰ ਦੀਨੋ ਰਾਜ ਬਲੁ ਆਪਨੋ ਸੋ ਧਾਰਿ ਕੈ।
ਦੇਸ ਦੇਸ ਕੇ ਨਰੇਸ ਡਾਰੈ ਹੈ ਸੁਰੇਸ ਪਾਇ
ਕੀਨੋ ਅਭਖੇਕ ਸੁਰ ਮੰਡਲ ਬਿਚਾਰਿ ਕੈ।
ਈਹਾ ਭਈ ਗੁਪਤਿ ਪ੍ਰਗਟਿ ਜਾਇ ਤਹਾ ਭਈ
ਜਹਾ ਬੈਠੇ ਹਰਿ ਹਰਿਅੰਬਰਿ ਕੋ ਡਾਰਿ ਕੈ। ੫੨।

ਇਤਿ ਸ੍ਰੀ ਮਾਰਕੰਡੇ ਪੁਰਾਨੇ ਸ੍ਰੀ ਚੰਡੀ ਚਰਿਤ੍ਰ ਉਕਤਿ ਬਿਲਾਸ ਮਹਖਾਸੁਰ ਬਧਹਿ ਨਾਮ ਦੁਤੀਆ ਧਿਆਇ ਸਮਾਪਤਮ ਸਤੁ ਸੁਭਮ ਸਤੁ। ੨।

ਦੋਹਰਾ

ਲੋਪ ਚੰਡਕਾ ਹੋਇ ਗਈ ਸੁਰਪਤਿ ਕੌ ਦੇ ਰਾਜ।
ਦਾਨਵ ਮਾਰਿ ਅਭੇਖ ਕਰਿ ਕੀਨੇ ਸੰਤਨ ਕਾਜ। ੫੩।

ਸ੍ਵੈਯਾ

ਯਾਤੇ ਪ੍ਰਸੰਨ ਭਏ ਹੈ ਮਹਾ ਮੁਨ ਦੇਵਨ ਕੇ ਤਪ ਮੈ ਸੁਖ ਪਾਵੈ।
ਜਗ੍ਯ ਕਰੈ ਇਕ ਬੇਦ ਰਰੈ ਭਵ ਤਾਪ ਹਰੈ ਮਿਲਿ ਧਿਆਨਹਿ ਲਾਵੈ।
ਝਾਲਰ ਤਾਲ ਮ੍ਰਿਦੰਗ ਉਪੰਗ ਰਬਾਬ ਲੀਏ ਸੁਰ ਸਾਜ ਮਿਲਾਵੈ।
ਕਿੰਨਰ ਗੰਧ੍ਰਬ ਗਾਨ ਕਰੈ ਗਨਿ ਜਛ ਅਪਛਰ ਨਿਰਤ ਦਿਖਾਵੈ। ੫੪।

ਸੰਖਨ ਕੀ ਧੁਨ ਘੰਟਨਿ ਕੀ ਕਰਿ ਫੂਲਨ ਕੀ ਬਰਖਾ ਬਰਖਾਵੈ।
ਆਰਤੀ ਕੋਟਿ ਕਰੈ ਸੁਰ ਸੁੰਦਰਿ ਪੇਖ ਪੁਰੰਦਰ ਕੇ ਬਲਿ ਜਾਵੈ।
ਦਾਨਤ ਦਛਨ[1] ਦੈ ਕੈ ਪ੍ਰਦਛਨ ਭਾਲ ਮੈ ਕੁੰਕਮ ਅਛਤ ਲਾਵੈ।
ਹੋਤ ਕੁਲਾਹਲ ਦੇਵਪੁਰੀ ਮਿਲ ਦੇਵਨ ਕੇ ਕੁਲਿ ਮੰਗਲ ਗਾਵੈ। ੫੫।

ਦੋਹਰਾ

ਐਸੇ ਚੰਡ ਪ੍ਰਤਾਪ ਤੇ ਦੇਵਨ ਬਢਿਓ ਪ੍ਰਤਾਪ।
ਤੀਨ ਲੋਕ ਜੈ ਜੈ ਕਰੈ ਰਰੈ ਨਾਮੁ ਸਤਿ ਜਾਪ। ੫੬।
ਇਸੀ ਭਾਤਿ ਸੋ ਦੇਵਤਨ ਰਾਜ ਕੀਯੋ ਸੁਖ ਮਾਨਿ।
ਬਹੁਰ ਸੁੰਭ ਨੈਸੁੰਭ ਦੁਇ ਦੈਤ ਬਡੇ ਬਲਿਵਾਨ। ੫੭।

ਇੰਦ੍ਰ ਲੋਕ ਕੇ ਰਾਜ ਹਿਤ ਚੜ੍ਹਿ ਧਾਏ ਨ੍ਰਿਪ ਸੁੰਭ।
ਸੈਨਾ ਚਤੁਰੰਗਨਿ ਰਚੀ ਪਾਇਕ ਰਥ ਹੈ ਕੁੰਭ। ੫੮।

੧. 'ਦਾਨ ਤਛਨ', 'ਦਾਨ ਤਤਛਨ'

ਕਬਿੱਤ

ਦੁਪਹਿਰ ਦੇ ਸੂਰਜ ਵਾਂਗ ਕ੍ਰੋਧਵਾਨ ਮੰਨੇ ਜਾਣ ਵਾਲੇ ਮਹਾਬਲੀ ਦੈਂਤ (ਮਹਿਖਾਸੁਰ) ਨੂੰ ਦੇਵੀ ਨੇ ਦੇਵਤਿਆਂ ਦੇ ਹਿਤ (ਕਾਰਜ) ਲਈ ਮਾਰ ਦਿੱਤਾ। ਹੋਰ (ਬਾਕੀ ਰਹਿੰਦੀ ਦੈਂਤ) ਸੈਨਾ (ਇੰਜ) ਭਜ ਗਈ ਜਿਵੇਂ ਪਵਨ ਨਾਲ ਬਦਲ ਭਜ ਜਾਂਦੇ ਹਨ (ਖਿੰਡ ਜਾਂਦੇ ਹਨ) ਅਤੇ (ਦੇਵੀ ਨੇ) ਆਪਣੇ ਬਲ ਨਾਲ ਇੰਦਰ ਨੂੰ ਰਾਜ ਦਿੱਤਾ। ਦੇਸ਼-ਦੇਸ਼ਾਂਤਰਾਂ ਦੇ ਰਾਜਿਆਂ ਨੂੰ ਇੰਦਰ ਦੇ ਚਰਨੀ ਪਾ ਦਿੱਤਾ ਅਤੇ ਸਾਰਿਆਂ ਦੇਵਤਿਆਂ ਨਾਲ ਸਲਾਹ ਕਰ ਕੇ ਇੰਦਰ ਨੂੰ ਰਾਜ-ਤਿਲਕ ਦਿੱਤਾ। ਇਥੋਂ (ਦੇਵੀ) ਗੁਪਤ ਹੋ ਗਈ ਅਤੇ ਉਥੇ ਜਾ ਕੇ ਪ੍ਰਗਟ ਹੋਈ ਜਿਥੇ ਸ਼ਿਵ ਸ਼ੇਰ ਦੀ ਖਲ੍ਹ (ਹਰਿ-ਅੰਬਰ) ਨੂੰ ਵਿਛਾ ਕੇ ਬੈਠਾ ਸੀ।੫੨।

ਇਥੇ ਸ੍ਰੀ ਮਾਰਕੰਡੇ ਪੁਰਾਣ ਦੇ ਸ੍ਰੀ ਚੰਡੀ ਚਰਿਤ੍ਰ ਉਕਤਿ ਬਿਲਾਸ (ਪ੍ਰਸੰਗ) ਦੇ 'ਮਹਿਖਾਸੁਰ ਵਧ' ਨਾਂ ਵਾਲੇ ਦੂਜੇ ਅਧਿਆਇ ਦੀ ਸਮਾਪਤੀ ਸਭ ਸ਼ੁਭ ਹੈ।੨।

ਦੋਹਰਾ

ਇੰਦਰ ਨੂੰ ਰਾਜ ਦੇ ਕੇ ਚੰਡੀ ਲੋਪ ਹੋ ਗਈ। (ਚੰਡੀ ਨੇ) ਦੈਂਤਾਂ ਨੂੰ ਮਾਰ ਕੇ ਬੇਹਾਲ ਕੀਤਾ ਅਤੇ ਸੰਤਾਂ (ਦੀ ਰਖਿਆ ਦਾ) ਕਾਰਜ ਕੀਤਾ।੫੩।

ਸ੍ਵੈਯਾ

(ਦੈਂਤਾਂ ਦੇ ਨਸ਼ਟ ਹੋ ਜਾਣ ਨਾਲ) ਵਡੇ ਵਡੇ ਮੁਨੀ ਪ੍ਰਸੰਨ ਹੋ ਗਏ ਹਨ ਅਤੇ ਦੇਵਤਿਆਂ ਦੇ ਤੇਜ-ਪ੍ਰਤਾਪ ਵਿਚ ਸੁਖ ਪ੍ਰਾਪਤ ਕਰਨ ਲਗੇ ਹਨ। (ਕਈ) ਯੱਗ ਕਰਦੇ ਹਨ, ਕਈ ਵੇਦ ਪਾਠ ਕਰਦੇ ਹਨ, (ਕਈ) ਸੰਸਾਰ ਦਾ ਦੁਖ ਦੂਰ ਕਰਨ ਲਈ ਮਿਲ ਕੇ (ਹਰਿ ਵਿਚ) ਧਿਆਨ ਲਗਾਉਂਦੇ ਹਨ। (ਦੇਵਤੇ) ਘੰਟੇ, ਛੈਣੇ, ਮ੍ਰਿਦੰਗ, ਉਪੰਗ (ਇਕ ਪ੍ਰਕਾਰ ਦਾ ਵਾਜਾ), ਰਬਾਬ ਆਦਿ ਜਿਤ ਦੇ ਸਾਜ਼ਾਂ ਨੂੰ ਲੈ ਕੇ ਇਕ-ਸੁਰ ਕਰਦੇ ਹਨ। (ਕਿਤੇ) ਕਿੰਨਰ ਅਤੇ ਗੰਧਰਬ ਗਾ ਰਹੇ ਹਨ ਅਤੇ (ਕਿਤੇ) ਯਕਸ਼ ਅਤੇ ਅਪੱਛਰਾਵਾਂ ਨਾਚ ਕਰਕੇ ਵਿਖਾ ਰਹੀਆਂ ਹਨ।੫੪।

ਸੰਖਾਂ ਅਤੇ ਘੰਟਿਆਂ ਦੀ ਗੁੰਜਾਰ ਕਰ ਕੇ ਫੂਲਾਂ ਦੀ ਬਰਖਾ ਕਰ ਰਹੇ ਹਨ। (ਕਿਤਨੇ ਹੀ) ਸੁੰਦਰ ਦੇਵਤੇ ਆਰਤੀ ਕਰ ਰਹੇ ਹਨ ਅਤੇ ਇੰਦਰ ਨੂੰ ਵੇਖ ਕੇ ਬਲਿਹਾਰੇ ਜਾਂਦੇ ਹਨ। (ਉਦੋਂ) ਦਾਨ ਅਤੇ ਦੱਛਣਾ ਦੇ ਕੇ ਪ੍ਰਦਖਣਾ ਕਰਦੇ ਹੋਏ ਇੰਦਰ ਦੇ ਮੱਥੇ ਉਤੇ ਕੇਸਰ ਅਤੇ ਚਾਵਲਾਂ (ਦਾ ਤਿਲਕ) ਲਗਾਉਂਦੇ ਹਨ। (ਇਸ ਤਰ੍ਹਾਂ) ਦੇਵਤਿਆਂ ਦੀ ਨਗਰੀ ਵਿਚ ਧੁੰਮ ਪੈ ਰਹੀ ਹੈ ਅਤੇ ਦੇਵਤਿਆਂ ਦੀਆਂ ਕੁਲਾਂ ਮਿਲ ਕੇ ਮੰਗਲਮਈ ਗੀਤ ਗਾ ਰਹੀਆਂ ਹਨ।੫੫।

ਦੋਹਰਾ

ਇਸ ਤਰ੍ਹਾਂ ਚੰਡੀ ਦੇ ਪ੍ਰਤਾਪ ਨਾਲ ਦੇਵਤਿਆਂ ਦਾ ਪ੍ਰਤਾਪ ਵੱਧ ਗਿਆ ਅਤੇ ਤਿੰਨੇ ਲੋਕ ਦੇਵੀ ਦੀ ਜੈ-ਜੈ-ਕਾਰ ਕਰਦੇ ਹੋਏ ('ਮਾਰਕੰਡੇਯ ਪੁਰਾਣ' ਦੀ) ਸੱਤਸਈ (ਵਿਚਲੇ) ਨਾਂਵਾਂ (ਦੇ ਸਤੋਤ੍ਰ ਦਾ) ਜਾਪ ਕਰਨ ਲਗੇ।੫੬। ਇਸ ਤਰ੍ਹਾਂ ਦੇਵਤਿਆਂ ਨੇ ਰਾਜ ਕੀਤਾ ਅਤੇ ਸੁਖ ਮਾਣਿਆ। ਫਿਰ ਸੁੰਭ-ਨਿਸੁੰਭ (ਨਾਂ ਵਾਲੇ) ਦੋ ਵਡੇ ਬਲਵਾਨ ਦੈਂਤ (ਪੈਦਾ ਹੋ ਗਏ)।੫੭।

ਇੰਦਰ-ਲੋਕ ਦਾ ਰਾਜ ਪ੍ਰਾਪਤ ਕਰਨ ਲਈ ਰਾਜਾ ਸੁੰਭ ਪੈਦਲ, ਰਥ ਅਤੇ ਹਾਥੀਆਂ ਵਾਲੀ ਚਤੁਰੰਗਣੀ ਸੈਨਾ ਸਜਾ ਕੇ ਚੜ੍ਹ ਆਇਆ।੫੮।

ਸ੍ਵੈਯਾ

ਬਾਜਤ ਡੰਕ ਪੁਰੀ ਧੁਨ ਕਾਨਿ ਸੁ ਸੰਕਿ ਪੁਰੰਦਰ ਮੂੰਦਤ ਪਉਰੈ।
ਸੂਰ ਮੈ ਨਾਹਿ ਰਹੀ ਦੁਤਿ ਦੇਖਿ ਕੇ ਜੁਧ ਕੋ ਦੈਤ ਭਏ ਇਕ ਠਉਰੈ।
ਕਾਂਪ ਸਮੁੰਦ੍ਰ ਉਠੇ ਸਿਗਰੇ ਬਹੁ ਭਾਰ ਭਈ ਧਰਨੀ ਗਤਿ ਅਉਰੈ।
ਮੇਰੁ ਹਲਿਓ ਦਹਲਿਓ ਸੁਰ ਲੋਕ ਜਬੈ ਦਲ ਸੁੰਭ ਨਿਸੁੰਭ ਕੇ ਦਉਰੈ। ੫੯।

ਦੋਹਰਾ

ਦੇਵ ਸਭੈ ਮਿਲਿ ਕੇ ਤਬੈ ਗਏ ਸਕ੍ਰ ਪਹਿ ਧਾਇ।
ਕਹਿਓ ਦੈਤ ਆਏ ਪ੍ਰਬਲ ਕੀਜੈ ਕਹਾ ਉਪਾਇ। ੬੦।
ਸੁਨਿ ਕੋਪਿਓ ਸੁਰਪਾਲ ਤਬ ਕੀਨੋ ਜੁਧ ਉਪਾਇ।
ਸੇਖ ਦੇਵ ਗਨ ਜੇ ਹੁਤੇ ਤੇ ਸਭ ਲੀਏ ਬੁਲਾਇ। ੬੧।

ਸ੍ਵੈਯਾ

ਭੂਮਿ ਕੋ ਭਾਰ ਉਤਾਰਨ ਕੋ ਜਗਦੀਸ ਬਿਚਾਰ ਕੈ ਜੁਧੁ ਠਟਾ।
ਗਰਜੈ ਮਦਮਤ ਕਰੀ ਬਦਰਾ ਬਗ ਪੰਤਿ ਲਸੈ ਜਨ ਦੰਤ ਗਟਾ।
ਪਹਰੈ ਤਨਤ੍ਰਾਨ ਫਿਰੈ ਤਹ ਬੀਰ ਲੀਏ ਬਰਛੀ ਕਰਿ ਬਿਜੁ ਛਟਾ।
ਦਲ ਦੈਤਨ ਕੋ ਅਰਿ ਦੇਵਨ ਪੈ ਉਮਡਿਓ ਮਾਨੋ ਘੋਰ ਘਮੰਡ ਘਟਾ। ੬੨।

ਦੋਹਰਾ

ਸਗਲ ਦੈਤ ਇਕਠੇ ਭਏ ਕਰਿਯੋ ਜੁਧ ਕੋ ਸਾਜ।
ਅਮਰਪੁਰੀ ਮਹਿ ਜਾਇਕੈ ਘੇਰਿ ਲੀਓ ਸੁਰ ਰਾਜ। ੬੩।

ਸ੍ਵੈਯਾ

ਖੋਲਿ ਕੈ ਦੁਆਰਾ ਕਿਵਾਰ ਸਭੈ ਨਿਕਸੀ ਅਸੁਰਾਰਿ ਕੀ ਸੈਨ ਚਲੀ।
ਰਨ ਮੈ ਤਬ ਆਨਿ ਇਕਤ੍ਰ ਭਏ ਲਖਿ ਸਤ੍ਰ ਕੀ ਪਤ੍ਰਿ ਜਿਉ ਸੈਨ ਹਲੀ।
ਦ੍ਰੁਮ ਦੀਰਘ ਜਿਉ ਗਜ ਬਾਜ ਹਲੇ ਰਥ ਪਾਇਕ ਜਿਉ ਫਲ ਫੂਲ ਕਲੀ।
ਦਲ ਸੁੰਭ ਕੋ ਮੇਘ ਬਿਡਾਰਨ ਕੋ ਨਿਕਸਿਉ ਮਘਵਾ ਮਾਨੋ ਪਉਨ ਬਲੀ। ੬੪।

ਇਹ ਕੋਪ ਪੁਰੰਦਰ ਦੇਵ ਚੜੇ ਉਤ ਜੁਧ ਕੋ ਸੁੰਭ ਚੜੇ ਰਨ ਮੈ।
ਕਰ ਬਾਨ ਕਮਾਨ ਕ੍ਰਿਪਾਨ ਗਦਾ ਪਹਿਰੇ ਤਨ ਤ੍ਰਾਨ ਤਬੈ ਤਨ ਮੈ।

ਸ੍ਵੈਯਾ

(ਦੈਂਤਾਂ ਦੀ ਫ਼ੌਜ ਦੇ) ਡੰਕੇ ਦੇ ਵਜਣ ਦੀ ਆਵਾਜ਼ ਜਦ ਇੰਦਰ ਦੇ ਕੰਨ ਵਿਚ ਪਈ ਤਾਂ ਉਸ ਨੇ ਸ਼ੰਕਾਵਾਨ ਹੋ ਕੇ (ਇੰਦਰਪੁਰੀ) ਦੇ ਦਰਵਾਜ਼ੇ ਬੰਦ ਕਰ ਲਏ। ਦੈਂਤਾਂ ਨੂੰ ਯੁੱਧ ਲਈ ਇਕ ਥਾਂ ਇਕੱਠੇ ਹੋਇਆਂ ਵੇਖ ਕੇ ਸੂਰਜ ਵਿਚਲੀ ਜੋਤਿ ਵੀ ਛੀਣ ਹੋ ਗਈ (ਅਰਥਾਤ ਦੈਂਤਾਂ ਦੇ ਇਕੱਠੇ ਹੋਣ ਨਾਲ ਉਠੀ ਧੂੜ ਨੇ ਸੂਰਜ ਦੀ ਰੌਸ਼ਨੀ ਨੂੰ ਢਕ ਦਿੱਤਾ।) ਸਾਰੇ ਸਮੁੰਦਰ ਕੰਬਣ ਲਗ ਗਏ ਅਤੇ ਬਹੁਤੇ ਭਾਰ ਕਾਰਨ ਧਰਤੀ ਦੀ ਹਾਲਤ ਵੀ ਹੋਰ ਜਿਹੀ ਹੋ ਗਈ। ਸੁਮੇਰ ਪਰਬਤ ਹਿਲ ਗਿਆ, ਇੰਦਰ ਲੋਕ ਸਹਿਮ ਗਿਆ ਜਦੋਂ ਸੁੰਭ-ਨਿਸੁੰਭ ਦੀ ਸਾਰੀ ਫ਼ੌਜ ਨੇ ਚੜ੍ਹਾਈ ਕਰ ਦਿੱਤੀ।੫੯।

ਦੋਹਰਾ

ਤਦ ਸਾਰੇ ਦੇਵਤੇ ਮਿਲ ਕੇ ਇੰਦਰ (ਸਕ੍ਰ) ਕੋਲ ਗਏ ਅਤੇ ਕਿਹਾ ਕਿ ਪ੍ਰਬਲ ਦੈਂਤ ਚੜ੍ਹ ਆਏ ਹਨ, (ਉਨ੍ਹਾਂ ਤੋਂ ਬਚਣ ਦਾ) ਕੋਈ ਉਪਾ ਕਰੋ।੬੦। (ਇਹ ਗੱਲ) ਸੁਣ ਕੇ ਇੰਦਰ ਕ੍ਰੋਧਵਾਨ ਹੋਇਆ ਅਤੇ ਤਦੋਂ ਹੀ ਯੁੱਧ ਦਾ ਉਪਾ ਕੀਤਾ। (ਜਿਤਨੇ ਹੋਰ) ਬਾਕੀ ਦੇਵ-ਸਮੂਹ ਸਨ, ਉਨ੍ਹਾਂ ਸਾਰਿਆਂ ਨੂੰ ਬੁਲਾ ਲਿਆ।੬੧।

ਸ੍ਵੈਯਾ

ਭੂਮੀ ਦਾ ਭਾਰ ਉਤਾਰਨ ਲਈ ਜਗਤ ਦੇ ਈਸ਼ਵਰ ਨੇ ਵਿਚਾਰ-ਪੂਰਵਕ ਯੁੱਧ ਦਾ ਸਾਂਗ ਬਣਾਇਆ। ਮਦ (ਸ਼ਰਾਬ) ਦੀ ਮਸਤੀ ਵਿਚ ਹਾਥੀ ਬਦਲਾਂ ਵਾਂਗ ਗਜਦੇ ਹਨ ਅਤੇ ਉਨ੍ਹਾਂ ਦੇ ਦੰਦ (ਇੰਜ ਲਗਦੇ ਸਨ) ਮਾਨੋ ਬਗਲਿਆਂ ਦੀਆਂ ਕਤਾਰਾਂ ਚਮਕ ਰਹੀਆਂ ਹੋਣ। ਉਥੇ ਕਵਚ-ਧਾਰੀ ਸੂਰਵੀਰ ਹੱਥ ਵਿਚ ਬਰਛੇ ਧਾਰਨ ਕੀਤੇ ਹੋਇਆਂ (ਇੰਜ) ਫਿਰਦੇ ਹਨ (ਮਾਨੋ) ਬਿਜਲੀ ਦੀ ਲਿਸ਼ਕ ਪੈ ਰਹੀ ਹੋਵੇ। ਦੈਂਤਾਂ ਦਾ ਦਲ ਆਪਣੇ ਵੈਰੀ ਦੇਵਤਿਆਂ ਉਤੇ (ਇੰਜ) ਉਮਡ ਪਿਆ ਮਾਨੋ ਘੋਰ ਕਾਲੀ ਘਟਾ (ਛਾ ਗਈ) ਹੋਵੇ।੬੨।

ਦੋਹਰਾ

ਸਾਰੇ ਦੈਂਤਾਂ ਨੇ ਇਕੱਠੇ ਹੋ ਕੇ ਯੁੱਧ ਦਾ ਵਿਧਾਨ ਕੀਤਾ ਅਤੇ ਅਮਰਪੁਰੀ (ਇੰਦਰਪੁਰੀ) ਵਿਚ ਜਾ ਕੇ ਇੰਦਰ ਨੂੰ ਘੇਰ ਲਿਆ।੬੩।

ਸ੍ਵੈਯਾ

ਸਾਰਿਆਂ ਦਰਵਾਜ਼ਿਆਂ ਦੇ ਬੂਹੇ ਖੋਲ੍ਹ ਕੇ ਦੇਵਤਿਆਂ ਦੀ ਸੈਨਾ ਨਿਕਲ ਕੇ ਚਲ ਪਈ। ਤਦ (ਉਹ ਸਾਰੇ) ਯੁੱਧ-ਭੂਮੀ ਵਿਚ ਆ ਕੇ ਇਕੱਠੇ ਹੋ ਗਏ। (ਉਨ੍ਹਾਂ ਨੂੰ ਆਇਆਂ) ਵੇਖ ਕੇ ਵੈਰੀਆਂ (ਦੈਂਤਾਂ) ਦੀ ਸੈਨਾ (ਪਿੱਪਲ ਦੇ) ਪੱਤਰ ਵਾਂਗ ਡੁਲਾਇਮਾਨ ਹੋ ਗਈ। ਹਾਥੀ ਵਡਿਆਂ ਦਰਖਤਾਂ ਵਾਂਗ, ਘੋੜੇ ਫਲਾਂ ਵਾਂਗ, ਰਥ ਫੁਲਾਂ ਵਾਂਗ ਅਤੇ ਪੈਦਲ ਸਿਪਾਹੀ ਕਲੀਆਂ ਵਾਂਗ ਹਿਲਣ ਲਗ ਗਏ। (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਸੁੰਭ ਦੇ ਸੈਨਾ ਰੂਪੀ ਬਦਲ ਨੂੰ ਖਿੰਡਾਉਣ ਲਈ ਇੰਦਰ ਰੂਪੀ ਤੇਜ਼ ਹਵਾ ਚਲੀ ਹੋਵੇ।੬੪।

ਇਧਰੋਂ ਕ੍ਰੋਧਵਾਨ ਹੋ ਕੇ ਇੰਦਰ ਅਤੇ ਹੋਰ ਦੇਵਤੇ ਚੜ੍ਹੇ ਅਤੇ ਉਧਰੋਂ ਯੁੱਧ ਲਈ ਸੁੰਭ ਰਣ-ਭੂਮੀ ਵਿਚ ਆ ਜੰਮਿਆ। ਉਦੋਂ (ਸਾਰਿਆਂ ਨੇ) ਹੱਥ ਵਿਚ ਤੀਰ-ਕਮਾਨ, ਕ੍ਰਿਪਾਨ, ਗਦਾ (ਫੜੇ ਹੋਏ ਸਨ) ਅਤੇ ਸ਼ਰੀਰ ਉਤੇ ਕਵਚ ('ਤਨ-ਤ੍ਰਾਨ') ਧਾਰਨ ਕੀਤੇ ਹੋਏ ਸਨ। ਤਦ ਦੋਹਾਂ ਪਾਸਿਆਂ ਤੋਂ ਮਾਰੋ ਮਾਰ ਮੱਚ ਗਈ ਅਤੇ ਸੂਰਮਿਆਂ ਦੇ ਮਨ ਵਿਚ ਕਿਸੇ ਪ੍ਰਕਾਰ

ਤਬ ਮਾਰ ਮਚੀ ਦੁਹੂੰ ਓਰਨ ਤੇ ਨ ਰਹਿਓ ਭ੍ਰਮ ਸੂਰਨ ਕੇ ਮਨ ਮੈ।
ਬਹੁ ਜੰਬੁਕ ਗ੍ਰਿਝ ਚਲੈ ਸੁਨਿ ਕੈ ਅਤਿ ਮੋਦ ਬਢਿਓ ਸਿਵ ਕੇ ਗਨ ਮੈ। ੬੫।

ਰਾਜ ਪੁਰੰਦਰ ਕੋਪ ਕੀਓ ਇਤਿ ਜੁਧ ਕੋ ਦੈਤ ਜੁਰੇ ਉਤ ਕੈਸੇ।
ਸਿਆਮ ਘਟਾ ਘੁਮਰੀ ਘਨ ਘੋਰ ਕੈ ਘੇਰਿ ਲੀਓ ਹਰਿ ਕੋ ਰਵਿ ਤੈਸੇ।
ਸਕ੍ਰ ਕਮਾਨ ਕੇ ਬਾਨ ਲਗੇ ਸਰ ਫੋਕ ਲਸੈ ਅਰਿ ਕੇ ਉਰਿ ਐਸੇ।
ਮਾਨੋ ਪਹਾਰ ਕਰਾਰ ਮੈ ਚੋਂਚ ਪਸਾਰਿ ਰਹੇ ਸਿਸੁ ਸਾਰਕ ਜੈਸੇ। ੬੬।

ਬਾਨ ਲਗੇ ਲਖ ਸੁੰਭ ਦਈਤ ਧਸੇ ਰਨ ਲੈ ਕਰਵਾਰਨ ਕੋ।
ਰੰਗਭੂਮਿ ਮੈ ਸਤ੍ਰੁ ਗਿਰਾਇ ਦਏ ਬਹੁ ਸ੍ਰਉਨ ਬਹਿਓ ਅਸੁਰਾਨ ਕੋ।
ਪ੍ਰਗਟੇ ਗਨ ਜੰਬੁਕ ਗ੍ਰਿਝ ਪਿਸਾਚ ਸੁ ਯੌ ਰਨ ਭਾਤਿ ਪੁਕਾਰਨ ਕੋ।
ਸੁ ਮਨੋ ਭਟ ਸਾਰਸੁਤੀ ਤਟਿ ਨਾਤ ਹੈ ਪੂਰਬ ਪਾਪ ਉਤਾਰਨ ਕੋ। ੬੭।

ਜੁਧ ਨਿਸੁੰਭ ਭਇਆਨ ਰਚਿਓ ਅਸ ਆਗੇ ਨ ਦਾਨਵ ਕਾਹੂ ਕਰਿਓ ਹੈ।
ਲੋਥਨ ਊਪਰਿ ਲੋਥ ਪਰੀ ਤਹ ਗੀਧ ਸ੍ਰਿੰਗਾਲਨਿ ਮਾਸੁ ਚਰਿਓ ਹੈ।
ਗੂਦ ਬਹੈ ਸਿਰ ਕੇਸਨ ਤੇ ਸਿਤ ਪੁੰਜ ਪ੍ਰਵਾਹ ਧਰਾਨਿ ਪਰਿਓ ਹੈ।
ਮਾਨਹੁ ਜਟਾਧਰ ਕੀ ਜਟ ਤੇ ਜਨੁ ਰੋਸ ਕੈ ਗੰਗ ਕੋ ਨੀਰ ਢਰਿਓ ਹੈ। ੬੮।

ਬਾਰ ਸਿਵਾਰ ਭਏ ਤਿਹ ਠਉਰ ਸੁ ਫੇਨ ਜਿਉ ਛਤ੍ਰ ਫਿਰੇ ਤਰਤਾ।
ਕਰ ਅੰਗੁਲਕਾ ਸਫਰੀ ਤਲਫੈ ਭੁਜ ਕਾਟਿ ਭੁਜੰਗ ਕਰੇ ਕਰਤਾ।
ਹਯ ਨਕ੍ਰ ਧੁਜਾ ਦ੍ਰੁਮ ਸ੍ਰਉਣਤ ਨੀਰ ਮੈ ਚਕ੍ਰ ਜਿਉ ਚਕ੍ਰ ਫਿਰੈ ਗਰਤਾ।
ਤਬ ਸੁੰਭ ਨਿਸੁੰਭ ਦੁਹੂੰ ਮਿਲਿ ਦਾਨਵ ਮਾਰ ਕਰੀ ਰਨ ਮੈ ਸਰਤਾ। ੬੯।

ਦੋਹਰਾ

ਸੁਰ ਹਾਰੈ ਜੀਤੈ ਅਸੁਰ ਲੀਨੋ ਸਕਲ ਸਮਾਜ।
ਦੀਨੋ ਇੰਦ੍ਰ ਭਜਾਇ ਕੈ ਮਹਾ ਪ੍ਰਬਲ ਦਲ ਸਾਜਿ। ੭੦।

ਸ੍ਵੈਯਾ

ਛੀਨ ਭੰਡਾਰ ਲਇਓ ਹੈ ਕੁਬੇਰ ਤੇ ਸੇਸਹੂੰ ਤੇ ਮਨਿ ਮਾਲ ਛੁਡਾਈ।
ਜੀਤ ਲੁਕੇਸ ਦਿਨੇਸ ਨਿਸੇਸ ਗਨੇਸ[1] ਜਲੇਸ ਦੀਓ ਹੈ ਭਜਾਈ।
ਲੋਕ ਕੀਏ ਤਿਨ ਤੀਨਹੁ ਆਪਨੇ ਦੈਤ ਪਠੇ ਤਹ ਦੈ ਠਕੁਰਾਈ।
ਜਾਇ ਬਸੇ ਸੁਰ ਧਾਮ ਤੇਊ ਤਿਨ ਸੁੰਭ ਨਿਸੁੰਭ ਕੀ ਫੇਰੀ ਦੁਹਾਈ। ੭੧।

੧. 'ਗਿਰੇਸ'

ਦਾ ਕੋਈ ਭਰਮ ਨ ਰਿਹਾ। (ਯੁੱਧ ਛਿੜਨ ਦੀ ਗੱਲ) ਸੁਣ ਕੇ ਬਹੁਤ ਸਾਰੇ ਗਿਦੜ ਅਤੇ ਗਿਰਝਾਂ (ਮਾਸ ਭੱਛਣ ਲਈ) ਤੁਰ ਪਈਆਂ ਅਤੇ ਸ਼ਿਵ-ਗਣਾਂ ਦੇ ਮਨ ਵਿਚ ਵੀ ਪ੍ਰਸੰਨਤਾ ਦੀ ਲਹਿਰ ਦੌੜ ਗਈ।੬੫।

ਇਧਰੋਂ ਰਾਜਾ ਇੰਦਰ ਨੇ ਕ੍ਰੋਧ ਕੀਤਾ ਅਤੇ ਉਧਰੋਂ ਯੁੱਧ ਲਈ ਦੈਂਤ ਕਿਵੇਂ ਜੁੜੇ? ਜਿਵੇਂ ਘਨਘੋਰ ਕਾਲੀਆਂ ਘਟਾਵਾਂ ਨੇ ਘੁਮੇਰੀ ਪਾ ਕੇ ਇੰਦਰ ਰੂਪੀ ਸੂਰਜ (ਦੇ ਰਥ) ਨੂੰ ਘੇਰ ਲਿਆ ਹੋਵੇ। ਇੰਦਰ ਦੇ ਧਨੁਸ਼ ਤੋਂ ਨਿਕਲੇ ਹੋਏ ਤੀਰਾਂ ਦੇ ਬਾਗੜੇ (ਪਿਛਲੇ ਹਿੱਸੇ) ਵੈਰੀਆਂ ਦੀਆਂ ਛਾਤੀਆਂ ਵਿਚ ਇੰਜ ਚਮਕ ਰਹੇ ਹਨ ਮਾਨੋ ਪਹਾੜ ਦੀ ਦਰਾੜ ਵਿਚੋਂ ਮੈਨਾ (ਸਾਰਕ) ਦੇ ਬੱਚੇ ਜਿਵੇਂ ਚੁੰਜਾਂ ਪਸਾਰ ਰਹੇ ਹੋਣ।੬੬।

ਸੁੰਭ ਨੂੰ ਤੀਰ ਲਗੇ ਵੇਖ ਕੇ ਦੈਂਤ ਤਲਵਾਰਾਂ ਖਿਚ ਕੇ ਯੁੱਧ-ਭੂਮੀ ਵਿਚ ਧਸ ਗਏ। ਰਣ-ਭੂਮੀ ਵਿਚ ਵੈਰੀਆਂ ਨੂੰ ਡਿਗਾ ਦਿੱਤਾ ਅਤੇ ਦੇਵਤਿਆਂ ਦਾ ਬਹੁਤ ਖ਼ੂਨ ਵਗਿਆ। ਯੁੱਧ-ਖੇਤਰ ਵਿਚ ਗਣ, ਗਿਦੜ, ਗਿਰਝਾਂ ਤੇ ਪਿਸਾਚ ਸ਼ੋਰ ਪਾਣ ਲਈ ਇਸ ਤਰ੍ਹਾਂ ਪ੍ਰਗਟ ਹੋ ਗਏ ਮਾਨੋ ਸੂਰਮੇ (ਪਿਛਲਿਆਂ ਜਨਮਾਂ ਦੇ) ਪਾਪਾਂ ਨੂੰ ਉਤਾਰਨ ਲਈ ਸਰਸਵਤੀ (ਨਦੀ) ਦੇ ਕੰਢੇ ਉਤੇ ਇਸ਼ਨਾਨ ਕਰ ਰਹੇ ਹੋਣ।੬੭।

(ਸੁੰਭ ਅਤੇ) ਨਿਸੁੰਭ ਭਰਾਵਾਂ ਨੇ ਅਜਿਹਾ ਭਿਆਨਕ ਯੁੱਧ ਸ਼ੁਰੂ ਕੀਤਾ ਕਿ ਇਸ ਤਰ੍ਹਾਂ ਦਾ ਪਹਿਲਾਂ ਕਿਸੇ ਦੈਂਤ ਨੇ ਨਹੀਂ ਕੀਤਾ ਸੀ। ਲੋਥਾਂ ਉਤੇ ਲੋਥਾਂ ਚੜ੍ਹ ਗਈਆਂ ਸਨ ਅਤੇ ਉਥੇ (ਉਨ੍ਹਾਂ ਦਾ) ਮਾਸ ਗਿਰਝਾਂ ਅਤੇ ਗਿਦੜ ਖਾ ਰਹੇ ਸਨ। (ਕਈਆਂ ਦੇ) ਸਿਰਾਂ ਦੇ ਵਾਲਾਂ ਵਿਚੋਂ ਸਫ਼ੈਦ ਮਿਝ ਵਗ ਕੇ ਧਰਤੀ ਉਤੇ ਪੈ ਰਹੀ ਹੈ, ਮਾਨੋ ਸ਼ਿਵ ('ਜਟਾਧਰ') ਦੀਆਂ ਜਟਾਵਾਂ ਤੋਂ ਗੁੱਸੇ ਨਾਲ ਗੰਗਾ-ਜਲ ਡਿਗ ਰਿਹਾ ਹੋਵੇ।੬੮।

ਉਸ ਥਾਂ (ਸੂਰਮਿਆਂ ਦੇ ਵਾਲ) ਕਾਈ ('ਸਿਵਾਰ') ਵਾਂਗ ਅਤੇ (ਸੂਰਮਿਆਂ ਦੇ) ਛਤ੍ਰ ਝਗ ਵਾਂਗ ਤਰਦੇ ਫਿਰਦੇ ਸਨ। ਹੱਥਾਂ ਦੀਆਂ ਉਂਗਲਾਂ ਮੱਛੀਆਂ ਦੇ ਰੂਪ ਵਿਚ ਤੜਪਦੀਆਂ ਹਨ ਅਤੇ ਕਟੀਆਂ ਹੋਈਆਂ ਬਾਂਹਵਾਂ ਨੂੰ ਕਰਤਾ ਨੇ ਸੱਪਾਂ ਦਾ ਰੂਪ ਦਿੱਤਾ ਹੈ। (ਉਸ) ਲਹੂ ਦੀ ਨਦੀ ਵਿਚ (ਮਰੇ ਹੋਏ) ਘੋੜੇ ਮਗਰ ਮੱਛਾਂ ਵਾਂਗ ਹਨ, ਝੰਡੇ ਬ੍ਰਿਛਾਂ ਵਰਗੇ ਹਨ, (ਰਥ ਦੇ ਪਹੀਇਆਂ ਦੇ) ਚੱਕਰ ਪਾਣੀ ਵਿਚ ਪੈਣ ਵਾਲੇ ਘੁੰਮਰ-ਘੇਰ ਹਨ। ਤਦ ਸੁੰਭ ਅਤੇ ਨਿਸੁੰਭ ਦੋਹਾਂ ਦੈਂਤਾਂ ਨੇ ਮਿਲ ਕੇ ਇਤਨੀ ਘੋਰ ਮਾਰ ਮਚਾਈ ਮਾਨੋ ਯੁੱਧ-ਭੂਮੀ (ਖ਼ੂਨ ਦੀ) ਨਦੀ ਬਣਾ ਦਿੱਤੀ ਹੋਵੇ।੬੯।

ਦੋਹਰਾ

(ਉਸ ਯੁੱਧ ਵਿਚ) ਦੇਵਤੇ ਹਾਰ ਗਏ ਅਤੇ ਦੈਂਤ ਜਿਤ ਗਏ ਅਤੇ (ਉਨ੍ਹਾਂ ਨੇ ਦੇਵਤਿਆਂ ਦਾ) ਸਾਰਾ ਸਾਮਾਨ ਹਥਿਆ ਲਿਆ। (ਦੈਂਤਾਂ ਨੇ) ਮਹਾਨ ਸ਼ਕਤੀਸ਼ਾਲੀ ਦਲ ਸਾਜ ਕੇ ਇੰਦਰ ਨੂੰ ਭਜਾ ਦਿੱਤਾ।੭੦।

ਸ੍ਵੈਯਾ

(ਦੈਂਤਾਂ ਨੇ) ਕੁਬੇਰ ਤੋਂ ਖ਼ਜ਼ਾਨਾ ਲੁਟ ਲਿਆ ਅਤੇ ਸ਼ੇਸ਼-ਨਾਗ ਤੋਂ ਮਣੀਆਂ ਦੀ ਮਾਲਾ ਖੋਹ ਲਈ। ਬ੍ਰਹਮਾ ('ਲੁਕੇਸ'), ਸੂਰਜ, ਚੰਦ੍ਰਮਾ ('ਨਿਸੇਸ'), ਗਣੇਸ਼ ਅਤੇ ਵਰੁਣ ਨੂੰ ਜਿਤ ਕੇ ਭਜਾ ਦਿੱਤਾ। (ਉਨ੍ਹਾਂ ਨੇ) ਤਿੰਨੋਂ ਲੋਕ (ਜਿਤ ਕੇ) ਆਪਣੇ ਵਸ ਵਿਚ ਕਰ ਲਏ ਅਤੇ (ਉਥੇ) ਹਕੂਮਤ ਕਰਨ ਲਈ ਦੈਂਤ-ਸਰਦਾਰ ਭੇਜ ਦਿੱਤੇ। ਉਹ ਸਾਰੇ ਦੇਵਤਿਆਂ ਦੇ ਠਿਕਾਣਿਆਂ ਵਿਚ ਜਾ ਵਸੇ ਅਤੇ ਉਨ੍ਹਾਂ ਨੇ ਸੁੰਭ ਨਿਸੁੰਭ ਦੀ ਦੁਹਾਈ ਫਿਰਾ ਦਿੱਤੀ।੭੧।

ਦੋਹਰਾ

ਖੇਤ ਜੀਤ ਦੈਤਨ ਲੀਓ ਗਏ ਦੇਵਤੇ ਭਾਜ।
ਇਹੈ ਬਿਚਾਰਿਓ ਮਨ ਬਿਖੈ ਲੇਹੁ ਸਿਵਾ ਤੇ ਰਾਜ। ੭੨।

ਸ੍ਵੈਯਾ

ਦੇਵ ਸੁਰੇਸ ਦਿਨੇਸ ਨਿਸੇਸ ਮਹੇਸ ਪੁਰੀ ਮਹਿ ਜਾਇ ਬਸੇ ਹੈ।
ਭੇਸ ਬੁਰੇ ਤਹਾ ਜਾਇ ਦੁਰੇ ਸਿਰ ਕੇਸ ਜੁਰੇ ਰਨ ਤੇ ਜੁ ਤ੍ਰਸੇ ਹੈ।
ਹਾਲ ਬਿਹਾਲ ਮਹਾ ਬਿਕਰਾਲ ਸੰਭਾਲ ਨਹੀ ਜਨੁ ਕਾਲ ਗ੍ਰਸੇ ਹੈ।
ਬਾਰ ਹੀ ਬਾਰ ਪੁਕਾਰ ਕਰੀ ਅਤਿ ਆਰਤਵੰਤ ਦਰੀਨਿ ਧਸੇ ਹੈ। ੭੩।

ਕਾਨ ਸੁਨੀ ਧੁਨਿ ਦੇਵਨ ਕੀ ਸਭ ਦਾਨਵ ਮਾਰਨ ਕੋ ਪ੍ਰਨ ਕੀਨੋ।
ਹੁਇ ਕੈ ਪ੍ਰਤਛ ਮਹਾ ਬਰ ਚੰਡਿ ਸੁ ਕ੍ਰੁਧ ਹ੍ਵੈ ਜੁਧ ਬਿਖੈ ਮਨ ਦੀਨੋ।
ਭਾਲ ਕੋ ਫੋਰ ਕੈ ਕਾਲੀ ਭਈ ਲਖਿ ਤਾ ਛਬਿ ਕੋ ਕਬਿ ਕੋ ਮਨ ਭੀਨੋ।
ਦੈਤ ਸਮੂਹਿ ਬਿਨਾਸਨ ਕੋ ਜਮ ਰਾਜ ਤੇ ਮ੍ਰਿਤ ਮਨੋ ਭਵ ਲੀਨੋ। ੭੪।

ਪਾਨ ਕ੍ਰਿਪਾਨ ਧਰੇ ਬਲਵਾਨ ਸੁ ਕੋਪ ਕੈ ਬਿਜੁਲ ਜਿਉ ਗਰਜੀ ਹੈ।
ਮੇਰੁ ਸਮੇਤ ਹਲੇ ਗਰੂਏ ਗਿਰ ਸੇਸ ਕੇ ਸੀਸ ਧਰਾ ਲਰਜੀ ਹੈ।
ਬ੍ਰਹਮ ਧਨੇਸ ਦਿਨੇਸ ਡਰਿਓ ਸੁਨ ਕੈ ਹਰਿ ਕੀ ਛਤੀਆ ਤਰਜੀ ਹੈ।
ਚੰਡ ਪ੍ਰਚੰਡ ਅਖੰਡ ਲੀਏ ਕਰਿ ਕਾਲਿਕਾ ਕਾਲ ਹੀ ਜਿਉ ਅਰਜੀ ਹੈ। ੭੫।

ਦੋਹਰਾ

ਨਿਰਖ ਚੰਡਕਾ[1] ਤਾਸ ਕੋ ਤਬੈ ਬਚਨ ਇਹ ਕੀਨ।
ਹੇ ਪੁਤ੍ਰੀ ਤੂੰ ਕਾਲਿਕਾ ਹੋਹੁ ਜੁ ਮੁਝ ਮੈ ਲੀਨ। ੭੬।
ਸੁਨਤ ਬਚਨ ਯਹ ਚੰਡਿ ਕੋ ਤਾ ਮਹਿ ਗਈ ਸਮਾਇ।
ਜਿਉ ਗੰਗਾ ਕੀ ਧਾਰ ਮੈ ਜਮੁਨਾ ਪੈਠੀ ਧਾਇ। ੭੭।

ਸ੍ਵੈਯਾ

ਬੈਠ ਤਬੈ ਗਿਰਿਜਾ ਅਰੁ ਦੇਵਨ ਬੁਧਿ ਇਹੈ ਮਨ ਮਧਿ ਬਿਚਾਰੀ।
ਜੁਧ ਕੀਏ ਬਿਨੁ ਫੇਰ ਫਿਰੈ ਨਹਿ ਭੂਮਿ ਸਭੈ ਅਪਨੀ ਅਵਧਾਰੀ।
ਇੰਦ੍ਰ ਕਹਿਓ ਅਬ ਢੀਲ ਬਨੇ ਨਹਿ ਮਾਤ ਸੁਨੋ ਯਹ ਬਾਤ ਹਮਾਰੀ।
ਦੈਤਨ ਕੇ ਬਧ ਕਾਜ ਚਲੀ ਰਣਿ ਚੰਡ ਪ੍ਰਚੰਡ ਭੁਜੰਗਨਿ ਕਾਰੀ। ੭੮।

---

੧. 'ਅੰਬਿਕਾ'

ਦੋਹਰਾ

ਦੈਂਤਾਂ ਨੇ ਯੁੱਧ-ਭੂਮੀ ਵਿਚ ਜਿਤ ਪ੍ਰਾਪਤ ਕਰ ਲਈ ਅਤੇ ਦੇਵਤੇ ਭਜ ਗਏ। (ਦੇਵਤਿਆਂ ਨੇ) ਮਨ ਵਿਚ ਇਹ ਵਿਚਾਰ ਕੀਤਾ ਕਿ ਚੰਡੀ ('ਸਿਵਾ') ਰਾਹੀਂ (ਫਿਰ ਤੋਂ) ਰਾਜ ਪ੍ਰਾਪਤ ਕਰ ਲਿਆ ਜਾਏ।੭੨।

ਸ੍ਵੈਯਾ

ਇੰਦਰ ('ਸੁਰੇਸ'), ਸੂਰਜ, ਚੰਦ੍ਰਮਾ, ਆਦਿ (ਸਾਰੇ) ਦੇਵਤੇ ਸ਼ਿਵਪੁਰੀ ਵਿਚ ਜਾ ਵਸੇ ਹਨ। ਯੁੱਧ ਦੇ ਡਰੋਂ (ਦੇਵਤੇ) ਬੁਰੇ ਹਾਲ ਉਥੇ ਜਾ ਕੇ ਲੁਕੇ (ਦੁਰੇ) ਹਨ ਅਤੇ (ਨ ਵਾਹਣ ਕਾਰਨ ਉਨ੍ਹਾਂ ਦੇ) ਵਾਲ ਜੁੜ ਗਏ ਹਨ। ਹਾਲੋਂ ਬਿਹਾਲ ਹੋ ਕੇ ਬਹੁਤ ਕੁਰੂਪ ਹੋ ਗਏ ਹਨ, (ਉਨ੍ਹਾਂ ਨੂੰ ਸ਼ਰੀਰ ਦੀ) ਸੁਧ ਹੀ ਨਹੀਂ ਰਹੀ। (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਮੌਤ ਦੇ ਗ੍ਰਸੇ ਹੋਏ ਹੋਣ। ਬਾਰ ਬਾਰ (ਰਖਿਆ ਲਈ) ਪੁਕਾਰਦੇ ਹੋਏ ਪੀੜਤ ਅਵਸਥਾ ਵਿਚ (ਕੈਲਾਸ਼ ਪਰਬਤ ਦੀਆਂ) ਕੰਦਰਾਵਾਂ ਵਿਚ ਵੜੇ ਹੋਏ ਹਨ।੭੩।

(ਜਦ ਚੰਡੀ ਨੇ) ਦੇਵਤਿਆਂ ਦੀ ਕੁਰਲਾਹਟ ਕੰਨਾਂ ਨਾਲ ਸੁਣੀ (ਤਦ) ਸਾਰਿਆਂ ਦੈਂਤਾਂ ਨੂੰ ਮਾਰਨ ਦੀ ਪ੍ਰਤਿਗਿਆ ਕੀਤੀ। ਮਹਾ ਬਲਵਾਨ ਚੰਡੀ ਪ੍ਰਤਖ ਹੋਈ ਅਤੇ ਕ੍ਰੋਧਵਾਨ ਹੋ ਕੇ ਯੁੱਧ ਵਲ ਮਨ ਨੂੰ ਮੋੜਿਆ। (ਦੁਰਗਾ ਦਾ) ਮੱਥਾ ਫੋੜ ਕੇ ਕਾਲੀ ਪ੍ਰਗਟ ਹੋਈ ਜਿਸ ਦੀ ਛਵੀ ਨੂੰ ਵੇਖ ਕੇ ਕਵੀ ਦਾ ਮਨ (ਇਹ ਉਪਮਾ ਦੇਣ ਲਈ) ਲਲਚਾਇਆ; ਮਾਨੋ ਦੈਂਤਾਂ ਦੇ ਸਮੂਹ ਦਾ ਵਿਨਾਸ਼ ਕਰਨ ਲਈ ਯਮ-ਰਾਜ ਤੋਂ ਮ੍ਰਿਤੂ ਨੇ ਜਨਮ ਲਿਆ ਹੋਵੇ।੭੪।

ਬਲਵਾਨ (ਕਾਲੀ) ਹੱਥ ਵਿਚ ਤਲਵਾਰ ਫੜ ਕੇ ਕ੍ਰੋਧ ਨਾਲ ਬਿਜਲੀ ਵਾਂਗ ਗਰਜੀ ਹੈ। (ਉਸ ਦੀ ਗਰਜਨਾ ਨਾਲ) ਸੁਮੇਰ ਪਰਬਤ ਸਮੇਤ ਵਡੇ ਵਡੇ ('ਗਰੂਏ') ਪਹਾੜ ਹਿਲ ਗਏ ਹਨ ਅਤੇ ਸ਼ੇਸ਼-ਨਾਗ ਦੇ ਸਿਰ ਉਤੇ ਟਿਕੀ ਧਰਤੀ ਵੀ ਕੰਬ ਗਈ ਹੈ। (ਉਸ ਗਰਜ ਨੂੰ) ਸੁਣ ਕੇ ਬ੍ਰਹਮਾ, ਕੁਬੇਰ, ਸੂਰਜ ਆਦਿ ਡਰ ਗਏ ਹਨ ਅਤੇ ਵਿਸ਼ਣੂ (ਹਰਿ) ਦੀ ਛਾਤੀ ਵੀ ਧੜਕਣ ਲਗ ਗਈ ਹੈ। ਪ੍ਰਚੰਡ ਤਿਖੀ ਅਖੰਡ (ਤਲਵਾਰ) ਹੱਥ ਵਿਚ ਲੈ ਕੇ ਕਾਲਕਾ ਕਾਲ ਵਾਂਗ ਪ੍ਰਗਟ ਹੋਈ ਹੈ।੭੫।

ਦੋਹਰਾ

ਚੰਡਿਕਾ ਨੇ ਉਸ (ਕਾਲਕਾ) ਨੂੰ ਵੇਖ ਕੇ ਤਦੋਂ ਇਹ ਬਚਨ ਕੀਤਾ ਕਿ ਹੇ ਪੁੱਤਰੀ ਕਾਲਕਾ! ਤੂੰ ਮੇਰੇ ਵਿਚ ਲੀਨ ਹੋ ਜਾ।੭੬। ਚੰਡੀ ਦੇ ਇਹ ਬਚਨ ਸੁਣ ਕੇ (ਕਾਲਕਾ) ਉਸ ਵਿਚ ਸਮਾ ਗਈ ਜਿਵੇਂ ਗੰਗਾ ਦੇ ਵਹਿਣ ਵਿਚ ਜਮਨਾ ਜਾ ਮਿਲਦੀ ਹੈ।੭੭।

ਸ੍ਵੈਯਾ

ਤਦ ਦੁਰਗਾ ਅਤੇ ਦੇਵਤਿਆਂ ਨੇ ਬੈਠ ਕੇ ਮਨ ਵਿਚ ਵਿਚਾਰ ਕੀਤਾ ਕਿ ਯੁੱਧ ਕੀਤੇ ਬਿਨਾ ਫਿਰ (ਉਹ) ਸਾਰੀ ਭੂਮੀ ਨਹੀਂ ਪਰਤਦੀ (ਜਿਸ ਉਤੇ) ਆਪਣਾ ਅਧਿਕਾਰ ਸੀ। ਇੰਦਰ ਨੇ ਕਿਹਾ ਕਿ ਹੇ ਮਾਤਾ! ਮੇਰੀ ਇਹ ਗੱਲ ਸੁਣੋ, ਹੁਣ ਢਿਲ ਕੀਤਿਆਂ ਨਹੀਂ ਬਣਦੀ। (ਫਲਸਰੂਪ) ਕਾਲੀ ਸੱਪਣੀ ਵਾਂਗ ਪ੍ਰਚੰਡ ਚੰਡੀ ਦੈਂਤ ਦੇ ਸੰਘਾਰ ਲਈ ਯੁੱਧ-ਭੂਮੀ ਨੂੰ ਚਲ ਪਈ।੭੮।

ਕੰਚਨ ਸੇ ਤਨ ਖੰਜਨ ਸੇ ਦ੍ਰਿਗ ਕੰਜਨ ਕੀ ਸੁਖਮਾ ਸਕੁਚੀ ਹੈ।
ਲੈ ਕਰਤਾਰ ਸੁਧਾ ਕਰ ਮੈ ਮਧ ਮੂਰਤਿ ਸੀ ਅੰਗ ਅੰਗ ਰਚੀ ਹੈ।
ਆਨਨ ਕੀ ਸਰ ਕੋ ਸਸਿ ਨਾਹਿਨ ਅਉਰ ਕਛੂ ਉਪਮਾ ਨ ਬਚੀ ਹੈ।
ਸ੍ਰਿੰਗ ਸੁਮੇਰ ਕੇ ਚੰਡਿ ਬਿਰਾਜਤ ਮਾਨੋ ਸਿੰਘਾਸਨ ਬੈਠੀ ਸਚੀ ਹੈ। ੭੯।

ਦੋਹਰਾ

ਐਸੇ ਸ੍ਰਿੰਗ ਸੁਮੇਰ ਕੇ ਸੋਭਤ ਚੰਡਿ ਪ੍ਰਚੰਡ।
ਚੰਦ੍ਰਹਾਸ ਕਰਿ ਬਰ ਧਰੇ ਜਨ ਜਮ ਲੀਨੇ ਦੰਡ। ੮੦।
ਕਿਸੀ ਕਾਜ ਕੋ ਦੈਤ ਇਕ ਆਇਓ ਹੈ ਤਿਹ ਠਾਇ।
ਨਿਰਖ ਰੂਪ ਬਰੁ ਚੰਡਿ ਕੋ ਗਿਰਿਓ ਮੂਰਛਾ ਖਾਇ। ੮੧।
ਉਠਿ ਸੰਭਾਰਿ ਕਰ ਜੋਰ ਕੈ ਕਹੀ ਚੰਡ ਸੋ ਬਾਤ।
ਨ੍ਰਿਪਤਿ ਸੁੰਭ ਕੋ ਭਾਤ ਹੌ ਕਹ੍ਯੋ ਬਚਨ ਸੁਕਚਾਤ। ੮੨।
ਤੀਨ ਲੋਕ ਜਿਨਿ ਬਸਿ ਕੀਏ ਅਤਿ ਬਲ ਭੁਜਾ ਅਖੰਡ।
ਐਸੋ ਭੂਪਤਿ ਸੁੰਭ ਹੈ ਤਾਹਿ ਬਰੇ ਬਰਿ ਚੰਡ। ੮੩।
ਸੁਨਿ ਰਾਕਸ ਕੀ ਬਾਤ ਕੋ ਦੇਵੀ ਉੱਤਰ ਦੀਨ।
ਜੁਧ ਕਰੈ ਬਿਨੁ ਨਹਿ ਬਰੋ ਸੁਨਹੁ ਦੈਤ ਮਤਹੀਨ। ੮੪।
ਇਹ ਸੁਨਿ ਦਾਨਵ ਚਪਲ ਗਤਿ ਗਇਓ ਸੁੰਭ ਕੇ ਪਾਸ।
ਪਰਿ ਪਾਇਨ ਕਰ ਜੋਰ ਕੈ ਕਰੀ ਏਕ ਅਰਦਾਸ। ੮੫।
ਅਉਰ ਰਤਨ ਨ੍ਰਿਪ ਧਾਮ ਤੁਅ ਤ੍ਰੀਆ ਰਤਨ ਤੇ ਹੀਨ।
ਬਧੂ ਏਕ ਬਨ ਮੈ ਬਸੈ ਤਿਹ ਤੁਮ ਬਰੋ ਪ੍ਰਬੀਨ। ੮੬।

ਸੋਰਠਾ

ਸੁਨੀ ਮਨੋਹਰਿ ਬਾਤ ਨ੍ਰਿਪ ਬੂਝਿਓ ਪੁਨਿ ਤਾਹਿ ਕੋ।
ਮੋਸੋ ਕਹਿਯੈ ਭ੍ਰਾਤ ਬਰਨਨ ਤਾਹਿ ਸਰੀਰ ਕੋ। ੮੭।

ਸ੍ਵੈਯਾ

ਹਰਿ ਸੋ ਮੁਖ ਹੈ ਹਰਿਤੀ ਦੁਖ ਹੈ ਅਲਿਕੈ ਹਰ ਹਾਰ ਪ੍ਰਭਾ ਹਰਿਨੀ ਹੈ।
ਲੋਚਨ ਹੈ ਹਰਿ ਸੇ ਸਰਸੇ ਹਰਿ ਸੇ ਭਰੁਟੇ ਹਰਿਸੀ ਬਰੁਨੀ ਹੈ।
ਕੇਹਰਿ ਸੋ ਕਰਿਹਾ ਚਲਬੋ ਹਰਿ ਪੈ ਹਰਿ ਕੀ ਹਰਿਨੀ ਤਰਨੀ ਹੈ।
ਹੈ ਕਰ ਮੈ ਹਰਿ ਪੈ ਹਰਿ ਸੋ ਹਰਿ ਰੂਪ ਕੀਏ ਹਰਕੀ ਧਰਨੀ ਹੈ। ੮੮।

(ਦੇਵੀ ਦਾ) ਸੋਨੇ ਵਰਗਾ (ਚਮਕਦਾਰ) ਸ਼ਰੀਰ, ਮਮੋਲੇ (ਪੰਛੀ) ਵਰਗੀਆਂ (ਸੁੰਦਰ) ਅੱਖਾਂ ਹਨ ਅਤੇ (ਉਸ ਦੀ) ਸੁੰਦਰਤਾ ਨੂੰ ਵੇਖ ਕੇ ਕਮਲ ਦੀ ਕੋਮਲਤਾ ਸ਼ਰਮਾ ਰਹੀ ਹੈ। (ਇੰਜ ਪ੍ਰਤੀਤ ਹੁੰਦਾ ਹੈ ਕਿ) ਕਰਤਾਰ ਨੇ ਅੰਮ੍ਰਿਤ ('ਸੁਧਾ') ਨੂੰ ਹੱਥ ਵਿਚ ਲੈ ਕੇ ਉਸ ਦੀ ਪੁਤਲੀ ਬਣਾ ਕੇ ਅੰਗ-ਅੰਗ ਦੀ ਰਚਨਾ ਕੀਤੀ ਹੋਵੇ। (ਉਸ ਦੇ) ਮੁਖ ਦੇ ਬਰਾਬਰ ਚੰਦ੍ਰਮਾ ਨਹੀਂ ਹੈ ਅਤੇ (ਇਸ ਤੋਂ ਛੁਟ) ਹੋਰ ਕੋਈ ਉਪਮਾ (ਬਾਕੀ) ਬਚੀ ਨਹੀਂ ਹੈ। (ਅਜਿਹੀ) ਚੰਡੀ ਸੁਮੇਰ ਪਰਬਤ ਦੀ ਚੋਟੀ ਉਤੇ ਬੈਠੀ ਹੈ ਮਾਨੋ ਸਿੰਘਾਸਨ ਉਤੇ ਸਚੀ (ਇੰਦਰ ਦੀ ਪਤਨੀ) ਬੈਠੀ ਹੋਵੇ।੭੯।

ਦੋਹਰਾ

ਸੁਮੇਰ ਪਰਬਤ ਉਤੇ ਪ੍ਰਚੰਡ ਚੰਡੀ ਹੱਥ ਵਿਚ ਸੁੰਦਰ ਤਲਵਾਰ ਧਾਰਨ ਕੀਤੇ ਹੋਇਆਂ ਇੰਜ ਸੁਸ਼ੋਭਿਤ ਹੈ ਮਾਨੋ ਯਮਰਾਜ ਨੇ ਹੱਥ ਵਿਚ ਡੰਡਾ ਲਿਆ ਹੋਇਆ ਹੋਵੇ।੮੦। ਉਸ ਵੇਲੇ ਕੋਈ ਦੈਂਤ ਕਿਸੇ ਕੰਮ ਉਥੇ ਆ ਗਿਆ ਅਤੇ ਚੰਡੀ ਦੇ ਸੁੰਦਰ ਸਰੂਪ ਨੂੰ ਵੇਖ ਕੇ ਬੇਸੁਧ ਹੋ ਕੇ ਡਿਗ ਪਿਆ।੮੧।

(ਉਹ ਆਪਣੇ ਆਪ ਨੂੰ) ਸੰਭਾਲ ਕੇ ਉਠਿਆ ਅਤੇ ਹੱਥ ਜੋੜ ਕੇ ਚੰਡੀ ਨੂੰ ਬੇਨਤੀ ਕੀਤੀ ਕਿ ਮੈਂ ਰਾਜੇ ਸੁੰਭ ਦਾ ਭਰਾ ਹਾਂ। ਫਿਰ ਝਕਦੇ ਹੋਇਆਂ ਬੋਲਿਆ।੮੨। ਕਿ ਜਿਸ ਨੇ ਆਪਣੀਆਂ ਦ੍ਰਿੜ੍ਹ ਭੁਜਾਵਾਂ ਦੇ ਬਲ ਨਾਲ ਤਿੰਨ ਲੋਕਾਂ ਨੂੰ ਵਸ ਵਿਚ ਕਰ ਲਿਆ ਹੈ, ਅਜਿਹੇ ਰਾਜੇ ਸੁੰਭ ਨੂੰ ਹੇ ਸੁੰਦਰ ਦੇਵੀ! ਤੂੰ ਵਰ ਲੈ।੮੩।

(ਉਸ) ਦੈਂਤ ਦੀ ਗੱਲ ਸੁਣ ਕੇ ਦੇਵੀ ਨੇ ਉਤਰ ਦਿੱਤਾ ਕਿ ਹੇ ਬੁੱਧੀ-ਹੀਨ ਦੈਂਤ! ਸੁਣ, ਮੈਂ ਯੁੱਧ ਕੀਤੇ ਬਿਨਾ (ਉਸ ਨੂੰ) ਨਹੀਂ ਵਰਾਂਗੀ (ਭਾਵ ਯੁੱਧ ਵਿਚ ਜਿਤ ਕੇ ਹੀ ਮੈਨੂੰ ਵਰਿਆ ਜਾ ਸਕਦਾ ਹੈ)।੮੪। ਇਹ (ਗੱਲ) ਸੁਣ ਕੇ ਦੈਂਤ ਬਿਜਲੀ ਦੀ ਗਤੀ ਨਾਲ ਸੁੰਭ ਕੋਲ ਗਿਆ। ਪੈਰੀਂ ਪੈ ਕੇ ਅਤੇ ਹੱਥ ਜੋੜ ਕੇ (ਉਸ ਨੇ) ਇਕ ਅਰਜ਼ ਕੀਤੀ।੮੫।

ਹੇ ਰਾਜਨ! ਤੇਰੇ ਘਰ ਵਿਚ ਹੋਰ ਸਾਰੇ ਰਤਨ ਹਨ, ਪਰ (ਤੇਰਾ ਘਰ) ਇਸਤਰੀ ਰਤਨ ਤੋਂ ਸਖਣਾ ਹੈ। ਇਕ ਇਸਤਰੀ ਬਨ ਵਿਚ ਵਸਦੀ ਹੈ, ਹੇ ਪ੍ਰਬੀਨ (ਰਾਜੇ)! ਤੁਸੀਂ ਉਸ ਨੂੰ ਵਰ ਲਵੋ।੮੬।

ਸੋਰਠਾ

ਰਾਜੇ ਸੁੰਭ ਨੇ ਇਹ ਮਨਮੋਹਕ ਗੱਲ ਸੁਣੀ (ਤਾਂ ਉਸ ਨੇ) ਫਿਰ ਪੁਛਿਆ ਕਿ ਹੇ ਭਰਾ! ਤੂੰ ਮੈਨੂੰ ਉਸ ਦੇ ਸ਼ਰੀਰ (ਦੀ ਸੁੰਦਰਤਾ ਦਾ) ਬ੍ਰਿੱਤਾਂਤ ਸੁਣਾ।੮੭।

ਸ੍ਵੈਯਾ

(ਉਸ ਇਸਤਰੀ ਦਾ) ਮੁਖ ਚੰਦ੍ਰਮਾ ਵਰਗਾ ਹੈ, ਦੁਖ ਨੂੰ ਦੂਰ ਕਰਨ ਵਾਲੀ ਹੈ ਅਤੇ (ਉਸ ਦੀਆਂ ਲੰਬੀਆਂ) ਜ਼ੁਲਫ਼ਾਂ ਸ਼ਿਵ ਦੇ (ਗਲ ਵਿਚ ਪਏ ਹੋਏ ਸੱਪਾਂ ਦੇ) ਹਾਰ ਦੀ ਸੁੰਦਰਤਾ ਨੂੰ ਮਾਤ ਪਾਉਂਦੀਆਂ ਹਨ। (ਉਸ ਦੀਆਂ) ਅੱਖਾਂ ਖਿੜੇ ਹੋਏ ਕਮਲ ਦੇ ਫੁਲ ਵਰਗੀਆਂ ਹਨ, ਭਰਵਟੇ ਕਮਾਨ ਵਰਗੇ ਹਨ ਅਤੇ ਦ੍ਰਿਸ਼ਟੀ ਤੀਰ ਵਰਗੀ ਹੈ। ਲਕ ਸ਼ੇਰ ਵਰਗਾ (ਪਤਲਾ) ਹੈ, ਚਾਲ ਹਾਥੀ ਵਰਗੀ ਹੈ ਅਤੇ ਕਾਮਦੇਵ ਦੀ ਪਤਨੀ ਰਤਿ ਦੀ ਸ਼ੋਭਾ ਨੂੰ ਦੂਰ ਕਰਨ ਵਾਲੀ ਹੈ (ਭਾਵ ਉਸ ਤੋਂ ਅਧਿਕ ਸੁੰਦਰ ਹੈ)। (ਉਸ ਦੇ) ਹੱਥ ਵਿਚ ਤਲਵਾਰ ਹੈ, ਸ਼ੇਰ ਉਤੇ (ਸਵਾਰ) ਹੈ, ਸੂਰਜ ਵਰਗੇ ਤੇਜਸਵੀ ਰੂਪ ਵਾਲੀ ਹੈ ਅਤੇ ਸ਼ਿਵ ਦੀ ਪਤਨੀ ਹੈ।੮੮।

ਕਬਿਤੁ

ਮੀਨ ਮੁਰਝਾਨੇ ਕੰਜ ਖੰਜਨ ਖਿਸਾਨੇ ਅਲਿ
ਫਿਰਤ ਦਿਵਾਨੇ ਬਨਿ ਡੋਲੈ ਜਿਤ ਤਿਤਹੀ।
ਕੀਰ ਅਉ ਕਪੋਤ ਬਿੰਬ ਕੋਕਿਲਾ ਕਲਾਪੀ ਬਨਿ
ਲੂਟੇ ਫੂਟੇ ਫਿਰੈ ਮਨਿ ਚੈਨ ਹੂੰ ਨ ਕਿਤਹੀ।
ਦਾਰਿਮ ਦਰਕ ਗਇਓ ਪੇਖਿ ਦਸਨਨਿ ਪਾਤਿ
ਰੂਪ ਹੀ ਕੀ ਕ੍ਰਾਂਤਿ ਜਗਿ ਫੈਲ ਰਹੀ ਸਿਤਹੀ।
ਐਸੀ ਗੁਨ ਸਾਗਰ ਉਜਾਗਰ ਸੁ ਨਾਗਰਿ ਹੈ
ਲੀਨੋ ਮਨ ਮੇਰੋ ਹਰਿ ਨੈਨ ਕੋਰਿ ਚਿਤਹੀ। ੮੯।

ਦੋਹਰਾ

ਬਾਤ ਦੈਤ ਕੀ ਸੁੰਭ ਸੁਨਿ ਬੋਲਿਓ ਕਛੁ ਮੁਸਕਾਤ।
ਚਤੁਰ ਦੂਤ ਕੋਊ ਭੇਜੀਏ ਲਖਿ ਆਵੈ ਤਿਹ ਘਾਤ। ੯੦।
ਬਹੁਰਿ ਕਹੀ ਉਨ ਦੈਤ ਅਬ ਕੀਜੈ ਏਕ ਬਿਚਾਰ।
ਜੋ ਲਾਇਕ ਭਟ ਸੈਨ ਮੈ ਭੇਜਹੁ ਦੈ ਅਧਿਕਾਰ। ੯੧।

ਸ੍ਵੈਯਾ

ਬੈਠੋ ਹੁਤੋ ਨ੍ਰਿਪ ਮਧਿ ਸਭਾ ਉਠਿ ਕੈ ਕਰਿ ਜੋਰਿ ਕਹਿਓ ਮਮ ਜਾਊ।
ਬਾਤਨ ਤੇ ਰਿਝਵਾਇ ਮਿਲਾਇ ਹੋ ਨਾਤਰਿ ਕੇਸਨ ਤੇ ਗਹਿ ਲਿਆਊ।
ਕ੍ਰੁਧ੍ਰ ਕਰੇ ਤਬ ਜੁਧੁ ਕਰ ਰਣਿ ਸ੍ਰਉਣਤ ਕੀ ਸਰਤਾਨ ਬਹਾਊ।
ਲੋਚਨ ਧੂਮ ਕਹੈ ਬਲ ਆਪਨੋ ਸ੍ਵਾਸਨ ਸਾਥ ਪਹਾਰ ਉਡਾਊ। ੯੨।

ਦੋਹਰਾ

ਉਠੇ ਬੀਰ ਕੋ ਦੇਖ ਕੈ ਸੁੰਭ ਕਹੀ ਤੁਮ ਜਾਹੁ।
ਰੀਝੈ ਆਵੈ ਆਨੀਓ ਖੀਝੇ ਜੁਧ ਕਰਾਹੁ। ੯੩।
ਤਹਾ ਧੂਮ੍ਰ ਲੋਚਨ ਚਲੇ ਚਤੁਰੰਗਨ ਦਲੁ ਸਾਜਿ।
ਗਿਰ ਘੇਰਿਓ ਘਨ ਘਟਾ ਜਿਉ ਗਰਜ ਗਰਜ ਗਜਰਾਜ। ੯੪।
ਧੂਮ੍ਰ ਨੈਨ ਗਿਰ ਰਾਜ ਤਟਿ ਊਚੇ ਕਹੀ ਪੁਕਾਰਿ।
ਕੈ ਬਰੁ ਸੁੰਭ ਨ੍ਰਿਪਾਲ ਕੋ ਕੈ ਲਰ ਚੰਡਿ ਸੰਭਾਰਿ। ੯੫।
ਰਿਪੁ ਕੇ ਬਚਨ ਸੁੰਨਤ ਹੀ ਸਿੰਘ ਭਈ ਅਸਵਾਰ।
ਗਿਰ ਤੇ ਉਤਰੀ ਬੇਗ ਦੈ ਕਰਿ ਆਯੁਧ ਸਭ ਧਾਰਿ। ੯੬।

ਸ੍ਵੈਯਾ

ਕੋਪ ਕੈ ਚੰਡ ਪ੍ਰਚੰਡ ਚੜੀ ਇਤ ਕ੍ਰੁਧੁ ਕੈ ਧੂਮ੍ਰ ਚੜੈ ਉਤ ਸੈਨੀ।
ਬਾਨ ਕ੍ਰਿਪਾਨਨ ਮਾਰ ਮਚੀ ਤਬ ਦੇਵੀ ਲਈ ਬਰਛੀ ਕਰਿ ਪੈਨੀ।

ਕਬਿੱਤ

(ਹੇ ਰਾਜਨ! ਉਸ ਦੀਆਂ ਚੰਚਲ) ਅੱਖਾਂ ਨੂੰ (ਵੇਖ ਕੇ) ਮੱਛੀ ਸ਼ਰਮਾਉਂਦੀ ਹੈ, ਕਮਲ ਤੇ ਖੰਜਨ ਲਜਾਉਂਦੇ ਹਨ ਅਤੇ ਭੌਰੇ ਦਿਵਾਨੇ ਹੋਏ ਬਨ ਵਿਚ ਇਧਰ ਉਧਰ ਫਿਰਦੇ ਹਨ। (ਨਕ ਨੂੰ ਵੇਖ ਕੇ) ਤੋਤੇ, (ਗਰਦਨ ਨੂੰ ਵੇਖ ਕੇ) ਕਬੂਤਰ, (ਹੋਠਾਂ ਨੂੰ ਵੇਖ ਕੇ) ਕੁੰਦਰੂ ਫਲ, (ਬੋਲਾਂ ਨੂੰ ਸੁਣ ਕੇ) ਕੋਇਲ, ਅਤੇ ਮੋਰ (ਕਲਾਪੀ) ਆਪਣੇ ਮਨ ਦਾ ਚੈਨ ਖੋਹ ਕੇ ਬਨ ਵਿਚ ਲੁਟੇ ਪੁਟੇ ਫਿਰਦੇ ਹਨ। (ਉਸ ਦੇ) ਦੰਦਾਂ ਦੀ ਪੰਕਤੀ ਨੂੰ ਵੇਖ ਕੇ ਅਨਾਰ ਫਟ ਗਿਆ ਹੈ ਅਤੇ ਰੂਪ ਦੀ ਸ਼ੋਭਾ (ਕ੍ਰਾਂਤ) ਜਗਤ ਵਿਚ ਪ੍ਰਕਾਸ਼ ਰੂਪ ਵਿਚ ਪਸਰੀ ਹੋਈ ਹੈ। ਉਹ ਸੁੰਦਰੀ (ਨਾਗਰ) ਅਜਿਹੇ ਗੁਣਾਂ ਦਾ ਸਮੁੰਦਰ ਪ੍ਰਗਟਾਉਂਦੀ ਹੈ। (ਉਸ ਨੇ) ਅੱਖਾਂ ਦੀ ਕਟਾਛ ਨਾਲ ਮੇਰੇ ਮਨ ਨੂੰ ਮੋਹ ਲਿਆ ਹੈ।੮੯।

ਦੋਹਰਾ

(ਉਸ) ਦੈਂਤ ਦੀ ਗੱਲ ਸੁਣ ਕੇ ਰਾਜਾ ਸੁੰਭ ਕੁਝ ਮੁਸਕਰਾ ਕੇ ਕਹਿਣ ਲਗਾ ਕਿ ਕਿਸੇ ਸਿਆਣੇ ਦੂਤ ਨੂੰ ਭੇਜਿਆ ਜਾਵੇ ਜੋ ਉਸ ਨੂੰ ਕਾਬੂ ਕਰਨ ਦਾ ਦਾਉ ਵੇਖ ਆਵੇ।੯੦। ਫਿਰ ਉਸ ਦੈਂਤ ਨੇ ਕਿਹਾ ਕਿ ਹੁਣ ਇਕ ਵਿਚਾਰ ਕਰੋ ਕਿ ਫ਼ੌਜ ਵਿਚ ਜੋ ਸੂਰਮਾ ਇਸ (ਕੰਮ ਲਈ) ਯੋਗ ਹੋਵੇ (ਉਸ ਨੂੰ) ਅਧਿਕਾਰ ਸਹਿਤ ਭੇਜਿਆ ਜਾਵੇ।੯੧।

ਸ੍ਵੈਯਾ

(ਉਸ ਵੇਲੇ) ਰਾਜੇ ਦੀ ਸਭਾ ਵਿਚ ਬੈਠੇ (ਧੂਮ੍ਰਲੋਚਨ ਨੇ) ਨੇ ਉਠ ਕੇ ਹੱਥ ਬੰਨ੍ਹ ਕੇ ਕਿਹਾ -- 'ਮੈਂ ਜਾਵਾਂਗਾ'। ਗੱਲਾਂ ਨਾਲ (ਚੰਡੀ ਨੂੰ) ਫੁਸਲਾ ਕੇ (ਤੁਹਾਨੂੰ) ਮਿਲਾ ਦਿਆਂਗਾ, ਨਹੀਂ ਤਾਂ ਵਾਲਾਂ ਤੋਂ ਪਕੜ ਕੇ ਲੈ ਆਵਾਂਗਾ। (ਜੇ ਉਹ) ਕ੍ਰੋਧ ਕਰੇਗੀ ਤਾਂ ਯੁੱਧ ਕਰਾਂਗਾ ਅਤੇ ਰਣ-ਭੂਮੀ ਵਿਚ ਲਹੂ ਦੀਆਂ ਨਦੀਆਂ ਵਹਾ ਦਿਆਂਗਾ। ਧੂਮ੍ਰਲੋਚਨ (ਸੁੰਭ ਦੀ ਸਭਾ ਵਿਚ) ਆਪਣਾ ਬਲ ਦਸਣ ਲਗਾ ਕਿ (ਮੈਂ) ਫੂਕਾਂ ਨਾਲ ਹੀ (ਸੁਮੇਰ) ਪਰਬਤ ਉਡਾ ਦਿਆਂਗਾ।੯੨।

ਦੋਹਰਾ

(ਇਸ ਤਰ੍ਹਾਂ) ਖੜੋਤੇ ਹੋਏ ਯੁੱਧਵੀਰ (ਧੂਮ੍ਰਲੋਚਨ) ਨੂੰ ਵੇਖ ਕੇ ਸੁੰਭ ਨੇ ਕਿਹਾ □ ਤੂੰ ਜਾ, ਜੇ ਖੁਸ਼ੀ ਨਾਲ ਆਵੇ ਤਾਂ ਲੈ ਆਈਂ, ਅਤੇ ਜੇ ਖਿਝੇ ਤਾਂ ਯੁੱਧ ਕਰੀਂ।੯੩। ਉਦੋਂ ਧੂਮ੍ਰਲੋਚਨ ਚਾਰ ਪ੍ਰਕਾਰ ਦੀ ਸੈਨਾ ਨੂੰ ਤਿਆਰ ਕਰ ਕੇ ਚਲ ਪਿਆ ਤੇ (ਸੁਮੇਰ) ਪਰਬਤ ਨੂੰ ਕਾਲੀ ਘਟਾ ਵਾਂਗ ਘੇਰ ਲਿਆ ਅਤੇ ਗਜਰਾਜ ਦੇ ਸਮਾਨ ਗੱਜਣ ਲਗਾ।੯੪।

ਧੂਮ੍ਰਲੋਚਨ ਨੇ ਸੁਮੇਰ (ਗਿਰ ਰਾਜ) ਕੋਲ ਜਾ ਕੇ ਉੱਚੀ ਆਵਾਜ਼ ਵਿਚ ਕਿਹਾ □ (ਹੇ ਦੇਵੀ!) ਜਾਂ ਤਾਂ ਰਾਜੇ ਸੁੰਭ ਨੂੰ ਵਰ ਲੈ ਜਾਂ ਫਿਰ ਯੁੱਧ ਕਰਨ ਲਈ ਤਿਆਰ ਹੋ ਜਾ।੯੫। ਵੈਰੀ ਦੇ ਬੋਲ ਸੁਣਦਿਆਂ ਹੀ (ਚੰਡੀ ਦੇਵੀ) ਸ਼ੇਰ ਉਤੇ ਸਵਾਰ ਹੋ ਗਈ ਅਤੇ ਸਾਰੇ ਸ਼ਸਤ੍ਰ-ਅਸਤ੍ਰ ਹੱਥਾਂ ਵਿਚ ਧਾਰਨ ਕਰ ਕੇ ਛੇਤੀ ਨਾਲ ਪਹਾੜੋਂ ਹੇਠਾਂ ਉਤਰ ਆਈ।੯੬।

ਸ੍ਵੈਯਾ

ਇਧਰੋਂ ਕ੍ਰੋਧਵਾਨ ਹੋ ਕੇ ਪ੍ਰਚੰਡ ਚੰਡੀ ਚੜ੍ਹੀ ਅਤੇ ਉਧਰੋਂ ਧੂਮ੍ਰਲੋਚਨ ਗੁੱਸੇ ਨਾਲ ਸੈਨਾ ਲੈ ਕੇ ਚੜ੍ਹ ਆਇਆ। ਤੀਰਾਂ ਅਤੇ ਤਲਵਾਰਾਂ ਦੀ ਖੂਬ ਮਾਰ ਮਚੀ, ਤਦ ਦੇਵੀ ਨੇ ਤੀਖਣ ਬਰਛੀ ਹੱਥ ਵਿਚ ਫੜ ਲਈ। ਭਜ ਕੇ ਵੈਰੀ ਦੇ ਮੁਖ ਵਿਚ (ਧਸਾ) ਦਿੱਤੀ।

ਦਉਰ ਦਈ ਅਰਿ ਕੇ ਮੁਖਿ ਮੈ ਕਟਿ ਓਠ ਦਏ ਜਿਮੁ ਲੋਹ ਕੌ ਛੈਨੀ।
ਦਾਤ ਗੰਗਾ ਜਮੁਨਾ ਤਨ ਸਿਆਮ ਸੋ ਲੋਹੂ ਬਹਿਓ ਤਿਨ ਮਾਹਿ ਤ੍ਰਿਬੈਨੀ। ੯੭।

ਘਾਉ ਲਗੈ ਰਿਸਕੈ ਦ੍ਰਿਗ ਧੂਮ੍ਰ ਸੁ ਕੈ ਬਲਿ ਆਪਨੋ ਖਗੁ ਸੰਭਾਰਿਓ।
ਬੀਸ ਪਚੀਸਕੁ ਵਾਰ ਕਰੇ ਤਿਨ ਕੇਹਰਿ ਕੋ ਪਗੁ ਨੈਕੁ ਨ ਹਾਰਿਓ।
ਧਾਇ ਗਦਾ ਗਹਿ ਫੇਰਿ ਕੈ ਫਉਜ ਕੋ ਘਾਉ ਸਿਵਾ ਸਿਰਿ ਦੈਤ ਕੇ ਮਾਰਿਓ।
ਸ੍ਰਿੰਗ ਧਰਾਧਰ ਊਪਰ ਕੋ ਜਨੁ ਕੋਪ ਪੁਰੰਦ੍ਰ ਨੈ ਬਜ੍ਰ ਪ੍ਰਹਾਰਿਓ। ੯੮।

ਲੋਚਨ ਧੂਮ ਉਠੈ ਕਿਲਕਾਰ ਲਏ ਸੰਗ ਦੈਤਨ ਕੇ ਕੁਰਮਾ।
ਗਹਿ ਪਾਨਿ ਕ੍ਰਿਪਾਨ ਅਚਾਨਕ ਤਾਨਿ ਲਗਾਈ ਹੈ ਕੇਹਰਿ ਕੇ ਉਰ ਮਾ।
ਹਰਿ ਚੰਡਿ ਲਇਓ ਬਰਿ ਕੈ ਕਰ ਤੇ ਅਰੁ ਮੁੰਡ ਕਟਿਓ ਅਸੁਰੰ ਪੁਰ ਮਾ।
ਮਾਨੋ ਆਧੀ ਬਹੇ ਧਰਨੀ ਪਰ ਛੂਟੀ ਖਜੂਰ ਤੇ ਟੂਟ ਪਰਿਓ ਖੁਰਮਾ। ੯੯।

ਦੋਹਰਾ

ਧੂਮ੍ਰ ਨੈਨ ਜਬ ਮਾਰਿਓ ਦੇਵੀ ਇਹ ਪਰਕਾਰ।
ਅਸੁਰ ਸੈਨ ਬਿਨੁ ਚੈਨ ਹੁਇ ਕੀਨੋ ਹਾਹਾਕਾਰ। ੧੦੦।

ਇਤਿ ਸ੍ਰੀ ਮਾਰਕੰਡੇ ਪੁਰਾਣੇ ਚੰਡੀ ਚਰਿਤ੍ਰ ਉਕਤਿ ਬਿਲਾਸ ਧੂਮ੍ਰ ਨੈਨ ਬਧਹਿ ਨਾਮ ਤ੍ਰਿਤੀਆ ਧਿਆਇ ਸਮਾਪਤਮ ਸਤੁ ਸੁਭਮ ਸਤੁ। ੩।[੧]

ਸ੍ਵੈਯਾ

ਸੋਰੁ ਸੁਨਿਓ ਜਬ ਦੈਤਨ ਕੋ ਤਬ ਚੰਡਿ ਪ੍ਰਚੰਡ ਤਚੀ ਅਖੀਆਂ।
ਹਰ ਧਿਆਨ ਛੁਟਿਓ ਮੁਨਿ ਕੋ ਸੁਨਿ ਕੈ ਧੁਨਿ ਟੂਟਿ ਖਗੇਸ ਗਈ ਪਖੀਆਂ।
ਦ੍ਰਿਗ ਜੁਆਲ ਬਢੀ ਬੜਵਾਨਲ ਜਿਉ ਕਵਿ ਨੇ ਉਪਮਾ ਤਿਹ ਕੀ ਲਖੀਆਂ।
ਸਭੁ ਛਾਰ ਭਇਓ ਦਲੁ ਦਾਨਵ ਕੋ ਜਿਮੁ ਘੂਮਿ ਹਲਾਹਲ ਕੀ ਮਖੀਆਂ। ੧੦੧।

ਦੋਹਰਾ

ਅਉਰ ਸਕਲ ਸੈਨਾ ਜਰੀ ਬਚਿਓ ਸੁ ਏਕੈ ਪ੍ਰੇਤੁ।
ਚੰਡਿ ਬਚਾਇਓ ਜਾਨਿ ਕੈ ਅਉਰਨ ਮਾਰਨ ਹੇਤੁ। ੧੦੨।
ਭਾਜਿ ਨਿਸਾਚਰ ਮੰਦ ਮਤਿ ਕਹੀ ਸੁੰਭਹਿ ਜਾਇ।
ਧੂਮ੍ਰ ਨੈਨ ਸੈਨਾ ਸਹਿਤ ਡਾਰਿਓ ਚੰਡਿ ਖਪਾਇ। ੧੦੩।
ਸਕਲ ਕਟੇ ਭਟ ਕਟਕ ਕੇ ਪਾਇਕ ਰਥ ਹੈ ਕੁੰਭ।
ਯੌ ਸੁਨਿ ਬਚਨ ਅਚਰਜ ਹ੍ਵੈ ਕੋਪ ਕੀਓ ਨ੍ਰਿਪ ਸੁੰਭ। ੧੦੪।

---

੧. ਕਈ ਪੁਰਾਤਨ ਬੀੜਾਂ ਵਿਚ ਇਹ ਪੁਸ਼ਪਿਕਾ ਛੰਦਾਂਕ ੧੦੨ ਤੋਂ ਬਾਦ ਲਿਖੀ ਹੈ ਅਤੇ ਕਈਆਂ ਵਿਚ ਲਿਖੀ ਹੀ ਨਹੀਂ ਹੈ

(ਉਸ ਨੇ ਵੈਰੀ ਦੇ) ਹੋਠਾਂ ਨੂੰ (ਇਸ ਤਰ੍ਹਾਂ) ਕਟ ਦਿੱਤਾ ਜਿਵੇਂ ਲੋਹੇ ਨੂੰ ਛੈਣੀ (ਕਟ ਦਿੰਦੀ ਹੈ।) (ਉਸ) ਦੈਂਤ ਦੇ ਦੰਦ ਗੰਗਾ ਵਰਗੇ ਸਫ਼ੈਦ, ਸ਼ਰੀਰ ਜਮਨਾ ਵਾਂਗ ਕਾਲਾ ਅਤੇ ਉਨ੍ਹਾਂ ਵਿਚ ਲਹੂ ਤ੍ਰਿਬੇਣੀ ਵਾਂਗ ਵਗ ਰਿਹਾ ਸੀ।੯੭।

ਜ਼ਖ਼ਮ ਲਗਦਿਆਂ ਹੀ ਧੂਮ੍ਰਲੋਚਨ ਨੇ ਕ੍ਰੋਧਵਾਨ ਹੋ ਕੇ ਪੂਰੀ ਸ਼ਕਤੀ ਨਾਲ ਤਲਵਾਰ ਨੂੰ ਖਿਚ ਲਿਆ। ਉਸ ਨੇ (ਚੰਡੀ ਉਤੇ) ਵੀਹ ਪੰਝੀ ਵਾਰ ਕੀਤੇ ਪਰ ਸ਼ੇਰ ਦਾ ਪੈਰ ਜ਼ਰਾ ਨ ਥਿੜਕਿਆ। (ਉਧਰੋਂ) ਚੰਡੀ ਨੇ ਗਦਾ ਧਾਰਨ ਕਰ ਕੇ ਅਤੇ ਫੌਜ (ਦੀ ਸਫ਼) ਨੂੰ ਤੋੜ ਕੇ ਦੈਂਤ ਦੇ ਸਿਰ ਵਿਚ ਮਾਰਿਆ, ਮਾਨੋ ਇੰਦਰ ਨੇ ਕ੍ਰੋਧਵਾਨ ਹੋ ਕੇ ਪਹਾੜ ਦੀ ਚੋਟੀ ਉਤੇ ਬਜ੍ਰ ਦੀ ਸੱਟ ਮਾਰੀ ਹੋਵੇ।੯੮।

(ਗਦਾ ਦੀ ਸਟ ਵਜਦਿਆਂ ਹੀ) ਧੂਮ੍ਰਲੋਚਨ ਚੀਖ਼ ਉਠਿਆ ਅਤੇ ਦੈਂਤਾਂ ਦਾ ਦਲ (ਕੁਰਮਾ) ਨਾਲ ਲੈ ਕੇ ਅਤੇ ਹੱਥ ਵਿਚ ਤਲਵਾਰ ਧਾਰਨ ਕਰਕੇ ਅਚਾਨਕ ਜ਼ੋਰ ਨਾਲ ਸ਼ੇਰ ਦੀ ਛਾਤੀ ਵਿਚ ਮਾਰ ਦਿੱਤੀ। ਚੰਡੀ ਨੇ ਵੀ ਹੱਥ ਵਿਚ ਤਲਵਾਰ ਫੜ ਲਈ ਅਤੇ ਜ਼ੋਰ ਨਾਲ (ਮਾਰੀ ਜਿਸ ਕਰਕੇ) ਵੈਰੀ ਦਾ ਸਿਰ ਕਟ ਗਿਆ ਅਤੇ ਦੈਂਤ-ਪੁਰੀ ਵਿਚ (ਜਾ ਡਿਗਿਆ) ਮਾਨੋ ਹਨੇਰੀ ਦੇ ਚਲਣ ਨਾਲ ਖਜੂਰ ਦੇ ਬ੍ਰਿਛ ਤੋਂ ਖਜੂਰਾਂ ਟੁਟ ਕੇ ਧਰਤੀ ਉਤੇ ਡਿਗੀਆਂ ਹੋਣ।੯੯।

ਦੋਹਰਾ

ਜਦੋਂ ਦੇਵੀ ਨੇ ਧੂਮ੍ਰਲੋਚਨ ਨੂੰ ਇਸ ਤਰ੍ਹਾਂ ਮਾਰ ਦਿੱਤਾ (ਉਦੋਂ) ਦੈਂਤਾਂ ਦੀ ਸੈਨਾ ਬੇਚੈਨ ਹੋ ਕੇ ਹਾਹਾਕਾਰ ਕਰਨ ਲਗ ਪਈ।੧੦੦।

ਇਥੇ ਸ੍ਰੀ ਮਾਰਕੰਡੇ ਪੁਰਾਨ ਦੇ ਸ੍ਰੀ ਚੰਡੀ ਚਰਿਤ੍ਰ ਉਕਤਿ ਬਿਲਾਸ ਦੇ 'ਧੂਮ੍ਰਨੈਨ ਬਧ' ਨਾਂ ਦਾ ਤੀਜਾ ਅਧਿਆਇ ਸਮਾਪਤ ਹੋਇਆ ਸਭ ਸੁਭ ਹੈ।੩।

ਸ੍ਵੈਯਾ

(ਦੇਵੀ ਨੇ) ਜਦ ਦੈਂਤਾਂ ਦਾ ਸ਼ੋਰ ਸੁਣਿਆ ਤਦ ਪ੍ਰਚੰਡ ਚੰਡੀ ਨੇ ਕ੍ਰੋਧ ਭਰੀ ਦ੍ਰਿਸ਼ਟੀ ਨਾਲ ਘੂਰਿਆ। ਉਸ ਦੀ (ਗਰਜਨਾ ਦੀ) ਧੁਨ ਸੁਣ ਕੇ ਸ਼ਿਵ ਦਾ ਧਿਆਨ ਛੁਟ ਗਿਆ ਅਤੇ ਪੰਛੀਆਂ ਦੇ ਰਾਜੇ (ਗਰੁੜ) ਦੀਆਂ ਖੰਭੜੀਆਂ ਟੁਟ ਗਈਆਂ। (ਚੰਡੀ ਦੀਆਂ) ਅੱਖਾਂ ਦੀ ਜਵਾਲਾ ਬੜਵਾਨਲ (ਸਮੁੰਦਰੀ ਅੱਗ) ਵਾਂਗ ਵਧ ਗਈ, ਕਵੀ ਨੇ ਉਸ ਦੀ ਉਪਮਾ (ਇਸ ਤਰ੍ਹਾਂ) ਮਹਿਸੂਸ ਕੀਤੀ ਕਿ ਦੈਂਤਾਂ ਦਾ ਸਾਰਾ ਦਲ (ਇੰਜ ਸੜ ਕੇ) ਸੁਆਹ ਹੋ ਗਿਆ ਜਿਵੇਂ ਜ਼ਹਿਰ (ਹਲਾਹਲ) ਉਪਰ ਘੁੰਮਣ ਵਾਲੀਆਂ ਮੱਖੀਆਂ (ਨਸ਼ਟ ਹੋ ਜਾਂਦੀਆਂ ਹਨ)।੧੦੧।

ਦੋਹਰਾ

ਹੋਰ ਸਾਰੀ ਸੈਨਾ ਸੜ ਗਈ, (ਕੇਵਲ) ਇਕ ਦੈਂਤ ਹੀ ਬਚਿਆ। (ਉਸ ਨੂੰ) ਹੋਰਨਾਂ ਨੂੰ ਮਾਰਨ ਲਈ ਚੰਡੀ ਨੇ ਜਾਣ ਬੁਝ ਕੇ ਬਚਾਇਆ।੧੦੨। (ਉਹ) ਮੂਰਖ ਦੈਂਤ ਭਜ ਕੇ ਸੁੰਭ ਕੋਲ ਗਿਆ ਅਤੇ ਕਹਿਣ ਲਗਾ ਕਿ ਸੈਨਾ ਸਹਿਤ ਧੂਮ੍ਰਲੋਚਨ ਨੂੰ ਚੰਡੀ ਨੇ ਨਸ਼ਟ ਕਰ ਦਿੱਤਾ ਹੈ।੧੦੩। ਫੌਜ ਦੇ ਸਾਰੇ ਸੂਰਮੇ-ਪੈਦਲ, ਰਥਾਂ, ਘੋੜਿਆਂ ਅਤੇ ਹਾਥੀਆਂ ਤੇ ਸਵਾਰ--ਮਾਰੇ ਗਏ ਹਨ। ਇਹ ਬਚਨ ਸੁਣ ਕੇ ਹੈਰਾਨ ਹੋਏ ਰਾਜੇ ਸੁੰਭ ਨੇ ਕ੍ਰੋਧ ਕੀਤਾ।੧੦੪।

ਚੰਡ ਮੁੰਡ ਦ੍ਵੈ ਦੈਤ ਤਬ ਲੀਨੇ ਸੁੰਭਿ ਹਕਾਰਿ।
ਚਲਿ ਆਏ ਨ੍ਰਿਪ ਸਭਾ ਮਹਿ ਕਰਿ ਲੀਨੇ ਅਸਿ ਢਾਰ। ੧੦੫।
ਅਭਬੰਦਨ ਦੋਨੋ ਕੀਓ ਬੈਠਾਏ ਨ੍ਰਿਪ ਤੀਰਿ।
ਪਾਨ ਦਏ ਮੁਖ ਤੇ ਕਹਿਓ ਤੁਮ ਦੋਨੋ ਮਮ ਬੀਰ। ੧੦੬।

ਨਿਜ ਕਟ ਕੋ ਫੈਂਟਾ ਦਇਓ ਅਰੁ ਜਮਧਰ ਕਰਵਾਰ।
ਲਿਆਵਹੁ ਚੰਡੀ ਬਾਧ ਕੈ ਨਾਤਰ ਡਾਰੋ ਮਾਰ। ੧੦੭।

ਸ੍ਵੈਯਾ

ਕੋਪ ਚੜੇ ਰਨਿ ਚੰਡ ਅਉ ਮੁੰਡ ਸੁ ਲੈ ਚਤੁਰੰਗਨ ਸੈਨ ਭਲੀ।
ਤਬ ਸੇਸ ਕੇ ਸੀਸ ਧਰਾ ਲਰਜੀ ਜਨੁ ਮਧਿ ਤਰੰਗਨਿ ਨਾਵ ਹਲੀ।
ਖੁਰ ਬਾਜਨ ਧੂਰ ਉਡੀ ਨਭਿ ਕੋ ਕਵਿ ਕੇ ਮਨ ਤੇ ਉਪਮਾ ਨ ਟਲੀ।
ਭਵ ਭਾਰ ਅਪਾਰ ਨਿਵਾਰਨ ਕੋ ਧਰਨੀ ਮਨੋ ਬ੍ਰਹਮ ਕੇ ਲੋਕ ਚਲੀ। ੧੦੮।

ਦੋਹਰਾ

ਚੰਡ ਮੁੰਡ ਦੈਤਨ ਦੁਹੂੰ ਸਬਨ ਪ੍ਰਬਲ ਦਲੁ ਲੀਨ।
ਨਿਕਟਿ ਜਾਇ ਗਿਰ ਘੇਰਿਕੈ ਮਹਾ ਕੁਲਾਹਲ ਕੀਨ। ੧੦੯।

ਸ੍ਵੈਯਾ

ਜਬ ਕਾਨ ਸੁਨੀ ਧੁਨਿ ਦੈਤਨ ਕੀ ਤਬ ਕੋਪੁ ਕੀਓ ਗਿਰਜਾ ਮਨ ਮੈ।
ਚੜਿ ਸਿੰਘ ਸੁ ਸੰਖ ਬਜਾਇ ਚਲੀ ਸਭਿ ਆਯੁਧ ਧਾਰ ਤਬੈ ਤਨ ਮੈ।
ਗਿਰ ਤੇ ਉਤਰੀ ਦਲ ਬੈਰਨ ਕੈ ਪਰ ਯੌ ਉਪਮਾ ਉਪਜੀ ਮਨ ਮੈ।
ਨਭ ਤੇ ਬਹਰੀ ਲਖਿ ਛੂਟ ਪਰੀ ਜਨੁ ਕੂਕ ਕੁਲੰਗਨ ਕੇ ਗਨ ਮੈ। ੧੧੦।

ਚੰਡ ਕੁਵੰਡ ਤੇ ਬਾਨ ਛੁਟੇ ਇਕ ਤੇ ਦਸ ਸਉ ਤੇ ਸਹੰਸ ਤਹ ਬਾਢੇ।
ਲਛਕੁ ਹੁਇ ਕਰਿ ਜਾਇ ਲਗੇ ਤਨ ਦੈਤਨ ਮਾਝ ਰਹੇ ਗਡਿ ਗਾਢੇ।
ਕੋ ਕਵਿ ਤਾਹਿ ਸਰਾਹ ਕਰੈ ਅਤਿਸੈ ਉਪਮਾ ਜੁ ਭਈ ਬਿਨੁ ਕਾਢੇ।
ਫਾਗੁਨਿ ਪਉਨ ਕੇ ਗਉਨ ਭਏ ਜਨੁ ਪਾਤੁ ਬਿਹੀਨ ਰਹੇ ਤਰੁ ਠਾਢੇ। ੧੧੧।

ਮੁੰਡ ਲਈ ਕਰਵਾਰ ਹਕਾਰ ਕੈ ਕੇਹਰਿ ਕੇ ਅੰਗ ਅੰਗ ਪ੍ਰਹਾਰੇ।
ਫਿਰ ਦਈ ਤਨ ਦਉਰ ਕੇ ਗਉਰਿ ਕੋ ਘਾਇਲ ਕੈ ਨਿਕਸੀ ਅੰਗ ਧਾਰੇ।
ਸ੍ਰਉਨ ਭਰੀ ਥਹਰੈ ਕਰਿ ਦੈਤ ਕੇ ਕੋ ਉਪਮਾ ਕਵਿ ਅਉਰ ਬਿਚਾਰੇ।
ਪਾਨ ਗੁਮਾਨ ਸੋ ਖਾਇ ਅਘਾਇ ਮਨੋ ਜਮੁ ਆਪੁਨੀ ਜੀਭ ਨਿਹਾਰੇ। ੧੧੨।

ਸੁੰਭ ਨੇ ਤਦ ਚੰਡ ਅਤੇ ਮੁੰਡ ਨਾਂ ਦੇ ਦੋਹਾਂ ਦੈਂਤਾਂ ਨੂੰ ਬੁਲਾ ਲਿਆ, (ਜੋ) ਰਾਜੇ ਦੀ ਸਭਾ ਵਿਚ ਹੱਥਾਂ ਵਿਚ ਤਲਵਾਰਾਂ ਅਤੇ ਢਾਲਾਂ ਲੈ ਕੇ ਆ ਗਏ।੧੦੫। ਦੋਹਾਂ ਨੇ (ਰਾਜੇ ਨੂੰ) ਪ੍ਰਨਾਮ ('ਅਭਬੰਦਨ') ਕੀਤਾ, ਰਾਜੇ ਨੇ (ਉਨ੍ਹਾਂ ਨੂੰ) ਆਪਣੇ ਕੋਲ ਬਿਠਾ ਲਿਆ ਅਤੇ ਪਾਨ (ਦਾ ਬੀੜਾ) ਦਿੰਦਿਆਂ ਹੋਇਆਂ ਮੁਖ ਤੋਂ ਕਿਹਾ ਕਿ ਤੁਸੀਂ ਦੋਵੇਂ ਮੇਰੇ ਬਲਵਾਨ ਯੋਧਾ ਹੋ।੧੦੬।

(ਰਾਜੇ ਨੇ) ਆਪਣਾ ਕਮਰ-ਕੱਸਾ ਅਤੇ ਕਟਾਰ ਤੇ ਤਲਵਾਰ (ਉਨ੍ਹਾਂ ਨੂੰ) ਦਿੱਤੀਆਂ (ਅਤੇ ਕਿਹਾ ਕਿ) ਚੰਡੀ ਨੂੰ ਬੰਨ੍ਹ ਲਿਆਓ, ਨਹੀਂ ਤਾਂ ਮਾਰ ਦਿਓ।੧੦੭।

ਸ੍ਵੈਯਾ

ਚੰਡ ਅਤੇ ਮੁੰਡ ਕ੍ਰੋਧਵਾਨ ਹੋ ਕੇ ਸ੍ਰੇਸ਼ਠ ਚਤੁਰੰਗਨੀ ਸੈਨਾ ਲੈ ਕੇ (ਚੰਡੀ ਨਾਲ) ਯੁੱਧ ਕਰਨ ਲਈ (ਚੜ੍ਹ ਚਲੇ)। ਤਦ ਸ਼ੇਸ਼ਨਾਗ ਦੇ ਸਿਰ ਉਪਰਲੀ ਧਰਤੀ ਡੋਲ ਗਈ ਮਾਨੋ ਨਦੀ ('ਤਰੰਗਨਿ') ਵਿਚ ਬੇੜੀ ਡੋਲਦੀ ਹੋਵੇ। ਘੋੜਿਆਂ ਦੇ ਖੁਰਾਂ ਨਾਲ ਆਕਾਸ਼ ਵਲ ਉਡੀ ਧੂੜ (ਨੂੰ ਵੇਖ ਕੇ) ਕਵੀ ਦੇ ਮਨ ਵਿਚੋਂ ਉਪਮਾ ਦੇਣ ਦਾ ਵਿਚਾਰ ਦੂਰ ਨ ਹੋਇਆ; ਮਾਨੋ ਸੰਸਾਰ ਦੇ ਅਪਾਰ ਭਾਰ ਨੂੰ ਉਤਾਰਨ ਲਈ ਧਰਤੀ ਬ੍ਰਹਮ-ਲੋਕ ਨੂੰ ਚਲੀ ਹੋਵੇ।੧੦੮।

ਦੋਹਰਾ

ਚੰਡ ਅਤੇ ਮੁੰਡ ਦੋਹਾਂ ਦੈਂਤਾਂ ਨੇ (ਆਪਣੇ ਨਾਲ) ਬਲਵਾਨ ਅਤੇ ਪ੍ਰਬਲ ਸੂਰਮਿਆਂ ਦਾ ਦਲ ਲੈ ਲਿਆ। ਪਰਬਤ ਦੇ ਨੇੜੇ ਜਾ ਕੇ ਘੇਰਾ ਪਾ ਲਿਆ ਅਤੇ ਖੂਬ ਹੱਲਾ-ਗੁੱਲਾ ਮਚਾ ਦਿੱਤਾ।੧੦੯।

ਸ੍ਵੈਯਾ

ਜਦ ਦੈਂਤਾਂ ਦਾ ਰੌਲਾ ਕੰਨਾਂ ਨਾਲ ਸੁਣਿਆ ਤਾਂ ਦੁਰਗਾ ਨੇ ਆਪਣੇ ਮਨ ਵਿਚ ਕ੍ਰੋਧ ਕੀਤਾ। ਤਦੋਂ ਸ਼ਰੀਰ ਉਤੇ ਸਾਰੇ ਅਸਤ੍ਰ-ਸ਼ਸਤ੍ਰ ਸਜਾ ਕੇ, ਸੰਖ ਵਜਾਉਂਦੀ ਹੋਈ ਸ਼ੇਰ ਉਤੇ ਚੜ੍ਹ ਕੇ (ਯੁੱਧ ਲਈ ਵਧ) ਚਲੀ। ਪਰਬਤ ਤੋਂ ਉਤਰ ਕੇ ਵੈਰੀਆਂ ਦੇ ਦਲ ਉਤੇ (ਇੰਜ) ਪਈ ਜਿਸ ਦੀ ਉਪਮਾ (ਮੇਰੇ) ਮਨ ਵਿਚ ਇਹ ਪੈਦਾ ਹੋਈ ਮਾਨੋ ਕੂੰਜਾਂ ਦੀ ਡਾਰ ਨੂੰ ਵੇਖ ਕੇ ਆਕਾਸ਼ ਤੋਂ ਬਾਜ਼ ਨੇ ਝਪਟਾ ਮਾਰਿਆ ਹੋਵੇ।੧੧੦।

ਚੰਡੀ ਦੀ ਕਮਾਨ ਤੋਂ ਛੁੱਟੇ ਤੀਰ ਇਕ ਤੋਂ ਦਸ ਅਤੇ ਸੌ ਤੋਂ ਹਜ਼ਾਰ (ਦੀ ਗਿਣਤੀ ਵਿਚ) ਵਧੀ ਜਾ ਰਹੇ ਸਨ। ਅਤੇ ਫਿਰ ਲੱਖਾਂ ਹੋ ਕੇ ਦੈਂਤਾਂ ਦੇ ਤਨ ਵਿਚ ਵਜਦੇ ਸਨ ਅਤੇ ਪਕੇ ਤੌਰ ਤੇ (ਉਥੇ) ਗਡੇ ਜਾਂਦੇ ਸਨ। ਕਿਹੜਾ ਕਵੀ ਉਨ੍ਹਾਂ ਦੀ ਸਿਫ਼ਤ ਕਰ ਸਕਦਾ ਹੈ? ਉਨ੍ਹਾਂ ਨੂੰ ਬਿਨਾ ਕਢਿਆਂ (ਦੀ ਸਥਿਤੀ ਦੀ) ਵਡੀ ਉਪਮਾ ਇਉਂ ਬਣਦੀ ਹੈ ਮਾਨੋ ਫੱਗਣ ਦੀ ਹਵਾ ਦੇ ਚਲਣ ਨਾਲ ਪਤਰਾਂ ਤੋਂ ਵਾਂਝੇ ਬ੍ਰਿਛ ਖੜੋਤੇ ਹੋਣ।੧੧੧।

ਮੁੰਡ (ਨਾਂ ਦੇ ਦੈਂਤ ਨੇ) ਤਲਵਾਰ ਫੜ ਕੇ ਅਤੇ ਲਲਕਾਰਾ ਮਾਰ ਕੇ ਸ਼ੇਰ ਦੇ ਅੰਗ ਪ੍ਰਤਿ ਅੰਗ ਉਤੇ ਵਾਰ ਕੀਤਾ। ਫਿਰ ਭਜ ਕੇ ਦੁਰਗਾ ('ਗਉਰਿ') ਦੇ ਸ਼ਰੀਰ ਵਿਚ (ਤਲਵਾਰ) ਮਾਰੀ (ਜਿਸ ਨਾਲ ਉਸ ਦੇ) ਅੰਗ ਵਿਚੋਂ (ਲਹੂ ਦੀ) ਧਾਰ ਨਿਕਲੀ। ਲਹੂ ਨਾਲ ਲਿਬੜੀ (ਤਲਵਾਰ) ਦੈਂਤ ਦੇ ਹੱਥ ਵਿਚ ਥਰਥਰਾ ਰਹੀ ਸੀ। (ਇਸ ਦੀ ਉਪਮਾ) ਕੋਈ ਹੋਰ ਕਵੀ ਪਿਆ ਵਿਚਾਰੇ (ਪਰ ਸਾਨੂੰ ਤਾਂ ਇੰਜ ਲਗਦੀ ਹੈ) ਮਾਨੋ ਪੇਟ ਭਰਨ ਪਿਛੋਂ ਜਮਰਾਜ ਪਾਨ ਖਾ ਕੇ ਗੁਮਾਨ ਨਾਲ ਆਪਣੀ ਜੀਭ ਵੇਖ ਰਿਹਾ ਹੋਵੇ।੧੧੨।

ਘਾਉ ਕੈ ਦੈਤ ਚਲਿਓ ਜਬ ਹੀ ਤਬ ਦੇਵੀ ਨਿਖੰਗ ਤੇ ਬਾਨ ਸੁ ਕਾਢੇ।
ਕਾਨ ਪ੍ਰਮਾਨ ਲਉ ਖੈਚ ਕਮਾਨ ਚਲਾਵਤ ਏਕ ਅਨੇਕ ਹੁਇ ਬਾਢੇ।
ਮੁੰਡ ਲੈ ਢਾਲ ਦਈ ਮੁਖ ਓਟਿ ਧਸੇ ਤਿਹ ਮਧਿ ਰਹੇ ਗਡਿ ਗਾਢੇ।
ਮਾਨਹੁ ਕੂਰਮ ਪੀਠ ਪੈ ਨੀਠ ਭਏ ਸਹਸ ਫਨਿ ਕੇ ਫਨ ਠਾਢੇ। ੧੧੩।

ਸਿੰਘਹਿ ਪ੍ਰੇਰ ਕੈ ਆਗੈ ਭਈ ਕਰਿ ਮੈ ਅਸਿ ਲੈ ਬਰ ਚੰਡ ਸੰਭਾਰਿਓ।
ਮਾਰਿ ਕੇ ਧੂਰਿ ਕੀਏ ਚਕਚੂਰ ਗਿਰੇ ਅਰਿ ਪੂਰ ਮਹਾ ਰਨ ਪਾਰਿਓ।
ਫੇਰਿ ਕੇ ਘੇਰਿ ਲਇਓ ਰਨ ਮਾਹਿ ਸੁ ਮੁੰਡ ਕੋ ਮੁੰਡ ਜੁਦਾ ਕਰਿ ਮਾਰਿਓ।
ਐਸੇ ਪਰਿਓ ਧਰਿ ਊਪਰ ਜਾਇ ਜਿਉ ਬੇਲਹਿ ਤੇ ਕਦੂਆ ਕਟਿ ਡਾਰਿਓ। ੧੧੪।

ਸਿੰਘ ਚੜੀ ਮੁਖ ਸੰਖ ਬਜਾਵਤ ਜਿਉ ਘਨ ਮੈ ਤੜਤਾ ਦੁਤਿ ਮੰਡੀ।
ਚਕ੍ਰ ਚਲਾਇ ਗਿਰਾਇ ਦਇਓ ਅਰਿ ਭਾਜਤ ਦੈਤ ਬਡੇ ਬਰਬੰਡੀ।
ਭੂਤ ਪਿਸਾਚਨਿ ਮਾਸ ਅਹਾਰ ਕਰੈ ਕਿਲਕਾਰ ਖਿਲਾਰ ਕੇ ਝੰਡੀ।
ਮੁੰਡ ਕੋ ਮੁੰਡ ਉਤਾਰ ਦਇਓ ਅਬ ਚੰਡ ਕੋ ਹਾਥ ਲਗਾਵਤ ਚੰਡੀ। ੧੧੫।

ਮੁੰਡ ਮਹਾ ਰਨ ਮਧਿ ਹਨਿਓ ਫਿਰ ਕੈ ਬਰ ਚੰਡਿ ਤਬੈ ਇਹ ਕੀਨੋ।
ਮਾਰਿ ਬਿਦਾਰ ਦਈ ਸਭ ਸੈਣ ਸੁ ਚੰਡਿਕਾ ਚੰਡ ਸੋ ਆਹਵ ਕੀਨੋ।
ਲੈ ਬਰਛੀ ਕਰ ਮੈ ਅਰਿ ਕੋ ਸਿਰ ਕੈ ਬਰੁ ਮਾਰਿ ਜੁਦਾ ਕਰਿ ਦੀਨੋ।
ਲੈ ਕੇ ਮਹੇਸ ਤ੍ਰਿਸੂਲ ਗਨੇਸ ਕੋ ਰੁੰਡ ਕੀਓ ਜਨੁ ਮੁੰਡ ਬਿਹੀਨੋ। ੧੧੬।

ਇਤਿ ਸ੍ਰੀ ਬਚਿਤ੍ਰ ਨਾਟਕੇ ਸ੍ਰੀ ਚੰਡੀ ਚਰਿਤ੍ਰੇ[1] ਚੰਡ ਮੁੰਡ ਬਧਹਿ
ਚਤੁਰਥ ਧਯਾਇ ਸਮਾਪਤਮ ਸਤੁ ਸੁਭਮ ਸਤੁ। ੪।

ਸੋਰਠਾ

ਘਾਇਲ ਘੂਮਤ ਕੋਟਿ ਜਾਇ ਪੁਕਾਰੇ ਸੁੰਭ ਪੈ।
ਮਾਰੇ ਦੇਵੀ ਘੋਟਿ ਸੁਭਟ ਕਟਕ ਕੇ ਬਿਕਟ ਅਤਿ। ੧੧੭।

ਦੋਹਰਾ

ਰਾਜ ਗਾਤ ਕੇ ਬਾਤਿ ਇਹ ਕਹੀ ਜੁ ਤਾਹੀ ਠਉਰ।
ਮਰਿ ਹੋ ਜੀਅਤਿ ਨ ਛਾਡਿ ਹੋ ਕਹਿਓ ਸਤਿ ਨਹਿ ਅਉਰ। ੧੧੮।

ਤੁੰਡ ਸੁੰਭ ਕੇ ਚੰਡਿਕਾ ਚਢਿ ਬੋਲੀ ਇਹ ਭਾਇ।
ਮਾਨੋ ਆਪਨੀ ਮ੍ਰਿਤ ਕੋ ਲੀਨੋ ਅਸੁਰ ਬੁਲਾਇ। ੧੧੯।

੧. ਕਈਆਂ ਬੀੜਾਂ ਵਿਚ ਇਥੋਂ ਤਕ ਇਸ ਪੁਸ਼ਪਿਕਾ ਦਾ ਪਾਠ ਇਸ ਤਰ੍ਹਾਂ ਹੈ- *'ਇਤਿ ਸ੍ਰੀ ਮਾਰਕੰਡੇ ਪੁਰਾਨੇ ਸ੍ਰੀ ਚੰਡੀ ਚਰਿਤ੍ਰ ਉਕਤਿ ਬਿਲਾਸ'*

ਜਦੋਂ ਦੈਂਤ (ਦੇਵੀ ਨੂੰ) ਜ਼ਖ਼ਮੀ ਕਰਕੇ (ਵਾਪਸ) ਚਲਿਆ ਤਦੋਂ ਦੇਵੀ ਨੇ ਭੱਥੇ ਵਿਚੋਂ ਤੀਰ ਕੱਢ ਲਿਆ। ਕਮਾਨ ਨੂੰ ਕੰਨ ਤਕ ਖਿਚ ਕੇ ਇਕ ਤੀਰ ਚਲਾਇਆ ਜੋ ਵਧ ਕੇ ਅਨੇਕ ਹੋ ਗਏ। ਮੁੰਡ (ਦੈਂਤ) ਨੇ ਢਾਲ ਲੈ ਕੇ ਮੂੰਹ ਨੂੰ ਓਟ ਦਿੱਤੀ, (ਪਰ ਉਹ ਤੀਰ ਢਾਲ) ਵਿਚ ਧਸ ਕੇ ਉਥੇ ਹੀ ਗਡੇ ਗਏ ਮਾਨੋ ਕੱਛੂ ਦੀ ਪਿਠ ਉਤੇ ਬੈਠੇ ਸ਼ੇਸ਼ਨਾਗ ਦੇ ਫਨ ਖੜੋਤੇ ਹੋਣ।੧੧੩।

ਸ਼ੇਰ ਨੂੰ ਪ੍ਰੇਰ ਕੇ ਚੰਡੀ ਆਪਣੇ ਹੱਥ ਵਿਚ ਮਜ਼ਬੂਤ (ਬਰ) ਤਲਵਾਰ ਸੂਤ ਕੇ ਅਗੇ ਹੋਈ। ਉਸ ਨੇ ਵੈਰੀਆਂ ਦੇ ਸਮੂਹ (ਪੂਰ) ਨੂੰ ਚਕਨਾਚੂਰ ਕਰ ਕੇ ਧੂੜ ਵਿਚ ਰੋਲ ਦਿੱਤਾ ਅਤੇ ਘਮਸਾਨ ਯੁੱਧ ਮਚਾਇਆ। (ਫਿਰ) ਘੁੰਮ ਕੇ ਮੁੰਡ ਦੈਂਤ ਨੂੰ ਰਣ-ਭੂਮੀ ਵਿਚ ਘੇਰ ਲਿਆ ਅਤੇ ਉਸ ਦਾ ਸਿਰ (ਧੜ ਨਾਲੋਂ) ਵੱਖ ਕਰ ਦਿੱਤਾ। (ਉਹ) ਧਰਤੀ ਉਪਰ ਇੰਜ ਜਾ ਕੇ ਡਿਗਿਆ ਜਿਵੇਂ ਵੇਲ ਨਾਲੋਂ ਕਦੂ ਕਟ ਕੇ ਸੁਟਿਆ ਜਾਂਦਾ ਹੈ।੧੧੪।

ਸ਼ੇਰ ਉਤੇ ਸਵਾਰ ਅਤੇ ਮੂੰਹ ਨਾਲ ਸੰਖ ਵਜਾਉਂਦੀ ਹੋਈ (ਦੇਵੀ ਇੰਜ ਲਗ ਰਹੀ ਸੀ) ਜਿਵੇਂ ਬਦਲਾਂ ਵਿਚ ਬਿਜਲੀ ਦੀ ਚਮਕ ਫਬ ਰਹੀ ਹੈ। ਚਕ੍ਰ ਚਲਾ ਕੇ (ਉਸ ਨੇ) ਵੈਰੀ ਨੂੰ ਡਿਗਾ ਦਿੱਤਾ ਅਤੇ ਵਡੇ ਵਡੇ ਬਲਵਾਨ ਦੈਂਤ ਭਜ ਗਏ। ਭੂਤ ਅਤੇ ਪਿਸ਼ਾਚ ਮਾਸ ਖਾ ਰਹੇ ਸਨ ਅਤੇ ਸਿਰ ਦੇ ਵਾਲ ਖਿਲਾਰ ਕੇ ਕਿਲਕਾਰੀਆਂ ਮਾਰਦੇ ਸਨ। (ਚੰਡੀ ਨੇ) ਮੁੰਡ ਦੈਂਤ ਦਾ ਸਿਰ ਉਤਾਰ ਦਿੱਤਾ, ਹੁਣ ਚੰਡ (ਦੈਂਤ) ਨੂੰ ਹੱਥ ਲਾਉਂਦੀ ਹੈ (ਅਰਥਾਤ ਯੁੱਧ ਕਰਦੀ ਹੈ)।੧੧੫।

ਮੁੰਡ ਨੂੰ ਰਣ ਵਿਚ ਮਾਰ ਕੇ ਪ੍ਰਚੰਡ ਚੰਡੀ ਨੇ ਤਦ ਇਹ ਕੀਤਾ ਕਿ ਚੰਡ (ਦੈਂਤ) ਨਾਲ ਯੁੱਧ ਕਰ ਕੇ (ਉਸ ਦੀ) ਸਾਰੀ ਸੈਨਾ ਨੂੰ ਮਾਰ ਕੇ ਨਸ਼ਟ ਕਰ ਦਿੱਤਾ। ਹੱਥ ਵਿਚ ਬਰਛੀ ਲੈ ਕੇ ਵੈਰੀ ਦੇ ਸਿਰ ਵਿਚ ਜ਼ੋਰ ਨਾਲ ਮਾਰ ਕੇ (ਉਸ ਨੂੰ ਧੜ ਨਾਲੋਂ) ਵਖ ਕਰ ਦਿੱਤਾ, ਮਾਨੋ ਸ਼ਿਵ ਨੇ ਤ੍ਰਿਸ਼ੂਲ ਲੈ ਕੇ ਗਣੇਸ਼ ਦੇ ਧੜ ਨੂੰ ਸਿਰ ਤੋਂ ਬਿਨਾ ਕਰ ਦਿੱਤਾ ਹੋਵੇ।੧੧੬।

ਇਥੇ ਬਚਿਤ੍ਰ ਨਾਟਕ ਦੇ ਸ੍ਰੀ ਚੰਡੀ ਚਰਿਤ੍ਰ ਪ੍ਰਸੰਗ ਦੇ 'ਚੰਡ ਮੁੰਡ ਬਧ'
ਨਾਂ ਦਾ ਚੌਥਾ ਅਧਿਆਇ ਸਮਾਪਤ ਹੋਇਆ ਸਭ ਸ਼ੁਭ ਹੈ।੪।

ਸੋਰਠਾ

ਤੜਪਦੇ ਹੋਏ ਕਰੋੜਾਂ ਘਾਇਲਾਂ (ਦੈਂਤਾਂ) ਨੇ ਜਾ ਕੇ ਸੁੰਭ (ਦੈਂਤ ਰਾਜੇ) ਅਗੇ ਪੁਕਾਰ ਕੀਤੀ ਕਿ ਦੇਵੀ ਨੇ (ਸਾਡੇ) ਬਲਵਾਨ ਯੋਧੇ ਅਤੇ ਭਿਆਨਕ ਸੈਨਾ ਦਲ ਮਾਰ ਦਿੱਤੇ ਹਨ।੧੧੭।

ਦੋਹਰਾ

ਦੈਂਤ ਰਾਜੇ ਨੇ ਉਸੇ ਸਥਾਨ ਤੇ ਮੂੰਹ ('ਗਾਤ') ਤੋਂ ਇਹ ਗੱਲ ਕਹੀ ਕਿ (ਮੈਂ ਉਸ ਨੂੰ) ਮਾਰਾਂਗਾ, ਜੀਉਂਦਾ ਨਹੀਂ ਛਡਾਂਗਾ। ਸਚ ਕਹਿੰਦਾ ਹਾਂ, ਨ ਕਿ ਕੁਝ ਹੋਰ ਕਹਿੰਦਾ ਹਾਂ (ਝੂਠ ਨਹੀਂ ਬੋਲਦਾ)।੧੧੮।

ਇਸ ਭਾਵ ਨਾਲ ਚੰਡੀ ਸੁੰਭ ਦੇ ਮੂੰਹ ਵਿਚ ਸਥਿਤ ਹੋ ਕੇ ਬੋਲੀ, ਮਾਨੋ ਦੈਂਤ ਨੇ ਆਪਣੀ ਮੌਤ ਨੂੰ (ਖ਼ੁਦ) ਬੁਲਾਇਆ ਹੋਵੇ।੧੧੯।

ਸੁੰਭ ਨਿਸੁੰਭ ਸੁ ਦੁਹੂੰ ਮਿਲ ਬੈਠਿ ਮੰਤ੍ਰ ਤਬ ਕੀਨ।
ਸੈਨਾ ਸਕਲ ਬੁਲਾਇ ਕੈ ਸੁਭਟ ਬੀਰ ਚੁਨ ਲੀਨ। ੧੨੦।
ਰਕਤਬੀਜ ਕੋ ਭੇਜੀਏ ਮੰਤ੍ਰਨ ਕਹੀ ਬਿਚਾਰ।
ਪਾਥਰ ਜਿਉ ਗਿਰਿ ਡਾਰ ਕੇ ਚੰਡਹਿ ਹਨੈ ਹਕਾਰਿ। ੧੨੧।

ਸੋਰਠਾ

ਭੇਜੋ ਕੋਊ ਦੂਤ ਗ੍ਰਹ ਤੇ ਲਿਆਵੈ ਤਾਹਿ ਕੋ।
ਜੀਤਿਓ ਜਿਨਿ ਪੁਰਹੂਤ ਭੁਜਬਲਿ ਜਾ ਕੇ ਅਮਿਤ ਹੈ। ੧੨੨।

ਦੋਹਰਾ

ਸ੍ਰੋਣਤ ਬਿੰਦ ਪੈ ਦੈਤ ਇਕੁ ਗਇਓ ਕਰੀ ਅਰਦਾਸਿ।
ਰਾਜ ਬੁਲਾਵਤ ਸਭਾ ਮੈ ਬੇਗ ਚਲੋ ਤਿਹ ਪਾਸਿ। ੧੨੩।
ਰਕਤ ਬੀਜ ਨ੍ਰਿਪ ਸੁੰਭ ਕੋ ਕੀਨੋ ਆਨਿ ਪ੍ਰਨਾਮ।
ਅਸੁਰ ਸਭਾ ਮਧਿ ਭਾਉ ਕਰਿ ਕਹਿਓ ਕਰਹੁ ਮਮ ਕਾਮ। ੧੨੪।

ਸ੍ਵੈਯਾ

ਸ੍ਰਉਣਤ ਬਿੰਦ ਕੋ ਸੁੰਭ ਨਿਸੁੰਭ ਬੁਲਾਇ ਬੈਠਾਇ ਕੈ ਆਦਰੁ ਕੀਨੋ।
ਦੈ ਸਿਰਤਾਜ ਬਡੇ ਗਜਰਾਜ ਸੁ ਬਾਜ ਦਏ ਰਿਝਵਾਇ ਕੈ ਲੀਨੋ।
ਪਾਨ ਲੈ ਦੈਤ ਕਹੀ ਇਹ ਚੰਡ ਕੋ ਰੁੰਡ ਕਰੋ ਅਬ ਮੁੰਡ ਬਿਹੀਨੋ।
ਐਸੇ ਕਹਿਓ ਤਿਨ ਮਧਿ ਸਭਾ ਨ੍ਰਿਪ ਰੀਝ ਕੈ ਮੇਘ ਅਡੰਬਰ ਦੀਨੋ। ੧੨੫।

ਸ੍ਰੋਣਤ ਬਿੰਦ ਕੋ ਸੁੰਭ ਨਿਸੁੰਭ ਕਹਿਓ ਤੁਮ ਜਾਹੁ ਮਹਾ ਦਲੁ ਲੈ ਕੈ।
ਛਾਰ ਕਰੋ ਗਰੂਏ ਗਿਰ ਰਾਜਹਿ ਚੰਡਿ ਪਚਾਰਿ ਹਨੋ ਬਲੁ ਕੈ ਕੈ।
ਕਾਨਨ ਮੈ ਨ੍ਰਿਪ ਕੀ ਸੁਨੀ ਬਾਤ ਰਿਸਾਤ ਚਲਿਓ ਚੜਿ ਊਪਰ ਗੈ ਕੈ।
ਮਾਨੋ ਪ੍ਰਤਛ ਹੋਇ ਅੰਤਿਕ ਦੰਤਿ ਕੋ ਲੈ ਕੈ ਚਲਿਓ ਰਨਿ ਹੇਤ ਜੁ ਛੈ ਕੈ। ੧੨੬।

ਬੀਜ ਰਕਤ੍ਰ ਸੁ ਬੰਬ ਬਜਾਇ ਕੈ ਆਗੈ ਕੀਏ ਗਜ ਬਾਜ ਰਥਈਆ।
ਏਕ ਤੇ ਏਕ ਮਹਾ ਬਲਿ ਦਾਨਵ ਮੇਰ ਕੋ ਪਾਇਨ ਸਾਥ ਮਥਈਆ।
ਦੇਖਿ ਤਿਨੇ ਸੁਭ ਅੰਗ ਸੁ ਦੀਰਘ ਕਉਚ ਸਜੇ ਕਟਿ ਬਾਧਿ ਭਥਈਆ।
ਲੀਨੇ ਕਮਾਨਨ ਬਾਨ ਕ੍ਰਿਪਾਨ ਸਮਾਨ ਕੈ ਸਾਥ ਲਏ ਜੋ ਸਥਈਆ। ੧੨੭।

ਤਦ ਸੁੰਭ ਅਤੇ ਨਿਸੁੰਭ ਦੋਹਾਂ ਨੇ ਬੈਠ ਕੇ ਸਲਾਹ ਕੀਤੀ ਅਤੇ ਸਾਰੀ ਸੈਨਾ ਨੂੰ ਬੁਲਾ ਕੇ (ਉਸ ਵਿਚੋਂ) ਸ੍ਰੇਸ਼ਠ ਯੋਧੇ ਚੁਣ ਲਏ।੧੨੦।

ਮੰਤ੍ਰੀਆਂ ਨੇ ਵਿਚਾਰਪੂਰਵਕ ਕਿਹਾ ਕਿ (ਇਸ ਕੰਮ ਲਈ) ਰਕਤਬੀਜ ਨੂੰ ਭੇਜਿਆ ਜਾਏ (ਕਿਉਂਕਿ ਉਹ) ਚੰਡੀ ਨੂੰ ਲਲਕਾਰ ਕੇ ਪੱਥਰ ਵਾਂਗ ਪਰਬਤ ਤੋਂ ਹੇਠਾਂ ਸੁਟ ਕੇ ਮਾਰ ਦੇਵੇਗਾ।੧੨੧।

ਸੋਰਠਾ

(ਰਾਜੇ ਸੁੰਭ ਨੇ ਕਿਹਾ ਕਿ) ਕਿਸੇ ਦੂਤ (ਸੰਦੇਸ਼ ਵਾਹਕ) ਨੂੰ ਭੇਜੋ (ਜੋ) ਉਸ ਨੂੰ ਘਰੋਂ (ਸਦ) ਲਿਆਵੇ, ਜਿਸ ਨੇ ਇੰਦਰ ('ਪੁਰਹੂਤ') ਨੂੰ ਜਿਤ ਲਿਆ, ਉਸ ਦੀਆਂ ਭੁਜਾਵਾਂ ਵਿਚ ਅਮਿਤ ਸ਼ਕਤੀ ਹੈ।੧੨੨।

ਦੋਹਰਾ

ਰਕਤ-ਬੀਜ ਕੋਲ ਜਾ ਕੇ ਇਕ ਦੈਂਤ ਨੇ ਬੇਨਤੀ ਕੀਤੀ ਕਿ ਰਾਜਾ (ਸੁੰਭ) ਸਭਾ ਵਿਚ ਬੁਲਾਉਂਦਾ ਹੈ, (ਤੁਸੀਂ) ਜਲਦੀ ਹੀ ਉਸ ਕੋਲ ਚਲੋ।੧੨੩। ਰਕਤ-ਬੀਜ ਨੇ ਰਾਜੇ ਸੁੰਭ ਨੂੰ ਆ ਕੇ ਪ੍ਰਨਾਮ ਕੀਤਾ। ਦੈਂਤਾ ਦੀ ਸਭਾ ਵਿਚ (ਸੱਜੇ ਬੈਠੇ ਰਾਜੇ ਨੇ) ਪ੍ਰੇਮ ਪੂਰਵਕ ਕਿਹਾ ਕਿ ਮੇਰਾ ਇਕ ਕੰਮ ਕਰੋ।੧੨੪।

ਸ੍ਵੈਯਾ

ਰਕਤ-ਬੀਜ ਨੂੰ ਬੁਲਾ ਕੇ ਸੁੰਭ-ਨਿਸੁੰਭ ਨੇ ਆਦਰ ਸਹਿਤ ਬਿਠਾਇਆ ਅਤੇ (ਸਿਰ ਉਤੇ ਧਾਰਨ ਕਰਨ ਲਈ) ਮੁਕਟ, ਵਡੇ ਹਾਥੀ ਅਤੇ ਘੋੜੇ ਦਿੱਤੇ (ਜਿਨ੍ਹਾਂ ਨੂੰ ਦੈਂਤ ਨੇ) ਪ੍ਰਸੰਨਤਾ ਪੂਰਵਕ ਗ੍ਰਹਿਣ ਕਰ ਲਿਆ। (ਰਾਜੇ ਕੋਲੋਂ) ਪਾਨ (ਦਾ ਬੀੜਾ) ਲੈ ਕੇ ਦੈਂਤ (ਰਕਤ-ਬੀਜ) ਨੇ ਕਿਹਾ ਕਿ ਚੰਡੀ ਦੇ ਧੜ ਨਾਲੋਂ ਹੁਣੇ ਸਿਰ ਵਖਰਾ ਕਰ ਦਿੰਦਾ ਹਾਂ। (ਜਦੋਂ) ਉਸ ਨੇ ਇਸ ਤਰ੍ਹਾਂ ਸਭਾ ਵਿਚ ਕਿਹਾ (ਤਾਂ) ਰਾਜੇ ਨੇ ਪ੍ਰਸੰਨ ਹੋ ਕੇ ਛਤਰੀ ਵਾਲੀ ਅੰਬਾਰੀ ('ਮੇਘ-ਅਡੰਬਰ') ਬਖ਼ਸ਼ ਦਿੱਤੀ।੧੨੫।

ਸੁੰਭ ਅਤੇ ਨਿਸੁੰਭ ਨੇ ਰਕਤ-ਬੀਜ ਨੂੰ ਕਿਹਾ ਕਿ ਤੁਸੀਂ ਬਹੁਤ ਸਾਰੀ ਫ਼ੌਜ ਲੈ ਕੇ ਜਾਉ ਅਤੇ ਜਿਸ ਵਡੇ ਪਰਬਤ ਉਤੇ ਚੰਡੀ ਬੈਠੀ ਹੈ, (ਉਸ ਨੂੰ) ਮਿੱਟੀ ਕਰ ਦਿਉ ਅਤੇ ਬਲ ਪੂਰਵਕ ਚੰਡੀ ਨੂੰ ਲਲਕਾਰ ਕੇ ਮਾਰ ਦਿਉ। ਕੰਨਾਂ ਨਾਲ ਰਾਜੇ (ਸੁੰਭ) ਦੀ ਗੱਲ ਸੁਣ ਕੇ (ਰਕਤ-ਬੀਜ) ਗੁੱਸੇ ਨਾਲ ਭਰਿਆ ਹਾਥੀ ਉਤੇ ਚੜ੍ਹ ਕੇ ਤੁਰ ਪਿਆ ਮਾਨੋ ਜਮਰਾਜ ('ਅੰਤਕ') ਰੂਪ ਹਾਥੀ ਪ੍ਰਗਟ ਹੋ ਕੇ ਦੈਂਤ (ਰਕਤ-ਬੀਜ) ਨੂੰ ਨਸ਼ਟ ਕਰਨ ਲਈ ਰਣ-ਭੂਮੀ ਨੂੰ ਚਲਿਆ ਹੋਵੇ।੧੨੬।

ਰਕਤ-ਬੀਜ ਨੇ ਨਗਾਰਾ ਵਜਾ ਕੇ ਹਾਥੀਆਂ, ਘੋੜਿਆਂ ਅਤੇ ਰਥਾਂ ਨੂੰ ਅਗੇ ਕੀਤਾ। (ਉਹ) ਦੈਂਤ ਇਕ ਤੋਂ ਇਕ ਵੱਧ ਕੇ ਬਲਵਾਨ ਸਨ (ਜੋ) ਪੈਰਾਂ ਨਾਲ ਸੁਮੇਰ ਪਰਬਤ ਨੂੰ ਮਿਧ ਸਕਦੇ ਸਨ। ਉਨ੍ਹਾਂ ਦੇ ਸੋਹਣੇ ਅਤੇ ਵਡੇ ਸ਼ਰੀਰਾਂ ਨੂੰ ਵੇਖੋ (ਜਿਨ੍ਹਾਂ ਉਤੇ) ਕਵਚ ਪਾਏ ਹੋਏ ਹਨ ਅਤੇ ਲਕ ਨਾਲ ਭੱਥੇ ਬੰਨ੍ਹੇ ਹੋਏ ਹਨ (ਅਤੇ ਜਿਨ੍ਹਾਂ ਨੇ) ਕਮਾਨਾਂ, ਬਾਣ ਅਤੇ ਕ੍ਰਿਪਾਨਾਂ ਆਦਿ (ਜੰਗੀ) ਸਾਮਾਨ ਲਿਆ ਹੋਇਆ ਹੈ। (ਅਜਿਹੇ ਬਲਵਾਨ) ਸਾਥੀਆਂ ਨੂੰ (ਉਹ) ਨਾਲ ਲੈ ਕੇ ਜਾ ਰਿਹਾ ਹੈ।੧੨੭।

ਦੋਹਰਾ

ਰਕਤ ਬੀਜ ਦਲ ਸਾਜ ਕੈ ਉਤਰੇ ਤਟਿ ਗਿਰਿ ਰਾਜ।
ਸ੍ਰਵਣਿ ਕੁਲਾਹਲ ਸੁਨਿ ਸਿਵਾ ਕਰਿਓ ਜੁਧ ਕੋ ਸਾਜ। ੧੨੮।

ਸੋਰਠਾ

ਹੁਇ ਸਿੰਘਹਿ ਅਸਵਾਰ ਗਾਜ ਗਾਜ ਕੈ ਚੰਡਿਕਾ।
ਚਲੀ ਪ੍ਰਬਲ ਅਸਿ ਧਾਰਿ ਰਕਤਿ ਬੀਜ ਕੇ ਬਧ ਨਮਿਤ। ੧੨੯।

ਸ੍ਵੈਯਾ

ਆਵਤ ਦੇਖ ਕੇ ਚੰਡਿ ਪ੍ਰਚੰਡ ਕੋ ਸ੍ਰੋਣਤਬਿੰਦ ਮਹਾ ਹਰਖਿਓ ਹੈ।
ਆਗੇ ਹ੍ਵੈ ਸਤ੍ਰ ਧਸੈ ਰਨ ਮਧਿ ਸੁ ਕ੍ਰੁਧ ਕੇ ਜੁਧਹਿ ਕੋ ਸਰਖਿਓ ਹੈ।
ਲੈ ਉਮਡਿਓ ਦਲੁ ਬਾਦਲੁ ਸੋ ਕਵਿ ਨੈ ਜਸੁ ਇਆ ਛਬਿ ਕੋ ਪਰਖਿਓ ਹੈ।
ਤੀਰ ਚਲੈ ਇਮ ਬੀਰਨ ਕੇ ਬਹੁ ਮੇਘ ਮਨੋ ਬਲੁ ਕੈ ਬਰਖਿਓ ਹੈ।੧੩੦।

ਬੀਰਨ ਕੇ ਕਰ ਤੇ ਛੁਟਿ ਤੀਰ ਸਰੀਰਨ ਚੀਰ ਕੇ ਪਾਰਿ ਪਰਾਨੇ।
ਤੋਰ ਸਰਾਸਨ ਫੋਰ ਕੈ ਕਉਚਨ ਮੀਨਨ ਕੇ ਰਿਪੁ ਜਿਉ ਥਹਰਾਨੇ।
ਘਾਉ ਲਗੇ ਤਨ ਚੰਡਿ ਅਨੇਕ ਸੁ ਸ੍ਰਉਣ ਚਲਿਓ ਬਹਿ ਕੈ ਸਰਤਾਨੇ।
ਮਾਨਹੁ ਫਾਰਿ ਪਹਾਰ ਹੂੰ ਕੋ ਸੁਤ ਤਛਕ ਕੇ ਨਿਕਸੇ ਕਰ ਬਾਨੇ। ੧੩੧।

ਬੀਰਨ ਕੇ ਕਰ ਤੇ ਛੁਟਿ ਤੀਰ ਸੁ ਚੰਡਿਕਾ ਸਿੰਘਨ ਜਿਉ ਭਭਕਾਰੀ।
ਲੈ ਕਰਿ ਬਾਨ ਕਮਾਨ ਕ੍ਰਿਪਾਨ ਗਦਾ ਗਹਿ ਚਕ੍ਰ ਛੁਰੀ ਅਉ ਕਟਾਰੀ।
ਕਾਟ ਕੈ ਦਾਮਨ ਛੇਦ ਕੈ ਭੇਦ ਕੈ ਸਿੰਧੁਰ ਕੀ ਕਰੀ ਭਿੰਨ ਅੰਬਾਰੀ।
ਮਾਨਹੁ ਆਗ ਲਗਾਇ ਹਨੂ ਗੜ ਲੰਕ ਅਵਾਸ ਕੀ ਡਾਰੀ ਅਟਾਰੀ। ੧੩੨।

ਤੋਰ ਕੈ ਮੋਰ ਕੈ ਦੈਤਨ ਕੇ ਮੁਖ ਘੋਰ ਕੇ ਚੰਡਿ ਮਹਾ ਅਸਿ ਲੀਨੋ।
ਜੋਰ ਕੈ ਕੋਰ ਕੈ ਠੋਰ ਕੈ ਬੀਰ ਸੁ ਰਾਛਸ ਕੋ ਹਤਿ ਕੈ ਤਿਹ ਦੀਨੋ।
ਖੋਰ ਕੈ ਤੋਰ ਕੈ ਬੋਰ ਕੈ ਦਾਨਵ ਲੈ ਤਿਨ ਕੇ ਕਰੇ ਹਾਡ ਚਬੀਨੋ।
ਸ੍ਰਉਣ ਕੋ ਪਾਨ ਕਰਿਓ ਜਿਉ ਦਵਾ ਹਰਿ ਸਾਗਰ ਕੋ ਜਲ ਜਿਉ ਰਿਖਿ ਪੀਨੋ। ੧੩੩।

ਚੰਡਿ ਪ੍ਰਚੰਡ ਕੁਵੰਡ ਕਰੰ ਗਹਿ ਜੁਧ ਕਰਿਓ ਨ ਗਨੇ ਭਟ ਆਨੇ।
ਮਾਰਿ ਦਈ ਸਭ ਦੈਤ ਚਮੂੰ ਤਿਹ ਸ੍ਰਉਣਤ ਜੰਬੁਕ ਗ੍ਰਿਝ ਅਘਾਨੇ।
ਭਾਲ ਭਇਆਨਕ ਦੇਖਿ ਭਵਾਨੀ ਕੋ ਦਾਨਵ ਇਉ ਰਨ ਛਾਡਿ ਪਰਾਨੇ।
ਪਉਨ ਕੇ ਗਉਨ ਕੇ ਤੇਜ ਪ੍ਰਤਾਪ ਤੇ ਪੀਪਰ ਕੇ ਜਿਉ ਪਾਤ ਉਡਾਨੇ। ੧੩੪।

ਦੋਹਰਾ

ਰਕਤ-ਬੀਜ ਨੇ ਫ਼ੌਜ ਨੂੰ (ਹਰ ਪਖੋਂ) ਤਿਆਰ ਕਰ ਕੇ ਸੁਮੇਰ ਪਰਬਤ ਕੋਲ ਜਾ ਕੇ ਡੇਰਾ ਕੀਤਾ। (ਦੂਜੇ ਪਾਸੇ) ਚੰਡੀ ਨੇ (ਦੈਂਤਾਂ ਦੀ ਆਮਦ ਦਾ) ਰੌਲਾ ਸੁਣ ਕੇ ਯੁੱਧ ਲਈ ਤਿਆਰੀ ਕੀਤੀ।੧੨੮।

ਸੋਰਠਾ

ਬਿਜਲੀ ਵਾਂਗ ਕੜਕਦੀ ਹੋਈ ਚੰਡੀ ਸ਼ੇਰ ਉਤੇ ਸਵਾਰ ਹੋ ਕੇ ਅਤੇ ਤਲਵਾਰ ਧਾਰਨ ਕਰ ਕੇ ਰਕਤ-ਬੀਜ ਨੂੰ ਮਾਰਨ ਲਈ ਚਲ ਪਈ।੧੨੯।

ਸ੍ਵੈਯਾ

ਪ੍ਰਚੰਡ ਚੰਡੀ ਨੂੰ ਆਉਂਦਾ ਵੇਖ ਕੇ ਰਕਤ-ਬੀਜ ਬਹੁਤ ਪ੍ਰਸੰਨ ਹੋਇਆ ਅਤੇ ਅਗੇ ਹੋ ਕੇ ਵੈਰੀ-ਦਲ ਵਿਚ ਧਸ ਗਿਆ। (ਫਿਰ) ਕ੍ਰੋਧ ਕਰ ਕੇ ਜੰਗ ਲਈ (ਹੋਰ) ਅਗੇ ਵਧਿਆ। ਉਹ ਬਦਲਾਂ ਵਰਗੇ ਸੈਨਾ-ਦਲਾਂ ਨੂੰ ਲੈ ਕੇ ਚਲਿਆ। (ਉਸ ਦੀ) ਛਬ ਨੂੰ ਵੇਖ ਕੇ ਕਵੀ ਨੇ ਇੰਜ ਪਛਾਣਿਆ ਹੈ ਕਿ ਸੂਰਮਿਆਂ ਦੇ ਤੀਰ ਇੰਜ ਚਲਦੇ ਹਨ ਮਾਨੋ ਬਦਲ ਬਹੁਤ ਜ਼ੋਰ ਲਾ ਕੇ ਵਰ੍ਹ ਰਹੇ ਹੋਣ।੧੩੦।

ਯੋਧਿਆਂ ਦੇ ਹੱਥਾਂ ਵਿਚੋਂ ਛੁਟ ਕੇ ਤੀਰ (ਵੈਰੀਆਂ ਦੇ) ਸ਼ਰੀਰਾਂ ਵਿਚੋਂ ਪਾਰ ਹੋ ਜਾਂਦੇ ਹਨ। ਕਮਾਨਾਂ ਨੂੰ ਤੋੜ ਕੇ, ਕਵਚਾਂ ਨੂੰ ਫੋੜ ਕੇ ਮੱਛੀਆਂ ਦੇ ਵੈਰੀ (ਦਧੀਰੇ ਪੰਛੀ ਵਾਂਗ ਤੀਰ ਸਿਰਾਂ ਉਤੇ) ਮੁੰਡਰਾ ਰਹੇ ਹਨ। ਚੰਡੀ ਦੇ ਸ਼ਰੀਰ ਉਤੇ ਲਗੇ ਕਈ ਜ਼ਖ਼ਮਾਂ ਵਿਚੋਂ ਲਹੂ ਨਦੀਆਂ ਵਾਂਗ ਵਗ ਰਿਹਾ ਹੈ ਮਾਨੋ ਪਰਬਤ ਨੂੰ ਫਾੜ ਕੇ ਸੱਪ (ਸੁਤ-ਤੱਛਕ) ਰੂਪ ਵਟਾ ਕੇ ਨਿਕਲੇ ਹੋਣ।੧੩੧।

(ਜਦੋਂ) ਵੀਰ-ਯੋਧਿਆਂ ਦੇ ਹੱਥੋਂ ਤੀਰ ਛੁਟੇ ਤਾਂ ਚੰਡੀ ਨੇ ਸ਼ੇਰਨੀ ਵਾਂਗ ਭਬਕ ਮਾਰੀ ਅਤੇ ਹੱਥਾਂ ਵਿਚ ਧਨੁਸ਼, ਬਾਣ, ਤਲਵਾਰ, ਗਦਾ, ਚਕਰ ਅਤੇ ਛੁਰੀ-ਕਟਾਰੀ (ਆਦਿ ਸ਼ਸਤ੍ਰ) ਧਾਰਨ ਕਰ ਲਏ। (ਵੈਰੀ ਦਲ ਦੇ ਅੰਬਾਰੀ ਨੂੰ ਕਸਣ ਵਾਲੇ) ਰੱਸੇ ਕਟ ਦਿੱਤੇ, ਤੰਗ ਤੋੜ ਦਿੱਤਾ ਅਤੇ ਹਾਥੀ ਦੀ ਅੰਬਾਰੀ ਉਸ ਤੋਂ ਵੱਖਰੀ ਕਰ ਦਿੱਤੀ, ਮਾਨੋ ਹਨੂਮਾਨ ਨੇ ਲੰਕਾ ਦੇ ਕਿਲ੍ਹੇ ਨੂੰ ਅੱਗ ਲਾ ਕੇ ਮਹੱਲ ਦੀ ਅਟਾਰੀ ਹੇਠਾਂ ਸੁਟ ਦਿੱਤੀ ਹੋਵੇ।੧੩੨।

ਚੰਡੀ ਨੇ (ਹੱਥ ਵਿਚ) ਤਲਵਾਰ ਧਾਰਨ ਕਰ ਕੇ ਦੈਂਤਾਂ ਦੇ ਭਿਆਨਕ ਮੁਖਾਂ ਨੂੰ ਤੋੜ ਮਰੋੜ ਦਿੱਤਾ। (ਜਿਹੜੇ) ਦੈਂਤ ਕਤਾਰਾਂ ਬੰਨ੍ਹ ਕੇ ਅਗੇ ਠਿਲ੍ਹ ਕੇ ਆਏ ਸਨ, ਉਨ੍ਹਾਂ ਨੂੰ (ਦੇਵੀ ਨੇ) ਮਾਰ ਦਿੱਤਾ। (ਪਹਿਲਾਂ ਦੇਵੀ ਨੇ) ਦੈਂਤਾਂ ਨੂੰ ਭੈਭੀਤ ਕਰਕੇ (ਡਰ ਵਿਚ) ਡੋਬ ਕੇ ਉਤਸਾਹ-ਹੀਨ ਕਰ ਦਿੱਤਾ ਅਤੇ ਫਿਰ ਉਨ੍ਹਾਂ ਦੀਆਂ ਹੱਡੀਆਂ ਦਾ ਚਬੀਨਾ ਬਣਾ ਦਿੱਤਾ ਅਤੇ (ਉਨ੍ਹਾਂ ਦੇ) ਲਹੂ ਨੂੰ ਪੀ ਲਿਆ ਜਿਵੇਂ ਜੰਗਲ ਦੀ ਅੱਗ ਨੂੰ ਸ੍ਰੀ ਕ੍ਰਿਸ਼ਨ ਨੇ ਅਤੇ ਅਗਸਤ ਰਿਸ਼ੀ ਨੇ ਸਮੁੰਦਰ ਦੇ ਜਲ ਨੂੰ ਪੀ ਲਿਆ ਸੀ।੧੩੩।

ਪ੍ਰਚੰਡ ਚੰਡੀ ਨੇ ਹੱਥ ਵਿਚ ਧਨੁਸ਼ ਪਕੜ ਕੇ (ਉਥੇ) ਆਏ ਹੋਏ ਅਨਗਿਣਤ ਯੋਧਿਆਂ ਨਾਲ ਯੁੱਧ ਕੀਤਾ। (ਦੈਂਤਾਂ ਦੀ) ਸਾਰੀ ਫ਼ੌਜ ਮਾਰ ਦਿੱਤੀ। ਉਨ੍ਹਾਂ ਦੇ ਲਹੂ ਨਾਲ ਗਿਦੜ ਅਤੇ ਗਿਰਜ਼ਾਂ ਰਜ ਗਈਆਂ। ਚੰਡੀ ਦੇ ਭਿਆਨਕ ਮੱਥੇ (ਅਥਵਾ ਮੁਖ) ਨੂੰ ਵੇਖ ਕੇ ਦੈਂਤ ਰਣ-ਭੂਮੀ ਨੂੰ ਇਸ ਤਰ੍ਹਾਂ ਛਡ ਕੇ ਭਜ ਗਏ ਜਿਸ ਤਰ੍ਹਾਂ ਤੇਜ਼ ਹਵਾ ਦੇ ਜ਼ੋਰ ਨਾਲ ਚਲਣ ਤੇ ਪਿੱਪਲ ਤੇ ਪੱਤਰ ਉਡ ਜਾਂਦੇ ਹਨ।੧੩੪।

ਆਹਵ ਮੈ ਖਿਝ ਕੈ ਬਰ ਚੰਡ ਕਰੰ ਧਰ ਕੈ ਹਰਿ ਪੈ ਅਰਿ ਮਾਰੇ।
ਏਕਨ ਤੀਰਨ ਚਕ੍ਰ ਗਦਾ ਹਤਿ ਏਕਨ ਕੇ ਤਨ ਕੇਹਰਿ ਫਾਰੇ।
ਹੈ ਦਲ ਗੈ ਦਲ ਪੈਦਲ ਘਾਇ ਕੈ ਮਾਰ ਰਥੀ ਬਿਰਥੀ ਕਰ ਡਾਰੇ।
ਸਿੰਧੁਰ ਐਸੇ ਪਰੇ ਤਿਹ ਠਉਰ ਜਿਉ ਭੂਮ ਮੈ ਝੂਮਿ ਗਿਰੇ ਗਿਰ ਭਾਰੇ। ੧੩੫।

ਦੋਹਰਾ

ਰਕਤ ਬੀਜ ਕੀ ਚਮੂੰ ਸਭ ਭਾਗੀ ਕਰਿ ਤਿਹ ਤ੍ਰਾਸ।
ਕਹਿਓ ਦੈਤ ਪੁਨਿ ਘੇਰ ਕੈ ਕਰੋ ਚੰਡਿ ਕੋ ਨਾਸ। ੧੩੬।

ਸ੍ਵੈਯਾ

ਕਾਨਨ ਮੈ ਸੁਨਿ ਕੈ ਇਹ ਬਾਤ ਸੁ ਬੀਰ ਫਿਰੇ ਕਰ ਮੈ ਅਸਿ ਲੈ ਲੈ।
ਚੰਡਿ ਪ੍ਰਚੰਡ ਸੋ ਜੁਧੁ ਕਰਿਓ ਬਲਿ ਕੈ ਅਤ ਹੀ ਮਨ ਕ੍ਰੁਧਤ[1] ਹ੍ਵੈ ਕੈ।
ਘਾਉ ਲਗੈ ਤਿਨ ਕੇ ਤਨ ਮੈ ਇਮ ਸ੍ਰਉਣ ਗਿਰਿਓ ਧਰਨੀ ਪਰੁ ਚੁਐ ਕੈ।
ਆਗ ਲਗੇ ਜਿਮੁ ਕਾਨਨ ਮੈ ਤਨ ਤਿਉ ਰਹੀ ਬਾਨਨ ਕੀ ਧੁਨਿ ਹ੍ਵੈ ਕੈ। ੧੩੭।

ਆਇਸ ਪਾਇ ਕੈ ਦਾਨਵ ਕੋ ਦਲ ਚੰਡਿ ਕੇ ਸਾਮੁਹੇ ਆਇ ਅਰਿਓ ਹੈ।
ਢਾਰ ਅਉ ਸਾਂਗ ਕ੍ਰਿਪਾਨਨਿ ਲੈ ਕਰ ਮੈ ਬਰ ਬੀਰਨ ਜੁਧ ਕਰਿਓ ਹੈ।
ਫੇਰ ਫਿਰੇ ਨਹਿ ਆਹਵ ਤੇ ਮਨ ਮਹਿ ਤਿਹ ਧੀਰਜ ਗਾਢੋ ਧਰਿਓ ਹੈ।
ਰੋਕ ਲਈ ਚਹੂੰ ਓਰ ਤੇ ਚੰਡਿ ਸੁ ਭਾਨ ਮਨੋ ਪਰਬੇਖ ਪਰਿਓ ਹੈ। ੧੩੮।

ਕੋਪ ਕੈ ਚੰਡਿ ਪ੍ਰਚੰਡ ਕੁਵੰਡ ਮਹਾ ਬਲ ਕੈ ਬਲਵੰਡ ਸੰਭਾਰਿਓ।
ਦਾਮਿਨਿ ਜਿਉ ਘਨ ਸੇ ਦਲ ਪੈਠਿਕੈ ਕੈ ਪੁਰਜੇ ਪੁਰਜੇ ਦਲੁ ਮਾਰਿਓ।
ਬਾਨਨਿ ਸਾਥ ਬਿਦਾਰ ਦਏ ਅਰਿ ਤਾ ਛਬਿ ਕੋ ਕਵਿ ਭਾਉ ਬਿਚਾਰਿਓ।
ਸੂਰਜ ਕੀ ਕਿਰਨੇ ਸਰਮਾਸਹਿ ਰੇਨ ਅਨੇਕ ਤਹਾ ਕਰਿ ਡਾਰਿਓ। ੧੩੯।

ਚੰਡਿ ਚਮੂੰ ਬਹੁ ਦੈਤਨ ਕੀ ਹਤਿ ਫੇਰਿ ਪ੍ਰਚੰਡ ਕੁਵੰਡ ਸੰਭਾਰਿਓ।
ਬਾਨਨ ਸੋ ਦਲ ਫੋਰ ਦਇਓ ਬਲ ਕੈ ਬਰ ਸਿੰਘ ਮਹਾ ਭਭਕਾਰਿਓ।
ਮਾਰ ਦਏ ਸਿਰਦਾਰ ਬਡੇ ਧਰਿ ਸ੍ਰਉਣ ਬਹਾਇ ਬਡੋ ਰਨ ਪਾਰਿਓ।
ਏਕ ਕੇ ਸੀਸ ਦਇਓ ਧਨੁ ਯੌ ਜਨੁ ਕੋਪ ਕੈ ਗਾਜ ਨੇ ਮੰਡਪ ਮਾਰਿਓ। ੧੪੦।

ਦੋਹਰਾ

ਚੰਡਿ ਚਮੂੰ ਸਭ ਦੈਤ ਕੀ ਐਸੇ ਦਈ ਸੰਘਾਰਿ।
ਪਉਨ ਪੂਤ ਜਿਉ ਲੰਕ ਕੋ ਡਾਰਿਓ ਬਾਗ ਉਖਾਰਿ। ੧੪੧।

੧. 'ਕ੍ਰੋਧਿਤ', 'ਕ੍ਰੋਧਤ'

ਯੁੱਧ ਵਿਚ ਖਿਝ ਕੇ ਚੰਡੀ ਨੇ ਹੱਥ ਵਿਚ ਤਲਵਾਰ ਫੜ ਕੇ ਵੈਰੀ ਮਾਰ ਦਿੱਤੇ। ਕਈਆਂ ਨੂੰ ਤੀਰਾਂ ਨਾਲ, ਚੱਕਰ ਅਤੇ ਗਦਾ ਨਾਲ ਮਾਰ ਦਿੱਤਾ ਅਤੇ ਕਈਆਂ ਦੇ ਸ਼ਰੀਰ ਨੂੰ ਸ਼ੇਰ ਨੇ ਪਾੜ ਦਿੱਤਾ। ਘੋੜਿਆਂ ਅਤੇ ਹਾਥੀਆਂ ਉਤੇ ਸਵਾਰ ਸੈਨਾ ਅਤੇ ਪੈਦਲ (ਫ਼ੌਜ) ਨੂੰ ਮਾਰ ਦਿੱਤਾ ਅਤੇ ਰਥਾਂ ਵਾਲਿਆਂ ਨੂੰ ਰਥਾਂ ਤੋਂ ਵਾਂਝਿਆ ਕਰ ਦਿੱਤਾ। ਉਥੇ ਹਾਥੀ ਇਸ ਤਰ੍ਹਾਂ ਡਿਗੇ ਪਏ ਸਨ ਜਿਸ ਤਰ੍ਹਾਂ ਧਰਤੀ ਦੇ ਹਿਲਣ ਨਾਲ ਵਡੇ ਵਡੇ ਪਰਬਤ ਡਿਗੇ ਹੋਏ ਹਨ।੧੩੫।

ਦੋਹਰਾ

ਰਕਤ-ਬੀਜ ਦੀ ਸਾਰੀ ਫ਼ੌਜ ਉਸ (ਚੰਡੀ ਦੇ) ਡਰ ਕਾਰਨ ਭਜ ਗਈ। ਦੈਂਤ ਨੇ ਫਿਰ (ਫ਼ੌਜ ਨੂੰ) ਇੱਕਠਾ ਕਰ ਕੇ ਕਿਹਾ ਕਿ ਚੰਡੀ ਨੂੰ ਨਸ਼ਟ ਕਰ ਦਿਓ।੧੩੬।

ਸ੍ਵੈਯਾ

ਕੰਨਾਂ ਨਾਲ ਇਹ ਗੱਲ ਸੁਣ ਕੇ ਹੱਥਾਂ ਵਿਚ ਤਲਵਾਰਾਂ ਲਈ ਵੀਰ (ਦੈਂਤ) ਮੁੜ ਪਏ ਅਤੇ ਬਹੁਤ ਕ੍ਰੋਧਵਾਨ ਹੋ ਕੇ ਪ੍ਰਚੰਡ ਚੰਡੀ ਨਾਲ ਜ਼ੋਰਦਾਰ ਯੁੱਧ ਕੀਤਾ। ਉਨ੍ਹਾਂ ਦੇ ਸ਼ਰੀਰ ਤੇ ਲਗੇ ਜ਼ਖ਼ਮਾਂ ਵਿਚੋਂ ਲਹੂ ਚੋ ਚੋ ਕੇ ਧਰਤੀ ਉਤੇ ਇਸ ਤਰ੍ਹਾਂ ਡਿਗਦਾ ਹੈ (ਜਿਸ ਤਰ੍ਹਾਂ ਝਰਨਿਆਂ ਵਿਚੋਂ ਜਲ ਡਿਗਦਾ ਹੈ), ਜਿਵੇਂ ਜੰਗਲ ਵਿਚ ਅੱਗ ਲਗਣ ਨਾਲ (ਤਿੜ ਤਿੜ ਦੀ ਆਵਾਜ਼ ਆਉਂਦੀ ਹੈ) ਤਿਵੇਂ ਸ਼ਰੀਰ ਉਤੇ ਤੀਰ ਵਜਣ ਦੀ ਧੁਨੀ ਹੋ ਰਹੀ ਹੈ।੧੩੭।

(ਰਕਤ-ਬੀਜ ਦੀ) ਆਗਿਆ ਪ੍ਰਾਪਤ ਕਰ ਕੇ ਦੈਂਤਾਂ ਦੀ ਫ਼ੌਜ ਚੰਡੀ ਦੇ ਸਾਹਮਣੇ ਆ ਕੇ ਡਟ ਗਈ। ਹੱਥਾਂ ਵਿਚ ਢਾਲਾਂ, ਬਰਛੀਆਂ ਅਤੇ ਤਲਵਾਰਾਂ ਲੈ ਕੇ ਬਲਵਾਨ ਯੋਧਿਆਂ ਨੇ ਯੁੱਧ ਕਰਨਾ ਸ਼ੁਰੂ ਕਰ ਦਿੱਤਾ। ਉਹ (ਦੈਂਤ) ਧੀਰਜ ਨੂੰ ਚੰਗੀ ਤਰ੍ਹਾਂ ਮਨ ਵਿਚ ਦ੍ਰਿੜ੍ਹ ਕਰਕੇ ਜੰਗ ਤੋਂ ਹਟਾਇਆਂ ਵੀ ਨਹੀਂ ਹਟਦੇ ਹਨ। (ਉਨ੍ਹਾਂ ਨੇ) ਚੰਡੀ ਨੂੰ ਚੌਹਾਂ ਪਾਸਿਆਂ ਤੋਂ ਇਸ ਤਰ੍ਹਾਂ ਘੇਰਿਆ ਹੋਇਆ ਹੈ ਮਾਨੋ ਸੂਰਜ ਨੂੰ ਪਰਿਵੇਖ (ਚਾਨਣ ਦਾ ਘੇਰਾ) ਪਿਆ ਹੋਇਆ ਹੋਵੇ।੧੩੮।

ਕ੍ਰੋਧਵਾਨ ਹੋ ਕੇ ਪ੍ਰਚੰਡ ਚੰਡੀ ਨੇ ਪੂਰੀ ਸ਼ਕਤੀ ਨਾਲ ਦ੍ਰਿੜ੍ਹ ਧਨੁਸ਼ ਨੂੰ ਧਾਰਨ ਕੀਤਾ ਅਤੇ (ਵੈਰੀ) ਸੈਨਾ ਵਿਚ ਦਾਖਲ ਹੋ ਕੇ (ਉਸ ਨੂੰ) ਪੁਰਜ਼ੇ ਪੁਰਜ਼ੇ ਕਰ ਦਿੱਤਾ ਜਿਵੇਂ ਬਦਲਾਂ ਦੇ ਸਮੂਹ ਵਿਚ ਬਿਜਲੀ (ਚਮਕਦੀ ਹੈ)। ਵੈਰੀਆਂ ਨੂੰ ਤੀਰਾਂ ਨਾਲ ਨਸ਼ਟ ਕਰ ਦਿੱਤਾ, ਉਸ ਨਜ਼ਾਰੇ ਲਈ ਕਵੀ ਦੇ ਮਨ ਵਿਚ ਇਹ ਆਇਆ ਜਿਵੇਂ ਸੂਰਜ ਦੀਆਂ ਕਿਰਨਾਂ ਨਾਲ ਕੋਹਰੇ ਦੇ ਜਲ-ਕਣ ਉਡ ਜਾਂਦੇ ਹਨ (ਤਿਵੇਂ ਤੀਰਾਂ ਨੇ ਵੈਰੀਆਂ ਦੇ ਸ਼ਰੀਰਾਂ ਦੇ ਤੂੰਬੇ ਅਥਵਾ ਚੀਥੜੇ) ਉਡਾ ਦਿੱਤੇ ਹਨ।੧੩੯।

ਚੰਡੀ ਨੇ ਦੈਂਤਾਂ ਦੀ ਬਹੁਤ ਸਾਰੀ ਸੈਨਾ ਮਾਰ ਕੇ ਫਿਰ ਪ੍ਰਚੰਡ ਧਨੁਸ਼ ਨੂੰ ਧਾਰਨ ਕੀਤਾ। ਬਾਣਾਂ ਨਾਲ (ਵੈਰੀ ਦੀ) ਸੈਨਾ ਪਾੜ ਦਿੱਤੀ ਅਤੇ ਬਲਵਾਨ ਸ਼ੇਰ ਵੀ ਜ਼ੋਰ ਨਾਲ ਦਹਾੜ੍ਹਿਆ। ਵਡੇ ਵਡੇ (ਸੈਨਿਕ) ਸਰਦਾਰ ਮਾਰ ਦਿੱਤੇ ਅਤੇ ਧਰਤੀ ਉਤੇ ਲਹੂ ਵਹਾ ਕੇ ਤਕੜਾ ਯੁੱਧ ਕੀਤਾ। ਇਕ (ਦੈਂਤ) ਦੇ ਸਿਰ ਉਤੇ ਇਸ ਤਰ੍ਹਾਂ ਧਨੁਸ਼ ਮਾਰਿਆ ਮਾਨੋ ਬਿਜਲੀ ਨੇ ਕ੍ਰੋਧ ਕਰ ਕੇ ਮਹੱਲ ਢਾਹ ਦਿੱਤਾ ਹੋਵੇ।੧੪੦।

ਦੋਹਰਾ

ਦੈਂਤ ਦੀ ਸਾਰੀ ਫ਼ੌਜ ਨੂੰ ਚੰਡੀ ਨੇ ਇਸ ਤਰ੍ਹਾਂ ਨਸ਼ਟ ਕਰ ਦਿੱਤਾ ਜਿਸ ਤਰ੍ਹਾਂ ਹਨੂਮਾਨ ('ਪਉਨ-ਪੂਤ') ਨੇ ਲੰਕਾ ਦਾ ਬਾਗ ਪੁਟ ਸੁਟਿਆ ਸੀ।੧੪੧।

ਸ੍ਵੈਯਾ

ਗਾਜ ਕੈ ਚੰਡਿ ਮਹਾਬਲਿ ਮੇਘ ਸੀ ਬੂੰਦਨ ਜਿਉ ਅਰਿ ਪੈ ਸਰ ਡਾਰੇ।
ਦਾਮਿਨਿ ਸੋ ਖਗ ਲੈ ਕਰਿ ਮੈ ਬਹੁ ਬੀਰ ਅਧੰ ਧਰ ਕੈ ਧਰਿ ਮਾਰੇ।
ਘਾਇਲ ਘੂਮ ਪਰੇ ਤਿਹ ਇਉ ਉਪਮਾ ਮਨ ਮੈ ਕਵਿ ਯੌ ਅਨੁਸਾਰੇ।
ਸ੍ਰਉਨ ਪ੍ਰਵਾਹ ਮਨੋ ਸਰਤਾ ਤਿਹ ਮਧਿ ਧਸੀ ਕਰਿ ਲੋਥ ਕਰਾਰੇ। ੧੪੨।

ਐਸੇ ਪਰੇ ਧਰਨੀ ਪਰ ਬੀਰ ਸੁ ਕੈ ਕੈ ਦੁਖੰਡ ਜੁ ਚੰਡਿਹਿ ਡਾਰੇ।
ਲੋਥਨ ਉਪਰ ਲੋਥ ਗਿਰੀ ਬਹਿ ਸ੍ਰਉਣ ਚਲਿਓ ਜਨੁ ਕੋਟ ਪਨਾਰੇ।
ਲੈ ਕਰਿ ਬਿਯਾਲ ਸੋ ਬਿਯਾਲ ਬਜਾਵਤ ਸੋ ਉਪਮਾ ਕਵਿ ਯੌ ਮਨਿ ਧਾਰੇ।
ਮਾਨੋ ਮਹਾ ਪ੍ਰਲਏ ਬਹੇ ਪਉਨ ਸੋ ਆਪਸਿ ਮੈ ਭਿਰ ਹੈ ਗਿਰਿ ਭਾਰੇ। ੧੪੩।

ਲੈ ਕਰ ਮੈ ਅਸਿ ਦਾਰੁਨ ਕਾਮ ਕਰੇ ਰਨ ਮੈ ਅਰਿ ਸੋ ਅਰਿਣੀ ਹੈ।
ਸੁਰ ਹਨੇ ਬਲਿ ਕੈ ਬਲੁਵਾਨ ਸੁ ਸ੍ਰਉਨ ਚਲਿਓ ਬਹਿ ਬੈਤਰਨੀ ਹੈ।
ਬਾਹ ਕਟੀ ਅਧ ਬੀਚ ਤੇ ਸੁੰਡ ਸੀ ਸੋ ਉਪਮਾ ਕਵਿ ਨੇ ਬਰਨੀ ਹੈ।
ਆਪਸਿ ਮੈ ਲਰ ਕੈ ਸੁ ਮਨੋ ਗਿਰਿ ਤੇ ਗਿਰੀ ਸਰਪ ਕੀ ਦੁਇ ਘਰਨੀ ਹੈ। ੧੪੪।

ਦੋਹਰਾ

ਸਕਲ ਪ੍ਰਬਤ ਦਲ ਦੈਤ ਕੋ ਚੰਡੀ ਦਇਓ ਭਜਾਇ।
ਪਾਪ ਤਾਪ ਹਰਿ ਜਾਪ ਤੇ ਜੈਸੇ ਜਾਤ ਪਰਾਇ। ੧੪੫।

ਸ੍ਵੈਯਾ

ਭਾਨੁ ਤੇ ਜਿਉ ਤਮ ਪਉਨ ਤੇ ਜਿਉ ਘਨੁ ਮੋਰ ਤੇ ਜਿਉ ਫਨਿ ਤਿਉ ਸੁਕਚਾਨੇ।
ਸੂਰ ਤੇ ਕਾਤੁਰੁ ਕੂਰ ਤੇ ਚਾਤੁਰੁ ਸਿੰਘ ਤੇ ਸਾਤੁਰ ਏਣਿ ਡਰਾਨੇ।
ਸੂਮ ਤੇ ਜਿਉ ਜਸੁ ਬਿਓਗ ਤੇ ਜਿਉ ਰਸੁ ਪੂਤ ਕਪੂਤ ਤੇ ਜਿਉ ਬੰਸੁ ਹਾਨੇ।
ਧਰਮ ਜਿਉ ਕ੍ਰੁਧ ਤੇ ਭਰਮ ਸੁਬੁਧ ਤੇ ਚੰਡ ਕੇ ਜੁਧ ਤੇ ਦੈਤ ਪਰਾਨੇ। ੧੪੬।

ਫੇਰ ਫਿਰੈ ਸਭ ਜੁਧ ਕੇ ਕਾਰਨ ਲੈ ਕਰਵਾਨ ਕ੍ਰੁਧ ਹੁਇ ਧਾਏ।
ਏਕ ਲੈ ਬਾਨ ਕਮਾਨਨ ਤਾਨ ਕੈ ਤੂਰਨ ਤੇਜ ਤੁਰੰਗ ਤੁਰਾਏ।
ਧੂਰਿ ਉਡੀ ਖੁਰ ਪੂਰਨ ਤੇ ਪਥ ਉਰਧ ਹੁਇ ਰਵਿ ਮੰਡਲ ਛਾਏ।
ਮਾਨਹੁ ਫੇਰ ਰਚੇ ਬਿਧਿ ਲੋਕ ਧਰਾ ਖਟ ਆਠ ਅਕਾਸ ਬਨਾਏ। ੧੪੭।

ਸ੍ਵੈਯਾ

ਬਲਵਾਨ ਚੰਡੀ ਨੇ ਬਦਲ ਵਾਂਗ ਗੱਜ ਕੇ ਤੀਰਾਂ ਨੂੰ ਬੂੰਦਾਂ ਵਾਂਗ ਵੈਰੀ ਉਤੇ ਸੁਟਿਆ। ਬਿਜਲੀ ਵਰਗੀ ਤਲਵਾਰ ਹੱਥ ਵਿਚ ਲੈ ਕੇ ਬਹੁਤ ਸੂਰਮਿਆਂ ਦੇ ਅੱਧੇ ਅੱਧੇ ਟੁਕੜੇ ਕਰ ਕੇ ਧਰਤੀ ਉਤੇ ਸੁਟ ਦਿੱਤੇ। ਜਖ਼ਮੀ ਭੁਆਟਣੀ ਖਾ ਕੇ ਉਥੇ ਇਸ ਤਰ੍ਹਾਂ ਡਿਗੇ ਹੋਏ ਹਨ, (ਉਨ੍ਹਾਂ ਉਤੇ) ਕਵੀ ਮਨ ਵਿਚ ਇੰਜ ਉਪਮਾ ਢੁਕਾਉਂਦਾ ਹੈ, ਮਾਨੋ ਲਹੂ ਦਾ ਪ੍ਰਵਾਹ ਨਦੀ ਹੋਵੇ ਅਤੇ ਉਸ ਵਿਚ ਧਸੀਆਂ ਲੋਥਾਂ ਕੰਢੇ ਹੋਣ।੧੪੨।

ਇਸ ਤਰ੍ਹਾਂ ਚੰਡੀ ਦੁਆਰਾ ਦੋ ਦੋ ਟੁਕੜੇ ਕੀਤੇ ਸੂਰਵੀਰ ਧਰਤੀ ਉਤੇ ਪਏ ਹਨ। ਲੋਥਾਂ ਉਤੇ ਲੋਥ ਡਿਗੀ ਹੋਈ ਹੈ, ਲਹੂ ਇਸ ਤਰ੍ਹਾਂ ਵਗ ਰਿਹਾ ਹੈ ਮਾਨੋ ਕਰੋੜਾਂ ਪਰਨਾਲੇ ਵਗ ਰਹੇ ਹੋਣ। (ਭੂਤ/ਗਣ) ਹੱਥ ਵਿਚ ਹਾਥੀ ਨੂੰ ਲੈ ਕੇ (ਦੂਜੇ) ਹਾਥੀ ਨਾਲ ਟਕਰਾਉਂਦੇ ਹਨ, ਉਸ ਦ੍ਰਿਸ਼ ਦੀ ਉਪਮਾ ਕਵੀ ਦੇ ਮਨ ਵਿਚ ਇਸ ਪ੍ਰਕਾਰ ਆਈ ਹੈ, ਮਾਨੋ ਮਹਾ ਪਰਲੋ ਵੇਲੇ ਹਵਾ ਦੇ ਚਲਣ ਨਾਲ ਵਡੇ ਵਡੇ ਪਹਾੜ ਆਪਸ ਵਿਚ ਟਕਰਾ ਰਹੇ ਹੋਣ।੧੪੩।

ਹੱਥ ਵਿਚ ਵੈਰੀ ਦੀ ਵੈਰਨ ਤਲਵਾਰ ਨੂੰ ਲਏ ਜਾਣ ਤੇ (ਉਹ) ਯੁੱਧ-ਭੂਮੀ ਵਿਚ ਭਿਆਨਕ ਕੰਮ ਕਰਦੀ ਹੈ। ਬਲਵਾਨ ਸੂਰਮਿਆਂ ਨੂੰ ਬਲ-ਪੂਰਵਕ ਮਾਰ ਦਿੱਤਾ ਗਿਆ ਅਤੇ ਲਹੂ ਵੈਤਰਨੀ ਨਦੀ ਹੋ ਕੇ ਵਗਣ ਲਗਿਆ। ਸੁੰਡ ਵਰਗੀ ਬਾਂਹ ਅੱਧ ਵਿਚਾਲਿਓਂ ਕਟੀ ਹੋਈ ਪਈ ਹੈ, ਉਸ ਦੀ ਉਪਮਾ ਕਵੀ ਨੂੰ ਇੰਜ ਸੁਝੀ ਹੈ, ਮਾਨੋ ਪਰਬਤ ਉਤੋਂ ਸ਼ੇਸ਼ ਨਾਗ ਦੀਆਂ ਦੋ ਪਤਨੀਆਂ ਲੜ ਕੇ ਡਿਗ ਪਈਆਂ ਹੋਣ।੧੪੪।

ਦੋਹਰਾ

ਦੈਂਤ ਦੇ ਸਾਰੇ ਪ੍ਰਬਲ ਦਲ ਨੂੰ ਚੰਡੀ ਨੇ (ਮਾਰ ਕੇ ਇਸ ਤਰ੍ਹਾਂ) ਭਜਾ ਦਿੱਤਾ, ਜਿਸ ਤਰ੍ਹਾਂ ਹਰਿ-ਜਾਪ ਨਾਲ ਪਾਪ ਅਤੇ ਤਾਪ ਦੂਰ ਹੋ ਜਾਂਦੇ ਹਨ।੧੪੫।

ਸ੍ਵੈਯਾ

ਜਿਵੇਂ ਸੂਰਜ ਤੋਂ ਹਨੇਰਾ, ਜਿਵੇਂ ਹਵਾ ਤੋਂ ਬਦਲ, ਜਿਵੇਂ ਮੋਰ ਤੋਂ ਫਨੀਅਰ ਡਰ ਜਾਂਦੇ ਹਨ (ਸੁੰਗੜ ਜਾਂਦੇ ਹਨ), ਤਿਵੇਂ ਸੂਰਮੇ ਤੋਂ ਕਾਇਰ, ਝੂਠ ਤੋਂ ਸਿਆਣਪ ਅਤੇ ਸ਼ੇਰ ਤੋਂ ਹਿਰਨ ('ਏਣਿ') ਤੁਰਤ ('ਸਾਤੁਰ') ਭੈਭੀਤ ਹੋ ਜਾਂਦੇ ਹਨ। ਜਿਵੇਂ ਕੰਜੂਸ ਤੋਂ ਯਸ਼, ਜਿਵੇਂ ਵਿਯੋਗ ਤੋਂ ਆਨੰਦ ਅਤੇ ਜਿਵੇਂ ਕੁਪੁੱਤਰ ਤੋਂ ਖ਼ਾਨਦਾਨ ਦਾ ਨੁਕਸਾਨ ਹੁੰਦਾ ਹੈ ਅਤੇ ਕ੍ਰੋਧ ਤੋਂ ਧਰਮ ਦਾ, ਸੁਬੁੱਧ ਤੋਂ ਭਰਮ (ਭਜ ਜਾਂਦਾ ਹੈ, ਉਵੇਂ) ਚੰਡੀ ਦੇ ਯੁੱਧ ਤੋਂ ਦੈਂਤ ਨਸ ਜਾਂਦੇ ਹਨ।੧੪੬।

ਯੁੱਧ ਲਈ ਫਿਰ ਸਭ ਮੁੜ ਪਏ ਅਤੇ ਕ੍ਰੋਧਵਾਨ ਹੋ ਕੇ (ਹੱਥ ਵਿਚ) ਤਲਵਾਰਾਂ ਧਾਰਨ ਕਰਦੇ ਹੋਇਆਂ ਹਮਲਾਵਰ ਹੋਏ। ਕਈ ਹੱਥਾਂ ਵਿਚ ਤੀਰ ਲੈ ਕੇ ਅਤੇ ਕਮਾਨਾਂ ਵਿਚ ਕਸ ਕੇ ਛੇਤੀ ਨਾਲ ਘੋੜਿਆਂ ਨੂੰ ਤੋਰਦੇ ਹਨ। (ਘੋੜਿਆਂ ਦੇ) ਸੁੰਮਾਂ ਨਾਲ ਉਡੀ ਧੂੜ ਨੇ ਉਪਰਲੇ ਰਸਤੇ (ਆਕਾਸ਼) ਵਿਚ ਪਸਰ ਕੇ ਸੂਰਜ ਦੇ ਮੰਡਲ ਨੂੰ ਲੁਕਾ ਦਿੱਤਾ ਹੈ, ਮਾਨੋ ਬ੍ਰਹਮਾ ਨੇ ਫਿਰ ਲੋਕਾਂ ਦੀ ਰਚਨਾ ਕੀਤੀ ਹੈ (ਜਿਨ੍ਹਾਂ ਵਿਚ) ਛੇ ਧਰਤੀਆਂ ਅਤੇ ਅੱਠ ਆਕਾਸ਼ ਬਣਾਏ ਹਨ।੧੪੭।

ਚੰਡ ਪ੍ਰਚੰਡ ਕੁਵੰਡ ਲੈ ਬਾਨਨਿ ਦੈਤਨ ਕੇ ਤਨ ਤੂਲਿ ਜਿਉ ਤੂੰਬੇ।
ਮਾਰ ਗਇੰਦ ਦਏ ਕਰਵਾਰ ਲੈ ਦਾਨਵ ਮਾਨ ਗਇਓ ਉਡ ਪੂੰਬੇ।
ਬੀਰਨ ਕੇ ਸਿਰ ਕੀ ਸਿਤ ਪਾਗ ਚਲੀ ਬਹਿ ਸ੍ਰੋਨਤ ਊਪਰ ਖੂੰਬੇ।
ਮਾਨਹੁ ਸਾਰਸੁਤੀ ਕੇ ਪ੍ਰਵਾਹ ਮੈ ਸੂਰਨ ਕੇ ਜਸ ਕੈ ਉਠੇ ਬੂੰਬੇ। ੧੪੮।

ਦੇਤਨ ਸਾਥ ਗਦਾ ਗਹਿ ਹਾਥਿ ਸੁ ਕ੍ਰੁਧ ਹ੍ਵੈ ਜੁਧੁ ਨਿਸੰਗ ਕਰਿਓ ਹੈ।
ਪਾਨਿ ਕ੍ਰਿਪਾਨ ਲਏ ਬਲਵਾਨ ਸੁ ਮਾਰ ਤਬੈ ਦਲ ਛਾਰ ਕਰਿਓ ਹੈ।
ਪਾਗ ਸਮੇਤ ਗਿਰਿਓ ਸਿਰ ਏਕ ਕੋ ਭਾਉ ਇਹੇ ਕਬਿ ਤਾ ਕੋ ਧਰਿਓ ਹੈ।
ਪੂਰਨਿ ਪੁੰਨ ਪਏ ਨਭ ਤੇ ਸੁ ਮਨੋ ਭੁਅ ਟੂਟ ਨਛਤ੍ਰ ਪਰਿਓ ਹੈ। ੧੪੯।

ਬਾਰਿਦ ਬਾਰਨ ਜਿਉ ਨਿਰਵਾਰਿ ਮਹਾ ਬਲ ਧਾਰਿ ਤਬੇ ਇਹ ਕੀਆ।
ਪਾਨਿ ਲੈ ਬਾਨ ਕਮਾਨ ਕੋ ਤਾਨਿ ਸੰਘਾਰ ਸਨੇਹ ਤੇ ਸ੍ਰਉਨਤ ਪੀਆ।
ਏਕ ਗਏ ਕੁਮਲਾਇ ਪਰਾਇ ਕੈ ਏਕਨ ਕੋ ਧਰਕਿਓ ਤਨਿ ਹੀਆ।
ਚੰਡ ਕੇ ਬਾਨ ਕਿਧੋ ਕਰ ਭਾਨਹਿ ਦੇਖਿ ਕੈ ਦੈਤ ਗਈ ਦੁਤਿ ਦੀਆ। ੧੫੦।

ਲੈ ਕਰ ਮੈ ਅਸਿ ਕੋਪ ਭਈ ਅਤਿ ਧਾਰ ਮਹਾ ਬਲ ਕੋ ਰਨ ਪਾਰਿਓ।
ਦਉਰ ਕੈ ਠਉਰ ਹਤੇ ਬਹੁ ਦਾਨਵ ਏਕ ਗਇੰਦ੍ਰ ਬਡੋ ਰਨਿ ਮਾਰਿਓ।
ਕਉਤਕਿ ਤਾ ਛਬਿ ਕੋ ਰਨ ਪੇਖਿ ਤਬੈ ਕਬਿ ਇਉ ਮਨ ਮਧਿ ਬਿਚਾਰਿਓ।
ਸਾਗਰ ਬਾਂਧਨ ਕੇ ਸਮਏ ਨਲ ਮਾਨੋ ਪਹਾਰ ਉਖਾਰ ਕੇ ਡਾਰਿਓ। ੧੫੧।

ਦੋਹਰਾ

ਮਾਰ ਜਬੈ ਸੈਨਾ ਲਈ ਤਬੈ ਦੈਤ ਇਹ ਕੀਨ।
ਸਸਤ੍ਰ ਧਾਰ ਕਰਿ ਚੰਡਿ ਕੇ ਬਧਿਬੇ ਕੋ ਮਨ ਦੀਨ। ੧੫੨।

ਸ੍ਵੈਯਾ

ਬਾਹਨਿ ਸਿੰਘ ਭਇਆਨਕ ਰੂਪ ਲਖਿਓ ਸਭ ਦੈਤ ਮਹਾ ਡਰ ਪਾਇਓ।
ਸੰਖ ਲੀਏ ਕਰਿ ਚਕ੍ਰ ਅਉ ਬਕ੍ਰ ਸਰਾਸਨ ਪਤ੍ਰ ਬਚਿਤ੍ਰ ਬਨਾਇਓ।
ਧਾਇ ਭੁਜਾ ਬਲ ਆਪਨ ਹ੍ਵੈ ਹਮ ਸੋ ਤਿਨਯੌ ਅਤਿ ਜੁਧੁ ਮਚਾਇਓ।
ਕ੍ਰੋਧ ਕੈ ਸ੍ਰਉਣਤ ਬਿੰਦ ਕਹੈ ਰਨਿ ਇਆਹੀ ਤੇ ਚੰਡਿਕਾ ਨਾਮ ਕਹਾਇਓ।੧੫੩।

ਪ੍ਰਚੰਡ ਚੰਡੀ ਨੇ ਧਨੁਸ਼ ਲੈ ਕੇ ਬਾਣਾਂ ਨਾਲ ਦੈਂਤਾਂ ਦੇ ਸ਼ਰੀਰਾਂ ਨੂੰ ਰੂੰ ਵਾਂਗ ਤੂੰਬੇ ਤੂੰਬੇ ਕਰ ਦਿੱਤਾ ਹੈ। (ਚੰਡੀ ਨੇ) ਤਲਵਾਰ ਨਾਲ (ਦੈਂਤ-ਦਲ ਦੇ) ਹਾਥੀਆਂ ਨੂੰ ਮਾਰ ਦਿੱਤਾ ਹੈ। (ਫਲਸਰੂਪ) ਦੈਂਤਾਂ ਦਾ ਹੰਕਾਰ ਅੱਕ ਦੀਆਂ ਬੁੱਢੀਆਂ ਵਾਂਗ ਉਡ-ਪੁਡ ਗਿਆ ਹੈ। ਸੂਰਮਿਆਂ ਦੇ ਸਿਰਾਂ ਦੀਆਂ ਸਫ਼ੈਦ ਪਗੜੀਆਂ ਲਹੂ ਉਤੇ ਖੁੰਬਾਂ ਵਾਂਗ ਵਹਿ ਰਹੀਆਂ ਹਨ। (ਇਹ ਦ੍ਰਿਸ਼ ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਸਰਸਵਤੀ ਨਦੀ ਦੇ ਪ੍ਰਵਾਹ ਵਿਚ ਸੂਰਮਿਆਂ ਦੇ ਯਸ਼ ਦੇ ਬੁਲਬੁਲੇ (ਬੂੰਬੇ) ਉਠ ਰਹੇ ਹੋਣ।੧੪੮।

(ਫਿਰ ਚੰਡੀ ਨੇ) ਹੱਥ ਵਿਚ ਗਦਾ ਧਾਰਨ ਕਰ ਕੇ ਕ੍ਰੋਧ ਨਾਲ ਨਿਸੰਗ ਹੋ ਕੇ ਦੈਂਤਾਂ ਨਾਲ ਯੁੱਧ ਸ਼ੁਰੂ ਕਰ ਦਿੱਤਾ। ਹੱਥ ਵਿਚ ਮਜ਼ਬੂਤ ਤਲਵਾਰ ਲੈ ਕੇ (ਦੈਂਤਾਂ ਦੇ) ਦਲ ਨੂੰ ਮਾਰ ਕੇ ਮਿੱਟੀ ਵਿਚ ਮਿਲਾ ਦਿੱਤਾ। ਇਕ ਦੈਂਤ ਦਾ ਪਗੜੀ ਸਮੇਤ ਸਿਰ ਡਿਗਿਆ ਹੋਇਆ ਹੈ, (ਉਸ ਦਾ) ਭਾਵ ਕਵਿਤਾ ਵਿਚ (ਕਵੀ ਨੇ) ਇੰਜ ਬਿਆਨ ਕੀਤਾ ਹੈ, ਮਾਨੋ ਪੁੰਨਾਂ ਦੇ ਪੂਰੇ ਹੋਣ ਤੇ ਆਕਾਸ਼ ਤੋਂ ਤਾਰਾ (ਨਛੱਤ੍ਰ) ਟੁਟ ਕੇ ਧਰਤੀ ਉਤੇ ਡਿਗਿਆ ਹੋਵੇ।੧੪੯।

ਤਦ (ਚੰਡੀ ਨੇ) ਬਹੁਤ ਅਧਿਕ ਬਲ ਇਕੱਠਾ ਕਰ ਕੇ ਬਦਲਾਂ ਵਰਗੇ ਹਾਥੀਆਂ ਨੂੰ ਖਿੰਡਾਉਣ ਦਾ ਕੰਮ ਕੀਤਾ। ਹੱਥ ਵਿਚ ਤੀਰ ਲੈ ਕੇ, ਕਮਾਨ ਨੂੰ ਖਿਚ ਕੇ ਮਾਰਿਆ ਹੈ ਅਤੇ ਸਨੇਹ ਪੂਰਵਕ ਲਹੂ ਪੀਤਾ। (ਇਹ ਵੇਖ ਕੇ) ਇਕ ਤਾਂ ਘਬਰਾ ਕੇ ਨਸ ਗਏ ਹਨ ਅਤੇ ਇਕਨਾਂ ਦੇ ਤਨ ਵਿਚ ਦਿਲ ਧੜਕਨ ਲਗ ਗਿਆ। ਚੰਡੀ ਦੇ ਤੀਰ ਹਨ ਅਥਵਾ ਸੂਰਜ ਦੀਆਂ ਕਿਰਨਾਂ ਹਨ (ਜਿਨ੍ਹਾਂ ਨੂੰ) ਵੇਖ ਕੇ ਦੈਂਤਾਂ ਦੇ ਦੀਵਿਆਂ ਦੀ ਰੌਸ਼ਨੀ ਚਲੀ ਗਈ ਹੈ।੧੫੦।

(ਚੰਡੀ ਨੇ) ਹੱਥ ਵਿਚ ਤਲਵਾਰ ਲੈ ਕੇ ਅਤੇ ਕ੍ਰੋਧਵਾਨ ਹੋ ਕੇ ਅਤਿ ਅਧਿਕ ਬਲ ਸਹਿਤ ਘੋਰ ਯੁੱਧ ਮਚਾਇਆ। ਆਪਣੀ ਥਾਂ ਤੋਂ ਅਗੇ ਵੱਧ ਕੇ ਬਹੁਤੇ ਦੈਂਤਾਂ ਅਤੇ ਇਕ ਵੱਡੇ ਹਾਥੀ ਨੂੰ ਰਣ ਵਿਚ ਮਾਰਿਆ। ਰਣ ਵਿਚ ਉਸ ਕੌਤਕ ਦੇ ਨਜ਼ਾਰੇ ਨੂੰ ਵੇਖ ਕੇ ਤਦ ਕਵੀ ਨੇ ਮਨ ਵਿਚ ਇੰਜ ਵਿਚਾਰਿਆ ਮਾਨੋ ਸਮੁੰਦਰ ਨੂੰ ਬੰਨ੍ਹ ਮਾਰਨ ਵੇਲੇ ਨਲ ਨੇ ਪਰਬਤ ਪੁਟ ਕੇ ਸੁਟ ਦਿੱਤਾ ਹੋਵੇ।੧੫੧।

ਦੋਹਰਾ

ਜਦੋਂ (ਚੰਡੀ ਨੇ ਦੈਂਤਾਂ ਦੀ) ਫ਼ੌਜ ਮਾਰ ਲਈ, ਤਦੋਂ (ਰਕਤ-ਬੀਜ) ਨੇ ਇਹ ਕੰਮ ਕੀਤਾ ਕਿ ਸ਼ਸਤ੍ਰ ਧਾਰਨ ਕਰ ਕੇ ਚੰਡੀ ਨੂੰ ਮਾਰਨ ਦਾ (ਖਿਆਲ) ਮਨ ਵਿਚ ਲਿਆਉਂਦਾ।੧੫੨।

ਸ੍ਵੈਯਾ

ਸ਼ੇਰ ਦੀ ਸਵਾਰ (ਚੰਡੀ) ਦਾ ਭਿਆਨਕ ਰੂਪ ਵੇਖ ਕੇ ਸਾਰੇ ਦੈਂਤਾਂ ਨੇ ਬਹੁਤ ਡਰ ਮੰਨਿਆ ਹੈ। (ਦੇਵੀ ਨੇ) ਹੱਥ ਵਿਚ ਸੰਖ ਅਤੇ ਚੱਕਰ ਲਿਆ ਹੋਇਆ ਹੈ ਅਤੇ ਟੇਢੀ ਧਨੁਸ਼ ਉਤੇ ਖੰਭਾਂ ਵਾਲਾ ਤੀਰ (ਪਤ੍ਰ) ਬਹੁਤ ਵਿਚਿਤ੍ਰ ਢੰਗ ਨਾਲ ਸਜਾਇਆ ਹੋਇਆ ਹੈ। ਰਕਤ-ਬੀਜ ਕ੍ਰੋਧਵਾਨ ਹੋ ਕੇ ਅਗੇ ਵਧਿਆ ਅਤੇ (ਚੰਡੀ ਨੂੰ) ਇੰਜ ਕਹਿਣ ਲਗਿਆ ਕਿ ਜੇ ਤੇਰੀਆਂ ਭੁਜਾਵਾਂ ਵਿਚ ਬਲ ਹੈ ਤਾਂ ਰਣ ਵਿਚ ਮੇਰੇ ਨਾਲ ਯੁੱਧ ਮਚਾ। (ਅਗੋਂ ਚੰਡੀ ਨੇ ਉਤਰ ਦਿੱਤਾ ਕਿ) ਇਸੇ ਕਰ ਕੇ ਤਾਂ (ਮੈਂ ਆਪਣਾ ਨਾਂ) ਚੰਡਿਕਾ ਅਖਵਾਇਆ ਹੈ।੧੫੩।

ਮਾਰਿ ਲਇਓ ਦਲਿ ਅਉਰ ਭਜਿਓ ਤਬ ਕੋਪ ਕੇ ਆਪਨ ਹੀ ਸੁ ਭਿਰਿਓ ਹੈ।
ਚੰਡਿ ਪ੍ਰਚੰਡਿ ਸੋ ਜੁਧੁ ਕਰਿਓ ਅਸਿ ਹਾਥਿ ਛੁਟਿਓ ਮਨ ਨਾਹਿ ਗਿਰਿਓ ਹੈ।
ਲੈ ਕੇ ਕੁਵੰਡ ਕਰੰ ਬਲ ਧਾਰ ਕੈ ਸ੍ਰੋਨ ਸਮੂਹ ਮੈ ਐਸੇ ਤਰਿਓ ਹੈ।
ਦੇਵ ਅਦੇਵ ਸਮੁੰਦ੍ਰ ਮਥਿਓ ਮਾਨੋ ਮੇਰ ਕੋ ਮਧਿ ਧਰਿਓ ਸੁ ਫਿਰਿਓ ਹੈ। ੧੫੪।

ਕ੍ਰੁਧ ਕੈ ਜੁਧ ਕੇ ਦੈਤ ਬਲੀ ਨਦ ਸ੍ਰੋਨ ਕੋ ਤੈਰ ਕੇ ਪਾਰ ਪਧਾਰਿਓ।
ਲੈ ਕਰਵਾਰ ਅਉ ਢਾਰ ਸੰਭਾਰ ਕੈ ਸਿੰਘ ਕੋ ਦਉਰ ਕੈ ਜਾਇ ਹਕਾਰਿਓ।
ਆਵਤ ਪੇਖ ਕੈ ਚੰਡਿ ਕੁਵੰਡ ਤੇ ਬਾਨ ਲਗਿਓ ਤਨ ਮੂਰਛ ਪਾਰਿਓ।
ਰਾਮ ਕੇ ਭ੍ਰਾਤਨ ਜਿਉ ਹਨੁਮਾਨ ਕੋ ਸੈਲ ਸਮੇਤ ਧਰਾ ਪਰ ਡਾਰਿਓ। ੧੫੫।

ਫੇਰ ਉਠਿਓ ਕਰਿ ਲੈ ਕਰਵਾਰ ਕੋ ਚੰਡ ਪ੍ਰਚੰਡ ਸਿਉ ਜੁਧ ਕਰਿਓ ਹੈ।
ਘਾਇਲ ਕੈ ਤਨ ਕੇਹਰ ਤੇ ਬਹਿ ਸ੍ਰਉਨ ਸਮੂਹ ਧਰਾਨਿ ਪਰਿਓ ਹੈ।
ਸੋ ਉਪਮਾ ਕਬਿ ਨੇ ਬਰਨੀ ਮਨ ਕੀ ਹਰਨੀ ਤਿਹ ਨਾਉ ਧਰਿਓ ਹੈ।
ਗੇਰੂ ਨਗੰ ਪਰ ਕੈ ਬਰਖਾ ਧਰਨੀ ਪਰਿ ਮਾਨਹੁ ਰੰਗ ਢਰਿਓ ਹੈ। ੧੫੬।

ਸ੍ਰੋਣਤ ਬਿੰਦ੍ਵ ਸੋ ਚੰਡਿ ਪ੍ਰਚੰਡ ਸੁ ਜੁਧ ਕਰਿਓ ਰਨ ਮਧ ਰੁਹੇਲੀ।
ਪੈ ਦਲ ਮੈ ਦਲ ਮੀਜ ਦਇਓ ਤਿਲ ਤੇ ਜਿਮੁ ਤੇਲ ਨਿਕਾਰਤ ਤੇਲੀ।
ਸ੍ਰੋਉਣ ਪਰਿਓ ਧਰਨੀ ਪਰ ਚ੍ਵੈ ਰੰਗਰੇਜ ਕੀ ਰੇਨੀ ਜਿਉ ਫੂਟ ਕੈ ਫੈਲੀ।
ਘਾਉ ਲਸੈ ਤਨ ਦੈਤ ਕੇ ਯੌ ਜਨੁ ਦੀਪਕ ਮਧਿ ਫਨੂਸ ਕੀ ਥੈਲੀ। ੧੫੭।

ਸ੍ਰਉਣਤ ਬਿੰਦ ਕੋ ਸ੍ਰਉਣ ਪਰਿਓ ਧਰਿ ਸ੍ਰਉਨਤ ਬਿੰਦ ਅਨੇਕ ਭਏ ਹੈ।
ਚੰਡਿ ਪ੍ਰਚੰਡ ਕੁਵੰਡਿ ਸੰਭਾਰਿ ਕੇ ਬਾਨਨ ਸਾਥਿ ਸੰਘਾਰ ਦਏ ਹੈ।
ਸ੍ਰਉਨ ਸਮੂਹ ਸਮਾਇ ਗਏ ਬਹੁਰੋ ਸੁ ਭਏ ਹਤਿ ਫੇਰਿ ਲਏ ਹੈ।
ਬਾਰਿਦ ਧਾਰ ਪਰੈ ਧਰਨੀ ਮਾਨੋ ਬਿਬੰਰ ਹ੍ਵੈ ਮਿਟ ਕੈ ਜੁ ਗਏ ਹੈ। ੧੫੮।

ਜੇਤਕ ਸ੍ਰਉਨ ਕੀ ਬੂੰਦ ਗਿਰੈ ਰਨਿ ਤੇਤਕ ਸ੍ਰਉਨਤ ਬਿੰਦ ਹ੍ਵੈ ਆਈ।
ਮਾਰ ਹੀ ਮਾਰ ਪੁਕਾਰਿ ਹਕਾਰ ਕੈ ਚੰਡਿ ਪ੍ਰਚੰਡਿ ਕੇ ਸਾਮੁਹਿ ਧਾਈ।
ਪੇਖਿ ਕੈ ਕੌਤੁਕ ਤਾ ਛਿਨ ਮੈ ਕਵਿ ਨੇ ਮਨ ਮੈ ਉਪਮਾ ਠਹਰਾਈ।
ਮਾਨਹੁ ਸੀਸ ਮਹਲ ਕੇ ਬੀਚ ਸੁ ਮੂਰਤਿ ਏਕ ਅਨੇਕ ਕੀ ਝਾਈ। ੧੫੯।

(ਜਦੋਂ ਰਕਤ-ਬੀਜ ਦਾ) ਦਲ ਮਾਰਿਆ ਗਿਆ ਅਤੇ (ਬਾਕੀ ਦਾ) ਭਜ ਗਿਆ ਤਦੋਂ ਆਪ ਹੀ ਕ੍ਰੋਧਵਾਨ ਹੋ ਕੇ (ਚੰਡੀ ਨਾਲ) ਯੁੱਧ ਕਰਨ ਲਗਿਆ। (ਉਸ ਨੇ) ਪ੍ਰਚੰਡ ਚੰਡੀ ਨਾਲ ਯੁੱਧ ਕੀਤਾ (ਅਤੇ ਉਸ ਦੇ ਹੱਥੋਂ) ਤਲਵਾਰ ਛੁੱਟ ਗਈ, ਪਰ ਉਸ ਦਾ ਮਨੋਬਲ ਨ ਡਿਗਿਆ। ਹੱਥ ਵਿਚ ਧਨੁਸ਼ ਧਾਰਨ ਕਰ ਕੇ ਅਤੇ ਪੂਰੀ ਸ਼ਕਤੀ ਇਕੱਠੀ ਕਰ ਕੇ ਲਹੂ ਦੇ ਸਾਗਰ ਵਿਚ ਇੰਜ ਤਰਿਆ ਹੈ ਮਾਨੋ ਦੇਵਤਿਆਂ ਅਤੇ ਦੈਂਤਾਂ ਨੇ ਸਮੁੰਦਰ ਰਿੜਕਿਆ ਹੋਵੇ ਅਤੇ ਉਸ ਵਿਚ ਸੁਮੇਰ ਪਰਬਤ ਦੇ ਸਮਾਨ (ਮਧਾਣੇ ਵਾਂਗ ਰਕਤ-ਬੀਜ) ਫਿਰਿਆ ਹੋਵੇ।੧੫੪।

ਬਲਵਾਨ ਦੈਂਤ ਨੇ ਕ੍ਰਧਿਤ ਹੋ ਕੇ ਯੁੱਧ ਲਈ ਲਹੂ ('ਸ੍ਰੋਨ') ਦੀ ਨਦੀ ਨੂੰ ਤਰ ਕੇ ਪਾਰ ਕੀਤਾ। ਤਲਵਾਰ ਅਤੇ ਢਾਲ ਨੂੰ ਸੰਭਾਲ ਕੇ ਦੌੜਦੇ ਹੋਇਆਂ ਸ਼ੇਰ ਨੂੰ ਜਾ ਲਲਕਾਰਿਆ। (ਉਸ ਨੂੰ) ਆਉਂਦਿਆਂ ਵੇਖ ਕੇ ਚੰਡੀ ਨੇ ਧਨੁਸ਼ ਨਾਲ ਤੀਰ (ਸਾਧ ਕੇ ਮਾਰਿਆ ਜਿਸ ਦੇ) ਲਗਦਿਆਂ ਹੀ (ਦੈਂਤ ਦੇ) ਸ਼ਰੀਰ ਨੂੰ ਮੂਰਛਿਤ ਕਰ ਦਿੱਤਾ, ਜਿਵੇਂ ਰਾਮ ਦੇ ਛੋਟੇ ਭਰਾ (ਭਰਤ) ਨੇ (ਸੰਜੀਵਨੀ ਬੂਟੀ ਵਾਲੇ) ਪਰਬਤ ਸਹਿਤ ਹਨੁਮਾਨ ਨੂੰ ਧਰਤੀ ਉਤੇ ਡਿਗਾ ਦਿੱਤਾ ਸੀ।੧੫੫।

ਹੱਥ ਵਿਚ ਤਲਵਾਰ ਲੈ ਕੇ ਫਿਰ ਉਠਿਆ ਅਤੇ ਪ੍ਰਚੰਡ ਚੰਡੀ ਨਾਲ ਯੁੱਧ ਕਰਨਾ ਸ਼ੁਰੂ ਕਰ ਦਿੱਤਾ। (ਉਸ ਨੇ) ਸ਼ੇਰ ਨੂੰ ਘਾਇਲ ਕਰ ਦਿੱਤਾ ਹੈ ਅਤੇ (ਉਸ ਦੇ ਜ਼ਖ਼ਮ ਤੋਂ) ਬਹੁਤ ਸਾਰਾ ਲਹੂ ਧਰਤੀ ਉਤੇ ਡੁਲ੍ਹ ਗਿਆ। (ਉਸ ਦੀ) ਉਪਮਾ ਕਵੀ ਨੇ ਵਰਣਿਤ ਕੀਤੀ ਹੈ, ਉਸ ਦਾ ਨਾਂ 'ਮਨ ਨੂੰ ਹਰਨ ਵਾਲੀ' (ਮਨ ਮੋਹਕ) ਰਖ ਦਿੱਤਾ ਹੈ, ਮਾਨੋ ਗੇਰੂ ਦੇ ਪਰਬਤ (ਨਗ) ਉਤੇ ਵਰਸ਼ਾ (ਹੋਣ ਕਰ ਕੇ) ਧਰਤੀ ਉਤੇ (ਉਸ ਦਾ) ਰੰਗ ਡੁਲ੍ਹ ਗਿਆ ਹੋਵੇ।੧੫੬।

ਕ੍ਰੋਧਵਾਨ ਹੋ ਕੇ ਪ੍ਰਚੰਡ ਚੰਡੀ ਨੇ ਯੁੱਧ-ਭੂਮੀ ਵਿਚ ਰਕਤ-ਬੀਜ ਨਾਲ ਘੋਰ ਲੜਾਈ ਲੜੀ। (ਵੈਰੀ ਦੇ) ਦਲ ਵਿਚ ਵੜ ਕੇ ਪਲ ਵਿਚ ਹੀ ਮਿਧ ਦਿੱਤਾ ਹੈ ਜਿਵੇਂ ਤਿਲਾਂ ਤੋਂ ਤੇਲੀ ਤੇਲ ਕੱਢਦਾ ਹੈ। ਧਰਤੀ ਉਤੇ ਲਹੂ ਇਸ ਤਰ੍ਹਾਂ ਚੋਇਆ ਪਿਆ ਸੀ ਜਿਵੇਂ ਲਿਲਾਰੀ ('ਰੰਗਰੇਜ਼') ਦੀ ਰੰਗ ਦੀ ਮਟਕੀ ('ਰੇਨੀ') ਟੁਟ ਕੇ ਫੈਲ ਗਈ ਹੈ। ਦੈਂਤ (ਰਕਤ-ਬੀਜ) ਦੇ ਸ਼ਰੀਰ ਉਤੇ ਜ਼ਖ਼ਮ ਇੰਜ ਲਿਸ਼ਕ ਰਹੇ ਹਨ ਮਾਨੋ ਫ਼ਾਨੂਸ (ਝਾੜ) ਦੀ ਥੈਲੀ ਵਿਚ ਦੀਵੇ ਜਗ ਰਹੇ ਹੋਣ।੧੫੭।

ਰਕਤ-ਬੀਜ ਦਾ ਲਹੂ ਧਰਤੀ ਉਤੇ ਪਿਆ ਹੈ (ਤਾਂ ਉਸ ਤੋਂ) ਅਨੇਕ ਰਕਤ-ਬੀਜ ਪੈਦਾ ਹੋ ਗਏ ਹਨ। ਪ੍ਰਚੰਡ ਚੰਡੀ ਨੇ ਧਨੁਸ਼ ਨੂੰ ਸੰਭਾਲ ਕੇ ਬਾਣਾਂ ਨਾਲ (ਸਾਰੇ) ਮਾਰ ਦਿੱਤੇ ਹਨ। (ਜਦੋਂ) ਸਾਰੇ ਰਕਤ-ਬੀਜ ਸਮੇਟ ਦਿੱਤੇ ਗਏ, (ਤਦੋਂ) ਫਿਰ (ਹੋਰ) ਹੋ ਗਏ ਹਨ (ਅਤੇ ਉਨ੍ਹਾਂ ਨੂੰ ਵੀ ਫਿਰ ਚੰਡੀ ਨੇ) ਮਾਰ ਦਿੱਤਾ। ਮਾਨੋ ਮੀਂਹ ਪੈਣ ਨਾਲ ਧਰਤੀ ਤੋਂ ਬੁਲਬੁਲੇ ਪੈਦਾ ਹੁੰਦੇ ਹੋਣ, ਮਿਟਦੇ ਹੋਏ ਚਲੇ ਜਾਂਦੇ ਹੋਣ।੧੫੮।

ਜਿਤਨੀਆਂ ਲਹੂ ਦੀਆਂ ਬੂੰਦਾਂ ਰਣ-ਭੂਮੀ ਵਿਚ ਡਿਗਦੀਆਂ ਹਨ ਉਤਨੇ ਹੀ ਰਕਤ-ਬੀਜ ਪੈਦਾ ਹੋ ਜਾਂਦੇ ਹਨ। (ਦੈਂਤ) ਮਾਰੋ-ਮਾਰੋ ਪੁਕਾਰਦੇ ਹੋਏ ਲਲਕਾਰੇ ਮਾਰਦੇ ਪ੍ਰਚੰਡ ਚੰਡੀ ਦੇ ਸਾਹਮਣੇ ਢੁਕਦੇ ਹਨ। ਉਸ ਛਿਣ ਦੇ ਕੌਤਕ ਨੂੰ ਵੇਖ ਕੇ ਕਵੀ ਦੇ ਮਨ ਵਿਚ ਉਪਮਾ ਸੁਝਦੀ ਹੈ ਮਾਨੋ ਸ਼ੀਸ਼ ਮਹੱਲ ਵਿਚ ਇਕੋ ਮੂਰਤ ਅਨੇਕ ਦਾ ਝਾਉਲਾ ਦਿੰਦੀ ਹੋਵੇ।੧੫੯।

ਸ੍ਰਉਨਤ ਬਿੰਦ ਅਨੇਕ ਉਠੇ ਰਨਿ ਕ੍ਰੁਧ ਕੈ ਜੁਧ ਕੋ ਫੇਰ ਜੁਟੈ ਹੈ।
ਚੰਡਿ ਪ੍ਰਚੰਡਿ ਕਮਾਨ ਤੇ ਬਾਨ ਸੁ ਭਾਨੁ ਕੀ ਅੰਸ ਸਮਾਨ ਛੁਟੈ ਹੈ।
ਮਾਰਿ ਬਿਦਾਰ ਦਏ ਸੁ ਭਏ ਫਿਰਿ ਲੈ ਮੁੰਗਰਾ ਜਿਮੁ ਧਾਨ ਕੁਟੈ ਹੈ।
ਚੰਡ ਦਏ ਸਿਰ ਖੰਡ ਜੁਦੇ ਕਰਿ ਬਿਲਨ ਤੇ ਜਨ ਬਿਲ ਤੁਟੈ ਹੈ। ੧੬੦।

ਸ੍ਰਉਨਤ ਬਿੰਦ ਅਨੇਕ ਭਏ ਅਸਿ ਲੈ ਕਰਿ ਚੰਡਿ ਸੁ ਐਸੇ ਉਠੇ ਹੈ।
ਬੂੰਦਨ ਤੇ ਉਠਿ ਕੈ ਬਹੁ ਦਾਨਵ ਬਾਨਨ ਬਾਰਿਦ ਜਾਨੁ ਵੁਠੇ ਹੈ।
ਫੇਰਿ ਕੁਵੰਡਿ ਪ੍ਰਚੰਡਿ ਸੰਭਾਰ ਕੈ ਬਾਨ ਪ੍ਰਹਾਰ ਸੰਘਾਰ ਸੁਟੇ ਹੈ।
ਐਸੇ ਉਠੇ ਫਿਰਿ ਸ੍ਰਉਨ ਤੇ ਦੈਤ ਸੁ ਮਾਨਹੁ ਸੀਤ ਤੇ ਰੋਮ ਉਠੇ ਹੈ। ੧੬੧।

ਸ੍ਰਉਨਤ ਬਿੰਦ ਭਏ ਇਕਠੇ ਬਰ ਚੰਡਿ ਪ੍ਰਚੰਡ ਕੋ ਘੇਰਿ ਲਇਓ ਹੈ।
ਚੰਡਿ ਅਉ ਸਿੰਘ ਦੁਹੂੰ ਮਿਲ ਕੈ ਸਭ ਦੈਤਨ ਕੋ ਦਲ ਮਾਰ ਦਇਓ ਹੈ।
ਫੇਰਿ ਉਠੇ ਧੁਨਿ ਕੇ ਕਰਿ ਕੈ ਸੁਨਿ ਕੈ ਮੁਨਿ ਕੋ ਛੁਟਿ ਧਿਆਨੁ ਗਇਓ ਹੈ।
ਭੂਲ ਗਏ ਸੁਰ ਕੇ ਅਸਵਾਨ ਗੁਮਾਨ ਨ ਸ੍ਰਉਨਤ ਬਿੰਦ ਗਇਓ ਹੈ। ੧੬੨।

ਦੋਹਰਾ

ਰਕਤਬੀਜ ਸੋ ਚੰਡਿਕਾ ਇਉ ਕੀਨੋ ਬਰ ਜੁਧੁ।
ਅਗਨਤ ਭਏ ਦਾਨਵ ਤਬੈ ਕਛੂ ਨ ਬਸਾਇਓ ਕ੍ਰੁਧ। ੧੬੩।

ਸ੍ਵੈਯਾ

ਪੇਖਿ ਦਸੋ ਦਿਸ ਤੇ ਬਹੁ ਦਾਨਵ ਚੰਡਿ ਪ੍ਰਚੰਡ ਤਚੀ ਅਖੀਆ।
ਤਬ ਲੈ ਕੇ ਕ੍ਰਿਪਾਨ ਜੁ ਕਾਟ ਦਏ ਅਰਿ ਫੂਲ ਗੁਲਾਬ ਕੀ ਜਿਉ ਪਖੀਆ।
ਸ੍ਰਉਨ ਕੀ ਛੀਟ ਪਰੀ ਤਨ ਚੰਡਿ ਕੇ ਸੋ ਉਪਮਾ ਕਵਿ ਨੇ ਲਖੀਆ।
ਜਨੁ ਕੰਚਨ ਮੰਦਿਰ ਮੈ ਜਰੀਆ ਜਰਿ ਲਾਲ ਮਨੀ ਜੁ ਬਨਾ ਰਖੀਆ। ੧੬੪।

ਕ੍ਰੁਧ ਕੈ ਜੁਧ ਕਰਿਓ ਬਹੁ ਚੰਡਿ ਨ ਏਤੋ ਕਰਿਓ ਮਧੁ ਸੋ ਅਬਿਨਾਸੀ।
ਦੈਤਨ ਕੇ ਬਧ ਕਾਰਨ ਕੋ ਨਿਜ ਭਾਲ ਤੇ ਜੁਆਲ ਕੀ ਲਾਟ ਨਿਕਾਸੀ।
ਕਾਲੀ ਪ੍ਰਤਛ ਭਈ ਤਿਹ ਤੇ ਰਨਿ ਫੈਲ ਰਹੀ ਭਯ ਭੀਰੁ ਪ੍ਰਭਾ ਸੀ।
ਮਾਨਹੁ ਸ੍ਰਿੰਗ ਸੁਮੇਰ ਕੋ ਫੋਰਿ ਕੈ ਧਾਰ ਪਰੀ ਧਰਿ ਪੈ ਜਮੁਨਾ ਸੀ। ੧੬੫।

ਮੇਰੁ ਹਲਿਓ ਦਹਲਿਓ ਸੁਰਲੋਕੁ ਦਸੋ ਦਿਸ ਭੂਧਰ ਭਾਜਤ ਭਾਰੀ।
ਚਾਲਿ ਪਰਿਓ ਤਿਹ ਚਉਦਹਿ ਲੋਕ ਮੈ ਬ੍ਰਹਮ ਭਇਓ ਮਨ ਮੈ ਭ੍ਰਮ ਭਾਰੀ।

ਅਨੇਕਾਂ ਰਕਤ-ਬੀਜ ਯੁੱਧ-ਭੂਮੀ ਵਿਚ ਉਠ ਕੇ ਕ੍ਰੋਧ ਨਾਲ ਫਿਰ ਜੰਗ ਵਿਚ ਜੁੱਟ ਗਏ ਹਨ। ਪ੍ਰਚੰਡ ਚੰਡੀ ਦੀ ਕਮਾਨ ਤੋਂ ਸੂਰਜ ਦੀਆਂ ਕਿਰਨਾਂ (ਅੰਸ) ਵਾਂਗ ਤੀਰ ਛੁਟਦੇ ਹਨ। (ਚੰਡੀ ਨੇ ਉਨ੍ਹਾਂ ਨੂੰ) ਮਾਰ ਕੇ ਨਸ਼ਟ ਕਰ ਦਿੱਤਾ ਹੈ, (ਪਰ) ਉਹ ਫਿਰ ਹੋਰ ਹੋ ਗਏ ਹਨ। (ਦੇਵੀ ਉਨ੍ਹਾਂ ਨੂੰ ਇੰਜ ਕੁਟਦੀ ਹੈ) ਜਿਵੇਂ ਮੋਹਲੇ ਨਾਲ ਧਾਨ ਕੁਟੀਂਦੇ ਹਨ। ਚੰਡੀ ਨੇ ਖੰਡੇ ਨਾਲ (ਉਨ੍ਹਾਂ ਦੇ) ਸਿਰ ਇੰਜ ਵਖਰੇ ਕਰ ਦਿੱਤੇ ਹਨ ਮਾਨੋ ਬਿਲ-ਬ੍ਰਿਛ ਨਾਲੋਂ ਬਿਲ-ਫਲ ਟੁਟੇ ਹੋਣ।੧੬੦।

ਰਕਤ-ਬੀਜ ਅਨੇਕ ਪੈਦਾ ਹੋ ਕੇ, ਤਲਵਾਰਾਂ ਫੜ ਕੇ ਚੰਡੀ ਵਲ ਇਸ ਤਰ੍ਹਾਂ ਉਠ ਕੇ (ਵਧਦੇ ਹਨ)। ਲਹੂ ਦੀਆਂ ਬੂੰਦਾਂ ਤੋਂ (ਦੈਂਤ) ਪੈਦਾ ਹੋ ਰਹੇ ਹਨ (ਅਤੇ ਉਹ ਇੰਜ) ਤੀਰ (ਚਲਾਉਂਦੇ ਹਨ) ਮਾਨੋ ਬਦਲਾਂ ਨੇ ਝੜੀ ਲਾਈ ਹੋਵੇ। ਪ੍ਰਚੰਡ (ਚੰਡੀ) ਨੇ ਫਿਰ ਧਨੁਸ਼ ਸੰਭਾਲ ਕੇ ਤੀਰਾਂ ਦੀ ਮਾਰ ਨਾਲ ਸਾਰੇ ਸੰਘਾਰ ਦਿੱਤੇ ਹਨ। (ਪਰ) ਫਿਰ ਲਹੂ ਤੋਂ ਦੈਂਤ ਇੰਜ ਉਠ ਰਹੇ ਹਨ ਮਾਨੋ ਠੰਡ ਨਾਲ ਰੋਮ ਖੜੇ ਹੋ ਗਏ ਹੋਣ।੧੬੧।

ਸਾਰੇ ਰਕਤ-ਬੀਜ ਇਕੱਠੇ ਹੋ ਗਏ ਹਨ ਅਤੇ ਜ਼ੋਰ ਨਾਲ ਪ੍ਰਚੰਡ ਚੰਡੀ ਨੂੰ ਘੇਰ ਲਿਆ ਹੈ। ਚੰਡੀ ਅਤੇ ਸ਼ੇਰ ਨੇ ਮਿਲ ਕੇ ਦੈਂਤਾਂ ਦੀ ਸਾਰੀ ਸੈਨਾ ਨੂੰ ਮਾਰ ਦਿੱਤਾ ਹੈ। (ਉਨ੍ਹਾਂ ਨੇ) ਫਿਰ ਉਠ ਕੇ ਅਜਿਹੀ ਧੁਨ ਕੀਤੀ (ਜਿਸ ਨੂੰ) ਸੁਣ ਕੇ ਮੁਨੀਆਂ ਦਾ ਧਿਆਨ ਛੁਟ ਗਿਆ ਹੈ। ਦੇਵਤਿਆਂ ਦੀ ਹੋਸ਼ ਗੁੰਮ ਹੋ ਗਈ ਹੈ, ਪਰ ਰਕਤ-ਬੀਜ ਦਾ ਗੁਮਾਨ ਨਹੀਂ ਮਿਟਿਆ ਹੈ।੧੬੨।

ਦੋਹਰਾ

ਰਕਤ-ਬੀਜ ਨਾਲ ਚੰਡੀ ਨੇ ਇਸ ਤਰ੍ਹਾਂ ਦਾ ਸ੍ਰੇਸ਼ਠ ਯੁੱਧ ਕੀਤਾ, ਪਰ ਤਦ ਹੀ ਅਣਗਿਣਤ ਦੈਂਤ ਪੈਦਾ ਹੋ ਗਏ (ਅਤੇ ਉਨ੍ਹਾਂ ਉਤੇ ਦੇਵੀ ਦੇ) ਕ੍ਰੋਧ ਦਾ ਕੋਈ ਵਸ ਨ ਚਲਿਆ।੧੬੩।

ਸ੍ਵੈਯਾ

ਦਸਾਂ ਦਿਸ਼ਾਵਾਂ ਤੋਂ ਬਹੁਤ ਸਾਰੇ ਦੈਂਤਾਂ ਨੂੰ ਵੇਖ ਕੇ ਪ੍ਰਚੰਡ ਚੰਡੀ ਨੇ ਅੱਖਾਂ ਤਣ ਲਈਆਂ। ਤਦੋਂ ਤਲਵਾਰ ਲੈ ਕੇ ਗੁਲਾਬ ਦੀਆਂ ਪੰਖੜੀਆਂ ਵਾਂਗ ਵੈਰੀਆਂ ਨੂੰ ਕਟ ਦਿੱਤਾ। ਚੰਡੀ ਦੇ ਸ਼ਰੀਰ ਉਤੇ ਲਹੂ ਦੀ (ਇਕ) ਛਿਟ ਆ ਪਈ, ਉਸ (ਦ੍ਰਿਸ਼ ਦੀ) ਉਪਮਾ ਕਵੀ ਨੂੰ ਇਹ ਸੁਝੀ ਮਾਨੋ ਸੋਨੇ ਦੇ ਘਰ ('ਮੰਦਿਰ') ਵਿਚ ਜੜੀਏ ਨੇ ਸੋਨੇ ('ਜਰਿ') ਵਿਚ ਲਾਲ ਮਣੀ ਫਬਾ ਕੇ ਰਖੀ ਹੋਵੇ।੧੬੪।

ਚੰਡੀ ਨੇ ਬਹੁਤ ਕ੍ਰੋਧ ਕਰ ਕੇ ਯੁੱਧ ਕੀਤਾ ਅਤੇ ਇਸ ਤਰ੍ਹਾਂ ਕੀਤਾ (ਜਿਵੇਂ) ਮਧੂ (ਦੈਂਤ) ਨਾਲ ਵਿਸ਼ਣੂ (ਅਬਿਨਾਸ਼ੀ ਨੇ ਕੀਤਾ ਸੀ)। ਦੈਂਤਾਂ ਦੇ ਮਾਰਨ ਲਈ (ਚੰਡੀ ਨੇ) ਆਪਣੇ ਮੱਥੇ ਤੋਂ ਅੱਗ ਦੀ (ਇਕ) ਲਾਟ ਕਢ ਲਈ। ਉਸ (ਲਾਟ) ਤੋਂ ਕਾਲੀ ਪ੍ਰਗਟ ਹੋਈ (ਜੋ) ਯੁੱਧ-ਭੂਮੀ ਵਿਚ ਡਰਪੋਕਾਂ ਲਈ ਭੈ ਦੀ ਚਮਕ ਬਣ ਕੇ ਪਸਰ ਗਈ ਹੈ। (ਅਥਵਾ ਕਾਲੀ ਇੰਜ ਪ੍ਰਗਟ ਹੋਈ) ਮਾਨੋ ਸੁਮੇਰ ਪਰਬਤ ਦੀ ਚੋਟੀ ਨੂੰ ਭੰਨ ਕੇ ਧਰਤੀ ਉਤੇ ਜਮਨਾ ਦੀ ਧਾਰ ਪਈ ਹੋਵੇ।੧੬੫।

(ਉਸ ਵੇਲੇ) ਸੁਮੇਰ ਪਰਬਤ ਹਿਲ ਗਿਆ, ਦੇਵ-ਨਗਰੀ ਸਹਿਮ ਗਈ ਅਤੇ ਦਸਾਂ ਦਿਸ਼ਾਵਾਂ ਵਿਚ ਵਡੇ-ਵਡੇ ਪਰਬਤ ਭਜਣ ਲਗ ਪਏ। ਚੌਦਾਂ ਲੋਕਾਂ ਵਿਚ ਹਲ-ਚਲ ਮਚ ਗਈ ਅਤੇ ਬ੍ਰਹਮਾ ਦੇ ਮਨ ਵਿਚ ਵੀ ਭਾਰੀ ਭਰਮ ਪੈਦਾ ਹੋ ਗਿਆ। ਸ਼ਿਵ ('ਜਟੀ') ਦਾ

ਧਿਆਨ ਰਹਿਓ ਨ ਜਟੀ ਸੁ ਫਟੀ ਧਰਿ ਯੌ ਬਲਿ ਕੈ ਰਨ ਮੈ ਕਿਲਕਾਰੀ।
ਦੈਤਨ ਕੇ ਬਧਿ ਕਾਰਨ ਕੋ ਕਰਿ ਕਾਲ ਸੀ ਕਾਲੀ ਕ੍ਰਿਪਾਨ ਸੰਭਾਰੀ। ੧੬੬।

ਦੋਹਰਾ

ਚੰਡੀ ਕਾਲੀ ਦੁਹੂੰ ਮਿਲਿ ਕੀਨੋ ਇਹੈ ਬਿਚਾਰ।
ਹਉ ਹਨਿ ਹੋ ਤੂ ਸ੍ਰਉਨ ਪੀ ਅਰਿ ਦਲਿ ਡਾਰਹਿ ਮਾਰਿ। ੧੬੭।

ਸ੍ਵੈਯਾ

ਕਾਲੀ ਅਉ ਕੇਹਰਿ ਸੰਗਿ ਲੈ ਚੰਡਿ ਸੁ ਘੇਰੇ ਸਬੈ ਬਨ ਜੈਸੇ ਦਵਾ ਪੈ।
ਚੰਡਿ ਕੇ ਬਾਨਨ ਤੇਜ ਪ੍ਰਭਾਵ ਤੇ ਦੈਤ ਜਰੈ ਜੈਸੇ ਈਟ ਅਵਾ ਪੈ।
ਕਾਲਿਕਾ ਸ੍ਰਉਨ ਪੀਓ ਤਿਨ ਕੋ ਕਵਿ ਨੇ ਮਨ ਮੈ ਲੀਯੋ ਭਾਉ ਭਵਾ ਪੈ।
ਮਾਨਹੁ ਸਿੰਧੁ ਕੇ ਨੀਰ ਸਬੈ ਮਿਲਿ ਧਾਇ ਕੈ ਜਾਇ ਪਰੋ ਹੈ ਤਵਾ ਪੈ। ੧੬੮।

ਚੰਡਿ ਹਨੇ ਅਰੁ ਕਾਲਿਕਾ ਕੋਪ ਕੈ ਸ੍ਰਉਨਤ ਬਿੰਦਨ ਸੋ ਇਹ ਕੀਨੋ।
ਖਗ ਸੰਭਾਰ ਹਕਾਰ ਤਬੈ ਕਿਲਕਾਰ ਬਿਦਾਰ ਸਭੈ ਦਲੁ ਦੀਨੋ।
ਆਮਿਖ ਸ੍ਰੋਨ ਅਚਿਓ ਬਹੁ ਕਾਲਿਕਾ ਤਾ ਛਬਿ ਮੈ ਕਵਿ ਇਉ ਮਨਿ ਚੀਨੋ।
ਮਾਨੋ ਛੁਧਾਤਰੁ ਹੁਇ ਕੈ ਮਨੁਛ ਸੁ ਸਾਲਨ ਲਾਸਹਿ ਸੋ ਬਹੁ ਪੀਨੋ। ੧੬੯।

ਜੁਧ ਰਕਤ੍ਰ ਬੀਜ ਕਰਿਯੋ ਧਰਨੀ ਪਰ ਸੋ ਸੁਰ ਦੇਖਤ ਸਾਰੇ।
ਜੇਤਕ ਸ੍ਰੋਨ ਕੀ ਬੂੰਦ ਗਿਰੈ ਉਠਿ ਤੇਤਕ ਰੂਪ ਅਨੇਕਹਿ ਧਾਰੇ।
ਜੁਗਨਿ ਆਨਿ ਫਿਰੀ ਚਹੂੰ ਓਰ ਤੇ ਸੀਸ ਜਟਾ ਕਰਿ ਖਪਰ ਭਾਰੇ।
ਸ੍ਰੋਨਤ ਬੂੰਦ ਪਰੈ ਅਚਵੈ ਸਭ ਖਗ ਲੈ ਚੰਡ ਪ੍ਰਚੰਡ ਸੰਭਾਰੇ। ੧੭੦।

ਕਾਲੀ ਅਉ ਚੰਡਿ ਕੁਵੰਡ ਸੰਭਾਰ ਕੇ ਦੈਤ ਸੋ ਜੁਧ ਨਿਸੰਗ ਸਜਿਓ ਹੈ।
ਮਾਰ ਮਹਾ ਰਨ ਮਧ ਭਈ ਪਹਰੇਕ ਲਉ ਸਾਰ ਸੋ ਸਾਰ ਬਜਿਓ ਹੈ।
ਸ੍ਰਉਨਤ ਬਿੰਦ ਗਿਰਿਓ ਧਰਨੀ ਪਰ ਇਉ ਅਸਿ ਸੋ ਅਰਿ ਸੀਸ ਭਜਿਓ ਹੈ।
ਮਾਨੋ ਅਤੀਤ ਕਰਿਯੋ ਚਿਤ ਕੇ ਧਨਵੰਤ ਸਭੈ ਨਿਜ ਮਾਲ ਤਜਿਓ ਹੈ।੧੭੧।

ਸੋਰਠਾ

ਚੰਡੀ ਦਇਓ ਬਿਦਾਰ ਸ੍ਰਉਨ ਪਾਨ ਕਾਲੀ ਕਰਿਓ।
ਛਿਨ ਮੈ ਡਾਰਿਓ ਮਾਰ ਸ੍ਰਉਨਤ ਬਿੰਦ ਦਾਨਵ ਮਹਾ। ੧੭੨।

ਇਤਿ ਸ੍ਰੀ ਮਾਰਕੰਡੇ ਪੁਰਾਨੇ ਸ੍ਰੀ ਚੰਡੀ ਚਰਿਤ੍ਰ ਉਕਤਿ ਬਿਲਾਸ ਰਕਤ ਬੀਜ ਬਧਹਿ ਨਾਮ ਪੰਚਮੋ ਧਿਆਇ ਸਮਾਪਤਮ ਸਤੁ ਸੁਭਮ ਸਤੁ। ੫।

ਧਿਆਨ ਵੀ ਲਗਿਆ ਨ ਰਹਿ ਸਕਿਆ, ਅਤੇ ਧਰਤੀ ਵੀ ਫਟ ਗਈ (ਜਦੋਂ) ਬਲ ਪੂਰਵਕ (ਚੰਡੀ ਨੇ) ਕਿਲਕਾਰੀ ਮਾਰੀ। ਦੈਂਤਾਂ ਦੇ ਮਾਰਨ ਲਈ ਕਾਲੀ ਨੇ ਹੱਥ ਵਿਚ ਕਾਲ-ਸਮਾਨ ਕ੍ਰਿਪਾਨ ਨੂੰ ਧਾਰਨ ਕਰ ਲਿਆ।੧੬੬।

ਦੋਹਰਾ

ਚੰਡੀ ਅਤੇ ਕਾਲੀ ਨੇ ਮਿਲ ਕੇ ਇਹ ਵਿਚਾਰ ਬਣਾਇਆ ਕਿ ਮੈਂ (ਚੰਡੀ) ਮਾਰਦੀ ਹਾਂ ਅਤੇ ਤੂੰ (ਕਾਲੀ) ਲਹੂ ਪੀਂਦੀ ਜਾ। (ਇਸ ਤਰ੍ਹਾਂ ਅਸੀਂ) ਵੈਰੀ ਦਲ ਮਾਰ ਦਿਆਂਗੇ।੧੬੭।

ਸ੍ਵੈਯਾ

ਕਾਲੀ ਅਤੇ ਸ਼ੇਰ ਨੂੰ ਨਾਲ ਲੈ ਕੇ ਚੰਡੀ ਨੇ ਸਾਰੇ (ਰਕਤ-ਬੀਜਾਂ ਨੂੰ) ਘੇਰ ਲਿਆ ਜਿਵੇਂ (ਬਨ ਨੂੰ) ਦਾਵਾ ਅਗਨੀ ਪੈ ਜਾਂਦੀ ਹੈ। ਚੰਡੀ ਦੇ ਬਾਣਾਂ ਦੇ ਤੇਜ ਦੇ ਪ੍ਰਭਾਵ ਕਾਰਨ ਦੈਂਤ (ਇਸ ਤਰ੍ਹਾਂ) ਸੜ ਗਏ ਜਿਸ ਤਰ੍ਹਾਂ ਇਟਾਂ ਆਵੇ ਵਿਚ (ਸੜਦੀਆਂ ਹਨ)। ਕਾਲਕਾ ਨੇ ਉਨ੍ਹਾਂ ਦਾ ਲਹੂ ਪੀ ਲਿਆ, ਕਵੀ ਦੇ ਮਨ ਵਿਚ (ਇਸ ਦ੍ਰਿਸ਼ ਨੂੰ ਵੇਖ ਕੇ) ਭਵਾਨੀ (ਭਵਾ) ਪ੍ਰਤਿ ਇਹ ਭਾਵ ਪੈਦਾ ਹੋਇਆ ਮਾਨੋ ਸਮੁੰਦਰ ਦਾ ਸਾਰਾ ਜਲ ਮਿਲ ਕੇ (ਗਰਮ) ਤਵੇ ਉਤੇ ਜਾ ਪਿਆ ਹੋਵੇ (ਕਿਉਂਕਿ ਜਲ ਗਰਮ ਤਵੇ ਉਤੇ ਪੈਂਦਿਆਂ ਹੀ ਖ਼ਤਮ ਹੋ ਜਾਂਦਾ ਹੈ)।੧੬੮।

ਚੰਡੀ ਨੇ ਮਾਰਿਆ ਅਤੇ ਕਾਲਕਾ ਨੇ ਕ੍ਰੋਧਵਾਨ ਹੋ ਕੇ ਰਕਤ-ਬੀਜਾਂ ਨਾਲ ਇਸ ਤਰ੍ਹਾਂ ਕੀਤਾ ਤਦੋਂ ਤਲਵਾਰ ਸੰਭਾਲ ਕੇ ਅਤੇ ਵੰਗਾਰ ਕੇ ਕਿਲਕ ਮਾਰ ਕੇ ਸਾਰੇ (ਦੈਂਤ) ਦਲ ਨਸ਼ਟ ਕਰ ਦਿੱਤੇ। ਕਾਲਕਾ ਨੇ ਬਹੁਤ ਮਾਸ ਖਾਇਆ ਅਤੇ ਲਹੂ ਪੀਤਾ, ਇਸ (ਦ੍ਰਿਸ਼) ਦੀ ਛਬੀ ਕਵੀ ਦੇ ਮਨ ਵਿਚ ਇੰਜ ਪਈ ਮਾਨੋ ਭੁਖ ਨਾਲ ਆਤੁਰ ਹੋਏ ਮਨੁੱਖ ਨੇ ਬਹੁਤ ਸਾਰਾ ਸ਼ੋਰਬਾ ਪੀਤਾ ਹੋਵੇ ਅਤੇ ਸਲੂਣਾ ਖਾਇਆ ਹੋਵੇ।੧੬੯।

ਰਕਤ-ਬੀਜ ਨੇ ਧਰਤੀ ਉਤੇ ਜੋ ਯੁੱਧ ਕੀਤਾ, ਉਸ ਨੂੰ ਸਾਰੇ ਦੇਵਤੇ ਵੇਖਦੇ ਸਨ। ਲਹੂ ਦੀਆਂ ਜਿਤਨੀਆਂ ਵੀ ਬੂੰਦਾਂ ਡਿਗਦੀਆਂ ਸਨ, (ਉਨ੍ਹਾਂ ਤੋਂ) ਅਨੇਕ ਰੂਪ ਧਾਰ ਕੇ (ਦੈਂਤ) ਉਠ ਖੜੋਂਦੇ ਸਨ। ਜੋਗਣੀਆਂ ਚੌਹਾਂ ਪਾਸਿਆਂ ਵਲ ਪਸਰ ਗਈਆਂ ਸਨ (ਜਿਨ੍ਹਾਂ ਦੇ) ਸਿਰ ਉਤੇ ਜਟਾਵਾਂ ਹਨ ਅਤੇ ਹੱਥਾਂ ਵਿਚ ਵੱਡੇ ਵੱਡੇ ਖੱਪਰ ਹਨ। (ਜਿਹੜੀਆਂ) ਲਹੂ ਦੀ ਬੂੰਦ (ਖੱਪਰਾਂ ਵਿਚ) ਪੈਂਦੀਆਂ ਹਨ (ਉਹ) ਸਾਰੀਆਂ ਪੀ ਜਾਂਦੀਆਂ ਹਨ ਅਤੇ ਪ੍ਰਚੰਡ ਚੰਡੀ ਤਲਵਾਰ ਨਾਲ (ਸਭ ਨੂੰ) ਮਾਰਦੀ ਜਾਂਦੀ ਹੈ।੧੭੦।

ਕਾਲੀ ਅਤੇ ਚੰਡੀ ਨੇ ਧਨੁਸ਼ ਧਾਰਨ ਕਰ ਕੇ ਦੈਂਤ ਨਾਲ ਨਿਸੰਗ ਯੁੱਧ ਮਚਾਇਆ। ਯੁੱਧ ਵਿਚ ਬਹੁਤ ਮਾਰੋ ਮਾਰ ਹੋਈ, ਇਕ ਪਹਿਰ ਤਕ ਲੋਹੇ ਨਾਲ ਲੋਹਾ ਖੜਕਿਆ। ਰਕਤ-ਬੀਜ ਧਰਤੀ ਉਤੇ ਡਿਗ ਪਿਆ ਅਤੇ ਤਲਵਾਰ ਨਾਲ ਵੈਰੀ (ਦੈਂਤ) ਦਾ ਸਿਰ ਕਟਿਆ ਗਿਆ, ਮਾਨੋ ਧਨਵਾਨ ਨੇ ਚਿੱਤ ਨੂੰ ਵੈਰਾਗੀ ਕਰ ਕੇ ਸਾਰਾ ਮਾਲ-ਧਨ ਤਿਆਗ ਦਿੱਤਾ ਹੋਵੇ।੧੭੧।

ਸੋਰਠਾ

ਚੰਡੀ ਨੇ (ਰਕਤ-ਬੀਜ ਨੂੰ) ਪਾੜ ਦਿੱਤਾ ਹੈ ਅਤੇ ਕਾਲੀ ਨੇ ਲਹੂ ਪੀਤਾ ਹੈ। (ਇਸ ਤਰ੍ਹਾਂ ਦੋਹਾਂ ਨੇ ਮਿਲ ਕੇ) ਵੱਡੇ ਦੈਂਤ ਰਕਤ-ਬੀਜ ਨੂੰ ਛਿਣ ਭਰ ਵਿਚ ਮਾਰ ਸੁਟਿਆ ਹੈ।੧੭੨।

ਇਥੇ ਸ੍ਰੀ ਮਾਰਕੰਡੇ ਪੁਰਾਣ ਦੇ ਚੰਡੀ ਚਰਿਤ੍ਰ ਉਕਤੀ ਬਿਲਾਸ ਪ੍ਰਸੰਗ ਦੇ 'ਰਕਤ-ਬੀਜ ਬਧ' ਨਾਂ ਵਾਲਾ ਪੰਜਵਾਂ ਅਧਿਆਇ ਸਮਾਪਤ ਹੋਇਆ ਸਭ ਸ਼ੁਭ ਹੈ।੫।

ਸ੍ਵੈਯਾ

ਤੁਛ ਬਚੇ ਭਜ ਕੈ ਰਨ ਤਿਆਗ ਕੈ ਸੁੰਭ ਨਿਸੁੰਭ ਪੈ ਜਾਇ ਪੁਕਾਰੇ।
ਸ੍ਰੋਣਤ ਬੀਜ ਹਨਿਓ ਦੁਹ ਨੇ ਮਿਲਿ ਅਉਰ ਮਹਾ ਭਟ ਮਾਰ ਬਿਦਾਰੇ।
ਇਉ ਸੁਨਿ ਕੈ ਉਨਿ ਕੇ ਮੁਖ ਤੇ ਤਬ ਬੋਲਿ ਉਠਿਓ ਕਰਿ ਖਗ ਸੰਭਾਰੇ।
ਇਉ ਹਨਿ ਹੋ ਬਰ ਚੰਡਿ ਪ੍ਰਚੰਡਿ ਅਜਾ ਬਨ ਮੈ ਜਿਮ ਸਿੰਘ ਪਛਾਰੇ। ੧੭੩।

ਦੋਹਰਾ

ਸਕਲ ਕਟਕ ਕੇ ਭਟਨ ਕੋ ਦਇਓ ਜੁਧ ਕੋ ਸਾਜ।
ਸਸਤ੍ਰ ਪਹਰ ਕੈ ਇਉ ਕਹਿਓ ਹਨਿਹੋ ਚੰਡਹਿ ਆਜ। ੧੭੪।

ਸ੍ਵੈਯਾ

ਕੋਪ ਕੈ ਸੁੰਭ ਨਿਸੁੰਭ ਚਢੇ ਧੁਨਿ ਦੁੰਦਭਿ ਕੀ ਦਸਹੂੰ ਦਿਸ ਧਾਈ।
ਪਾਇਕ ਅਗ੍ਰ ਭਏ ਮਧਿ ਬਾਜ ਰਥੀ ਰਥ ਸਾਜ ਕੈ ਪਾਤਿ ਬਨਾਈ।
ਮਾਤੇ ਮਤੰਗ ਕੇ ਪੁੰਜਨ ਊਪਰਿ ਸੁੰਦਰ ਤੁੰਗ ਧੁਜਾ ਫਹਰਾਈ।
ਸਕ੍ਰ ਸੋ ਜੁਧ ਕੇ ਹੇਤ ਮਨੋ ਧਰਿ ਛਾਡਿ ਸਪਛ ਉਡੇ ਗਿਰਰਾਈ। ੧੭੫।

ਦੋਹਰਾ

ਸੁੰਭ ਨਿਸੁੰਭ ਬਨਾਇ ਦਲੁ ਘੇਰਿ ਲਇਓ ਗਿਰਰਾਜ।
ਕਵਚ ਅੰਗ ਕਸਿ ਕੋਪ ਕਰਿ ਉਠੇ ਸਿੰਘ ਜਿਉ ਗਾਜ। ੧੭੬।

ਸ੍ਵੈਯਾ

ਸੁੰਭ ਨਿਸੁੰਭ ਸੁ ਬੀਰ ਬਲੀ ਮਨਿ ਕੋਪ ਭਰੇ ਰਨ ਭੂਮਹਿ ਆਏ।
ਦੇਖਨ ਮੈ ਸੁਭ ਅੰਗ ਉਤੰਗ ਤੁਰਾ ਕਰਿ ਤੇਜ ਧਰਾ ਪਰ ਧਾਏ।
ਧੂਰ ਉਡੀ ਤਬ ਤਾ ਛਿਨ ਮੈ ਤਿਹ ਕੇ ਕਨਕਾ[1] ਪਗ ਸੋ ਲਪਟਾਏ।
ਠਉਰ ਅਡੀਠ ਕੇ ਜੈ ਕਰਬੇ ਕਹਿ ਤੇਜਿ ਮਨੋ ਮਨ ਸੀਖਨ ਆਏ। ੧੭੭।

ਦੋਹਰਾ

ਚੰਡਿ ਕਾਲਿਕਾ ਸ੍ਰਵਨ ਮੈ ਤਨਿਕ ਭਨਕ ਸੁਨਿ ਲੀਨ।
ਉਤਰਿ ਸ੍ਰਿੰਗ ਗਿਰ ਰਾਜ ਤੇ ਮਹਾ ਕੁਲਾਹਲਿ[2] ਕੀਨ। ੧੭੮।

---
੧. 'ਕਨ ਤਾ' ੨. 'ਪ੍ਰਬਲ ਬਲ'

ਸ੍ਵੈਯਾ

ਥੋੜੇ ਬਚੇ-ਖੁਚੇ (ਦੈਂਤ) ਰਣ-ਭੂਮੀ ਨੂੰ ਛਡ ਕੇ ਭਜਦੇ ਹੋਏ ਸੁੰਭ ਅਤੇ ਨਿਸੁੰਭ ਕੋਲ ਜਾ ਕੇ ਪੁਕਾਰਨ ਲਗੇ (ਕਿ ਚੰਡੀ ਅਤੇ ਕਾਲੀ) ਦੋਹਾਂ ਨੇ ਮਿਲ ਕੇ ਰਕਤ-ਬੀਜ ਨੂੰ ਮਾਰ ਦਿੱਤਾ ਹੈ ਅਤੇ ਹੋਰ ਵੀ ਨਾਮੀ ਸੂਰਮੇ ਮਾਰ ਕੇ ਨਸ਼ਟ ਕਰ ਦਿੱਤੇ ਹਨ। ਉਨ੍ਹਾਂ ਦੇ ਮੂੰਹ ਤੋਂ ਇਸ ਤਰ੍ਹਾਂ ਸੁਣ ਕੇ ਤਦੋਂ (ਰਾਜਾ ਸੁੰਭ) ਹੱਥ ਵਿਚ ਖੜਗ ਨੂੰ ਸੰਭਾਲਦਿਆਂ ਹੋਇਆਂ ਬੋਲ ਉਠਿਆ (ਮੈਂ) ਪ੍ਰਚੰਡ ਚੰਡੀ ਨੂੰ ਬਲ-ਪੂਰਵਕ ਇਸ ਤਰ੍ਹਾਂ ਮਾਰਾਂਗਾ ਜਿਵੇਂ ਬਨ ਵਿਚ ਸ਼ੇਰ ਬਕਰੀ ਨੂੰ ਪਟਕਾਉਂਦਾ ਹੈ।੧੭੩।

ਦੋਹਰਾ

ਸਾਰੀ ਸੈਨਾ ਦੇ ਸੈਨਿਕਾਂ ਨੂੰ ਯੁੱਧ ਦਾ ਸਾਮਾਨ (ਸ਼ਾਸਤ੍ਰ-ਅਸਤ੍ਰ ਆਦਿ) ਦੇ ਦਿੱਤਾ। (ਸੁੰਭ ਨੇ) ਸ਼ਸਤ੍ਰ ਧਾਰਨ ਕਰ ਕੇ ਇੰਜ ਕਿਹਾ ਕਿ (ਮੈਂ) ਚੰਡੀ ਨੂੰ ਅਜ ਹੀ ਮਾਰਾਂਗਾ।੧੭੪।

ਸ੍ਵੈਯਾ

ਕ੍ਰੋਧਵਾਨ ਹੋ ਕੇ ਸੁੰਭ ਅਤੇ ਨਿਸੁੰਭ (ਦੋਹਾਂ ਭਰਾਵਾਂ) ਨੇ ਚੜ੍ਹਾਈ ਕਰ ਦਿੱਤੀ ਅਤੇ ਨਗਾਰਿਆਂ ਦੀ ਧੁਨ ਦਸਾਂ ਦਿਸ਼ਾਵਾਂ ਵਿਚ ਪਸਰ ਗਈ। ਸਭ ਤੋਂ ਅਗੇ ਪੈਦਲ (ਸੈਨਿਕ) ਹੋਏ, ਮੱਧ ਵਿਚ ਘੋੜ-ਚੜ੍ਹੇ (ਅਤੇ ਫਿਰ) ਰਥਾਂ ਵਾਲਿਆਂ ਨੇ ਚੰਗੀ ਤਰ੍ਹਾਂ ਕਤਾਰਾਂ ਬਣਾ ਲਈਆਂ। ਮਸਤ ਹਾਥੀਆਂ ਦੇ ਝੁੰਡਾਂ ਉਤੇ ਸੁੰਦਰ ਉੱਚੀਆਂ ਧੁਜਾਂ ਝੁਲ ਰਹੀਆਂ ਹਨ। (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਇੰਦਰ (ਸਕ੍ਰ) ਨਾਲ ਯੁੱਧ ਕਰਨ ਲਈ ਖੰਭਾਂ ਵਾਲੇ (ਸਪੱਛ) ਵਡੇ ਵਡੇ ਪਰਬਤ ਧਰਤੀ ਨੂੰ ਛਡ ਕੇ ਉਡੇ (ਜਾ ਰਹੇ ਹੋਣ)।੧੭੫।

ਦੋਹਰਾ

ਸੁੰਭ ਅਤੇ ਨਿਸੁੰਭ ਨੇ ਦਲਾਂ ਦੀ ਵਿਉਂਤ ਕਰਕੇ ਸੁਮੇਰ ਪਰਬਤ ('ਗਿਰ ਰਾਜ') ਨੂੰ ਘੇਰ ਲਿਆ ਹੈ ਅਤੇ ਸ਼ਰੀਰਾਂ ਉਤੇ ਕਵਚਾਂ ਨੂੰ ਕਸ ਕੇ ਅਤੇ ਕ੍ਰੋਧਿਤ ਹੋ ਕੇ ਸ਼ੇਰ ਵਾਂਗ ਗਜ ਉਠੇ ਹਨ।੧੭੬।

ਸ੍ਵੈਯਾ

ਅਤਿ ਬਲਵਾਨ ਸੂਰਮੇ ਸੁੰਭ ਅਤੇ ਨਿਸੁੰਭ ਕ੍ਰੋਧਿਤ ਹੋ ਕੇ ਰਣ-ਭੂਮੀ ਵਿਚ ਆਏ ਹਨ। ਦੇਖਣ ਵਿਚ (ਜਿਨ੍ਹਾਂ ਦੇ) ਸ਼ਰੀਰ ਸ਼ੁਭ ਹਨ (ਉਹ) ਉੱਚੇ ਘੋੜਿਆਂ (ਉਤੇ ਸਵਾਰ) ਤੇਜ਼ੀ ਨਾਲ ਧਰਤੀ ਉਤੇ ਭਜੇ ਜਾ ਰਹੇ ਹਨ। ਤਦੋਂ ਧੂੜ ਉਡੀ ਹੈ ਅਤੇ ਉਸੇ ਛਿਣ ਵਿਚ ਉਸ ਦੇ ਜ਼ੱਰੇ ਉਨ੍ਹਾਂ ਦੇ ਖੁਰਾਂ ਨੂੰ ਜਾ ਲਗੇ ਹਨ (ਅਰਥਾਤ ਖੁਰਾਂ ਨਾਲ ਧੂੜ ਚੰਬੜ ਗਈ ਹੈ)। (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਅਣਦਿਸਦੀ ਥਾਂ (ਸੁਅਰਗ) ਨੂੰ ਜਿਤਣ ਲਈ (ਖੁਰਾਂ ਤੋਂ) ਤੀਬਰਤਾ ਸਿਖਣ ਵਾਸਤੇ ਜ਼ੱਰਿਆਂ ਦੇ ਰੂਪ ਵਿਚ ਮਨੁੱਖੀ ਮਨ ਸਿਖਿਆ ਲੈਣ ਆਏ ਹੋਣ।੧੭੭।

ਦੋਹਰਾ

(ਦੂਜੇ ਪਾਸੇ) ਚੰਡੀ ਅਤੇ ਕਾਲੀ ਨੇ ਵੀ ਕੰਨਾਂ ਨਾਲ ਥੋੜੀ ਬਿੜਕ ਸੁਣ ਲਈ। (ਇਸ ਲਈ ਉਨ੍ਹਾਂ ਨੇ) ਸੁਮੇਰ ਪਰਬਤ ਦੀ ਚੋਟੀ ਤੋਂ ਉਤਰ ਕੇ ਖੂਬ ਹਲਾ-ਗੁਲਾ ਮਚਾ ਦਿੱਤਾ ਹੈ।੧੭੮।

ਸ੍ਵੈਯਾ

ਆਵਤ ਦੇਖਿ ਕੈ ਚੰਡ ਪ੍ਰਚੰਡਿ ਕੋ ਕੋਪ ਕਰਿਓ ਮਨ ਮੈ ਅਤਿ ਦਾਨੋ।
ਨਾਸ ਕਰੋ ਇਹ ਕੋ ਛਿਨ ਮੈ ਕਰਿ ਬਾਨ ਸੰਭਾਰ ਬਡੋ ਧਨੁ ਤਾਨੋ।
ਕਾਲੀ ਕੇ ਬਕ੍ਰ ਬਿਲੋਕਨ ਤੇ ਸੁ ਉਠਿਓ ਮਨ ਮੈ ਭ੍ਰਮ ਜਿਉ ਜਮ ਜਾਨੋ।
ਬਾਨ ਸਮੂਹ ਚਲਾਇ ਦਏ ਕਿਲਕਾਰ ਉਠਿਓ ਜੁ ਪ੍ਰਲੈ ਘਨ ਮਾਨੋ। ੧੭੯।

ਬੈਰਨ ਕੇ ਘਨ ਸੇ ਦਲ ਪੈਠਿ ਲਇਓ ਕਰਿ ਮੈ ਧਨੁ ਸਾਇਕੁ ਐਸੇ।
ਸਿਆਮ ਪਹਾਰ ਸੇ ਦੈਤ ਹਨੇ ਤਮ ਜੈਸੇ ਹਰੇ ਰਵਿ ਕੀ ਕਿਰਨੈ ਸੇ।
ਭਾਜ ਗਈ ਧੁਜਨੀ ਡਰਿ ਕੈ ਕਬਿ ਕੋਊ ਕਹੈ ਤਿਹ ਕੀ ਛਬਿ ਕੈਸੇ।
ਭੀਮ ਕੋ ਸ੍ਰਉਨ ਭਰਿਓ ਮੁਖ ਦੇਖਿ ਕੈ ਛਾਡਿ ਚਲੇ ਰਨ ਕਉਰਉ ਜੈਸੇ। ੧੮੦।

ਕਬਿਤੁ

ਆਗਿਆ ਪਾਇ ਸੁੰਭ ਕੀ ਸੁ ਮਹਾਬੀਰ ਧੀਰ ਜੋਧੇ ਆਏ ਚੰਡਿ ਉਪਰ ਸੁ ਕ੍ਰੋਧ ਕੈ ਬਨੀ ਠਨੀ।
ਚੰਡਿਕਾ ਲੈ ਬਾਨ ਅਉ ਕਮਾਨ ਕਾਲੀ ਕਿਰਪਾਨ ਛਿਨ ਮਧਿ ਕੈ ਕੈ ਬਲ ਸੁੰਭ ਕੀ ਹਨੀ ਅਨੀ।
ਡਰਤ ਜਿ ਖੇਤ ਮਹਾ ਪ੍ਰੇਤ ਕੀਨੇ ਬਾਨਨ ਸੋ ਬਿਚਲ ਬਿਥਰ ਐਸੇ ਭਾਜਗੀ ਅਨੀ ਕਿਨੀ।
ਜੈਸੇ ਬਾਰੂਥਲ ਮੈ ਸਬੂਹ ਬਹੇ ਪਉਨ ਹੂੰ ਕੇ ਧੂਰ ਉਡਿ ਚਲੇ ਹੁਇ ਕੇ ਕੋਟਿਕ ਕਨੀ ਕਨੀ। ੧੮੧।

ਸ੍ਵੈਯਾ

ਖਗ ਲੈ ਕਾਲੀ ਅਉ ਚੰਡੀ ਕੁਵੰਡਿ ਬਿਲੋਕ ਕੈ ਦਾਨਵ ਇਉ ਦਬਟੇ ਹੈ।
ਕੇਤਕ ਚਾਬ ਗਈ ਮੁਖਿ ਕਾਲਿਕਾ ਕੇਤਿਨ ਕੇ ਸਿਰ ਚੰਡਿ ਕਟੇ ਹੈ।
ਸ੍ਰਉਨਤ ਸਿੰਧੁ ਭਇਓ ਧਰ ਮੈ ਰਨ ਛਾਡ ਗਏ ਇਕ ਦੈਤ ਫਟੇ ਹੈ।
ਸੁੰਭ ਪੈ ਜਾਇ ਕਹੀ ਤਿਨ ਇਉ ਬਹੁ ਬੀਰ ਮਹਾ ਤਿਹ ਠਉਰ ਲਟੇ ਹੈ।੧੮੨।

ਦੋਹਰਾ

ਦੇਖਿ ਭਇਆਨਕ ਜੁਧ ਕੋ ਕੀਨੋ ਬਿਸਨੁ ਬਿਚਾਰ।
ਸਕਤਿ ਸਹਾਇਤ ਕੇ ਨਮਿਤ ਭੇਜੀ ਰਨਹਿ ਮੰਝਾਰ। ੧੮੩।

ਸ੍ਵੈਯਾ

ਆਇਸ ਪਾਇ ਸਭੈ ਸਕਤੀ ਚਲਿ ਕੈ ਤਹਾ ਚੰਡਿ ਪ੍ਰਚੰਡ ਪੈ ਆਈ।
ਦੇਵੀ ਕਹਿਓ ਤਿਨ ਕੋ ਕਰ ਆਦਰੁ ਆਈ ਭਲੇ ਜਨੁ ਬੋਲਿ ਪਠਾਈ।
ਤਾ ਛਬਿ ਕੀ ਉਪਮਾ ਅਤਿ ਹੀ ਕਵਿ ਨੇ ਅਪਨੇ ਮਨ ਮੈ ਲਖਿ ਪਾਈ।
ਮਾਨਹੁ ਸਾਵਨ ਮਾਸ ਨਦੀ ਚਲਿ ਕੈ ਜਲ ਰਾਸਿ ਮੈ ਆਨਿ ਸਮਾਈ। ੧੮੪।

ਸ੍ਵੈਯਾ

ਪ੍ਰਚੰਡ ਚੰਡੀ ਨੂੰ ਆਉਂਦਿਆਂ ਵੇਖ ਕੇ (ਸ਼ੁੰਭ) ਦੈਂਤ ਨੇ ਮਨ ਵਿਚ ਬਹੁਤ ਕ੍ਰੋਧ ਕੀਤਾ। ਇਸ (ਦੇਵੀ) ਨੂੰ ਛਿਣ ਵਿਚ ਨਸ਼ਟ ਕਰ ਦੇਵਾਂਗਾ। (ਇਹ ਭਾਵ ਮਨ ਵਿਚ ਧਾਰ ਕੇ) ਬਾਣ ਨੂੰ ਸੰਭਾਲ ਕੇ ਵਡੇ ਧਨੁਸ਼ ਵਿਚ ਖਿਚਿਆ। ਕਾਲੀ ਦੇ ਮੁਖ (ਬਕ੍ਰ) ਨੂੰ ਵੇਖਣ ਨਾਲ (ਉਸ ਦੇ) ਮਨ ਵਿਚ ਭਰਮ ਪੈਦਾ ਹੋਇਆ ਕਿ (ਇਹ) ਜਮ ਵਰਗਾ ਹੈ। (ਫਿਰ ਵੀ ਉਸ ਨੇ) ਸਾਰੇ ਬਾਣ ਚਲਾ ਦਿੱਤੇ ਅਤੇ (ਇਸ ਤਰ੍ਹਾਂ) ਚੀਖ਼ ਉਠਿਆ ਮਾਨੋ ਪਰਲੋ ਵੇਲੇ ਦੇ ਬਦਲ (ਗਜਦੇ ਹੋਣ)।੧੭੯।

ਵੈਰੀਆਂ ਦੇ ਬਦਲ ਵਰਗੇ ਦਲ ਵਿਚ ਵੜ ਕੇ (ਚੰਡੀ ਨੇ) ਹੱਥ ਵਿਚ ਧਨੁਸ਼-ਬਾਣ ਫੜ ਲਿਆ। ਕਾਲੇ ਪਰਬਤ ਵਰਗੇ ਦੈਂਤ (ਇਸ ਤਰ੍ਹਾਂ) ਮਾਰ ਦਿੱਤੇ ਜਿਸ ਤਰ੍ਹਾਂ ਸੂਰਜ ਦੀਆਂ ਕਿਰਨਾਂ ਨਾਲ ਹਨੇਰਾ ਖ਼ਤਮ ਹੋ ਜਾਂਦਾ ਹੈ। (ਚੰਡੀ ਦੇ) ਡਰ ਨਾਲ (ਦੈਂਤ) ਸੈਨਾ ਭਜ ਗਈ, ਉਸ ਦੀ ਛਬੀ ਨੂੰ ਕੋਈ ਕਵੀ ਕਿਵੇਂ ਕਹਿ ਸਕਦਾ ਹੈ, ਜਿਵੇਂ ਭੀਮ ਦੇ ਲਹੂ ਭਰੇ ਮੂੰਹ ਨੂੰ ਵੇਖ ਕੇ ਕੌਰਵ ਰਣ-ਭੂਮੀ ਨੂੰ ਛਡ ਚਲੇ ਹਨ।੧੮੦।

ਕਬਿੱਤ

ਸੁੰਭ ਦੀ ਆਗਿਆ ਪ੍ਰਾਪਤ ਕਰ ਕੇ ਮਹਾਬਲੀ ਅਤੇ ਧੀਰਜਵਾਨ ਯੋਧੇ ਕ੍ਰੋਧ-ਪੂਰਵਕ ਸਜ-ਧਜ ਕੇ ਚੰਡੀ ਉਪਰ ਚੜ੍ਹ ਆਏ। ਚੰਡੀ ਨੇ ਧਨੁਸ਼ ਅਤੇ ਬਾਣ ਅਤੇ ਕਾਲੀ ਨੇ ਕ੍ਰਿਪਾਨ ਧਾਰਨ ਕਰ ਕੇ ਬਲ-ਪੂਰਵਕ ਛਿਣ ਵਿਚ ਹੀ ਸ਼ੁੰਭ ਦੀ ਸੈਨਾ (ਅਨੀ) ਨੂੰ ਮਾਰ ਦਿੱਤਾ। ਡਰ ਦੇ ਮਾਰੇ ਯੁੱਧ-ਭੂਮੀ ਛਡ ਗਏ, (ਉਨ੍ਹਾਂ ਨੂੰ) ਬਾਣਾਂ (ਦੀ ਮਾਰ) ਨਾਲ ਭੂਤਨੇ ਬਣਾ ਦਿੱਤਾ ਅਤੇ ਵਿਚਲਿਤ (ਦੈਂਤ) ਸੈਨਾ ਇਸ ਤਰ੍ਹਾਂ ਖਿੰਡ-ਪੁੰਡ ਗਈ ਜਿਸ ਤਰ੍ਹਾਂ ਰੇਤ ਦੇ ਥਲ ਵਿਚ ਹਵਾ ਦੇ ਝੌਂਕੇ ('ਸਬੂਹ') ਨਾਲ ਧੂੜ ਦੇ ਕਰੋੜਾਂ ਜ਼ੱਰੇ ਉਡਨ ਲਗ ਜਾਂਦੇ ਹਨ।੧੮੧।

ਸ੍ਵੈਯਾ

ਕਾਲੀ ਨੇ ਖੜਗ ਅਤੇ ਚੰਡੀ ਨੇ ਧਨੁਸ਼ ਲੈ ਕੇ ਦੈਂਤ ਨੂੰ ਵੇਖ ਕੇ ਇਉਂ ਦਬਕਾਇਆ ਹੈ। ਕਈਆਂ ਨੂੰ ਕਾਲੀ ਮੂੰਹ ਨਾਲ ਚੱਬ ਗਈ ਹੈ ਅਤੇ ਕਈਆਂ ਦੇ ਸਿਰ ਚੰਡੀ ਨੇ ਕਟ ਦਿੱਤੇ ਹਨ। ਧਰਤੀ ਉਤੇ ਲਹੂ ਦਾ ਸਮੁੰਦਰ ਬਣ ਗਿਆ ਹੈ। (ਕਈ ਦੈਂਤ) ਰਣ-ਭੂਮੀ ਛਡ ਗਏ ਹਨ (ਅਤੇ ਕਈ) ਦੈਂਤ ਜ਼ਖ਼ਮੀ ਹੋਏ ਪਏ ਹਨ। (ਜੋ ਯੁੱਧ ਵਿਚੋਂ ਭਜ ਕੇ ਗਏ ਹਨ) ਉਨ੍ਹਾਂ ਨੇ ਸੁੰਭ ਕੋਲ ਜਾ ਕੇ ਇਉਂ (ਗੱਲ) ਕਹੀ (ਕਿ) ਬਹੁਤ ਸਾਰੇ ਮਹਾਨ ਯੋਧੇ ਰਣ-ਭੂਮੀ ਵਿਚ ਲੇਟੇ ਪਏ ਹਨ (ਅਰਥਾਤ ਮਾਰੇ ਗਏ ਹਨ)।੧੮੨।

ਦੋਹਰਾ

(ਇਸ ਤਰ੍ਹਾਂ ਦੇ) ਭਿਆਨਕ ਯੁੱਧ ਨੂੰ ਵੇਖ ਕੇ ਵਿਸ਼ਨੂ ਨੇ ਵਿਚਾਰ ਕੀਤਾ ਅਤੇ (ਚੰਡੀ ਦੀ) ਸਹਾਇਤਾ ਲਈ (ਸਾਰੀਆਂ) ਦੇਵ-ਸ਼ਕਤੀਆਂ ਰਣ-ਭੂਮੀ ਵਿਚ ਭੇਜ ਦਿੱਤੀਆਂ।੧੮੩।

ਸ੍ਵੈਯਾ

(ਵਿਸ਼ਨੂ ਦੀ) ਆਗਿਆ ਪ੍ਰਾਪਤ ਕਰ ਕੇ (ਦੇਵਤਿਆਂ ਦੀ) ਸਾਰੀ ਸ਼ਕਤੀ ਚਲ ਕੇ ਉਥੇ ਪ੍ਰਚੰਡ ਚੰਡੀ ਕੋਲ ਆ ਗਈ। ਉਨ੍ਹਾਂ ਦਾ ਆਦਰ ਕਰ ਕੇ ਦੇਵੀ ਨੇ 'ਜੀਉ ਆਇਆਂ' ਕਿਹਾ ਮਾਨੋ ਬੁਲਾਵਾ ਭੇਜ ਕੇ (ਮੰਗਵਾਈਆਂ ਹੋਣ)। ਉਸ (ਸਮੇਂ ਦੀ) ਛਬੀ ਦੀ ਉਪਮਾ ਕਵੀ ਨੇ ਆਪਣੇ ਮਨ ਵਿਚ (ਚੰਗੀ ਤਰ੍ਹਾਂ) ਜਾਣ ਲਈ, ਮਾਨੋ ਸਾਵਣ ਦੇ ਮਹੀਨੇ ਵਿਚ ਨਦੀ ਚਲ ਕੇ ਸਮੁੰਦਰ ਵਿਚ ਆ ਸਮਾਈ ਹੋਵੇ।੧੮੪।

ਦੇਖਿ ਮਹਾ ਦਲ ਦੇਵਨ ਕੋ ਬਰ ਬੀਰ ਸੁ ਸਾਮੁਹੇ ਜੁਧ ਕੋ ਧਾਏ।
ਬਾਨਨਿ ਸਾਥਿ ਹਨੇ ਬਲੁ ਕੈ ਰਨ ਮੈ ਬਹੁ ਆਵਤ ਬੀਰ ਗਿਰਾਏ।
ਦਾੜਨ ਸਾਥਿ ਚਬਾਇ ਗਈ ਕਲਿ ਅਉਰ ਗਹੈ ਚਹੂੰ ਓਰਿ ਬਗਾਏ।
ਰਾਵਨ ਸੋ ਰਿਸ ਕੈ ਰਨ ਮੈ ਪਤਿ ਭਾਲਕ ਜਿਉ ਗਿਰਰਾਜ ਚਲਾਏ। ੧੮੫।

ਫੇਰ ਲੈ ਪਾਨਿ ਕ੍ਰਿਪਾਨ ਸੰਭਾਰ ਕੈ ਦੈਤਨ ਸੋ ਬਹੁ ਜੁਧ ਕਰਿਓ ਹੈ।
ਮਾਰ ਬਿਦਾਰ ਸੰਘਾਰ ਦਏ ਬਹੁ ਭੂਮਿ ਪਰੇ ਭਟ ਸ੍ਰਉਨ ਝਰਿਓ ਹੈ।
ਗੂਦ ਬਹਿਓ ਅਰਿ ਸੀਸਨ ਤੇ ਕਵਿ ਨੇ ਤਿਹ ਕੋ ਇਹ ਭਾਉ ਧਰਿਓ ਹੈ।
ਮਾਨੋ ਪਹਾਰ ਕੇ ਸ੍ਰਿੰਗਹੁ ਤੇ ਧਰਨੀ ਪਰ ਆਨਿ ਤੁਸਾਰ ਪਰਿਓ ਹੈ। ੧੮੬।

ਦੋਹਰਾ

ਭਾਗ ਗਈ ਧੁਜਨੀ ਸਭੈ ਰਹਿਓ ਨ ਕਛੂ ਉਪਾਉ।
ਸੁੰਭ ਨਿਸੁੰਭਹਿ ਸੋ ਕਹਿਓ ਦਲ ਲੈ ਤੁਮ ਹੂੰ ਜਾਉ। ੧੮੭।

ਸ੍ਵੈਯਾ

ਮਾਨ ਕੈ ਸੁੰਭ ਕੋ ਬੋਲ ਨਿਸੁੰਭੁ ਚਲਿਓ ਦਲ ਸਾਜਿ ਮਹਾ ਬਲਿ ਐਸੇ।
ਭਾਰਥ ਜਿਉ ਰਨ ਮੈ ਰਿਸਿ ਪਾਰਥਿ ਕ੍ਰੁਧ ਕੈ ਜੁਧ ਕਰਿਓ ਕਰਨੈ ਸੇ।
ਚੰਡਿ ਕੇ ਬਾਨ ਲਗੇ ਬਹੁ ਦੈਤ ਕਉ ਫੋਰਿ ਕੈ ਪਾਰ ਭਏ ਤਨ ਕੈਸੇ।
ਸਾਵਨ ਮਾਸ ਕ੍ਰਿਸਾਨ ਕੇ ਖੇਤਿ ਉਗੇ ਮਨੋ ਧਾਨ ਕੇ ਅੰਕੁਰ ਜੈਸੇ। ੧੮੮।

ਬਾਨਨ ਸਾਥ ਗਿਰਾਇ ਦਏ ਬਹੁਰੋ ਅਸਿ ਲੈ ਕਰਿ ਇਉ ਰਨ ਕੀਨੋ।
ਮਾਰਿ ਬਿਦਾਰਿ ਦਈ ਧੁਜਨੀ ਸਭ ਦਾਨਵ ਕੋ ਬਲੁ ਹੁਇ ਗਇਓ ਛੀਨੋ।
ਸ੍ਰਉਨ ਸਮੂਹਿ ਪਰਿਓ ਤਿਹ ਠਉਰ ਤਹਾ ਕਵਿ ਨੇ ਜਸੁ ਇਉ ਮਨ ਚੀਨੋ।
ਸਾਤ ਹੂੰ ਸਾਗਰ ਕੋ ਰਚਿ ਕੈ ਬਿਧਿ ਆਠਵੋ ਸਿੰਧੁ ਕਰਿਓ ਹੈ ਨਵੀਨੋ। ੧੮੯।

ਲੈ ਕਰ ਮੈ ਅਸਿ ਚੰਡਿ ਪ੍ਰਚੰਡ ਸੁ ਕ੍ਰੁਧ ਭਈ ਰਨ ਮਧ ਲਰੀ ਹੈ।
ਫੋਰ ਦਈ ਚਤੁਰੰਗ ਚਮੂੰ ਬਲੁ ਕੈ ਬਹੁ ਕਾਲਿਕਾ ਮਾਰਿ ਧਰੀ ਹੈ।
ਰੂਪ ਦਿਖਾਇ ਭਇਆਨਕ ਇਉ ਅਸੁਰੰਪਤਿ ਭ੍ਰਾਤ ਕੀ ਕ੍ਰਾਂਤਿ ਹਰੀ ਹੈ।
ਸ੍ਰਉਨ ਸੋ ਲਾਲ ਭਈ ਧਰਨੀ ਸੁ ਮਨੋ ਅੰਗ ਸੂਹੀ ਕੀ ਸਾਰੀ ਕਰੀ ਹੈ। ੧੯੦।

ਦੈਤ ਸੰਭਾਰਿ ਸਭੈ ਅਪਨੋ ਬਲਿ ਚੰਡਿ ਸੋ ਜੁਧ ਕੋ ਫੇਰਿ ਅਰੇ ਹੈ।
ਆਯੁਧ ਧਾਰਿ ਲਰੈ ਰਨ ਇਉ ਜਨੁ ਦੀਪਕ ਮਧਿ ਪਤੰਗ ਪਰੇ ਹੈ।
ਚੰਡ ਪ੍ਰਚੰਡ ਕੁਵੰਡ ਸੰਭਾਰਿ ਸਭੈ ਰਨ ਮਧਿ ਦੁ ਟੂਕ ਕਰੇ ਹੈ।
ਮਾਨੋ ਮਹਾ ਬਨ ਮੈ ਬਰ ਬ੍ਰਿਛਨ ਕਾਟਿ ਕੈ ਬਾਢੀ ਜੁਦੇ ਕੈ ਧਰੇ ਹੈ। ੧੯੧।

ਦੇਵਤਿਆਂ ਦੇ ਵਡੇ ਦਲ ਨੂੰ ਵੇਖ ਕੇ ਸ਼ਕਤੀਸ਼ਾਲੀ ਵੀਰ (ਦੈਂਤ) ਯੁੱਧ ਕਰਨ ਲਈ ਸਾਹਮਣੇ ਆ ਗਏ। (ਉਨ੍ਹਾਂ ਦੈਂਤ) ਵੀਰਾਂ ਨੂੰ ਆਉਂਦੇ ਹੋਇਆਂ (ਵੇਖ ਕੇ ਚੰਡੀ ਨੇ) ਬਲ-ਪੂਰਵਕ ਤੀਰਾਂ ਨਾਲ ਰਣ ਵਿਚ ਮਾਰ ਦਿੱਤਾ। (ਉਨ੍ਹਾਂ ਵਿਚੋਂ ਕਈਆਂ ਨੂੰ) ਕਾਲੀ ਦਾੜ੍ਹਾਂ ਨਾਲ ਚਬ ਗਈ ਅਤੇ (ਕਈ) ਹੋਰਾਂ ਨੂੰ ਫੜ-ਫੜ ਕੇ ਚੌਹਾਂ ਪਾਸਿਆਂ ਵਿਚ ਸੁਟ ਦਿੱਤਾ, ਜਿਵੇਂ ਰਾਵਣ ਨਾਲ ਗੁੱਸੇ ਹੋ ਕੇ ਜਾਮਵੰਤ (ਭਾਲਕ-ਪਤਿ) ਨੇ ਯੁੱਧ ਵਿਚ ਵਡੇ ਵਡੇ ਪਰਬਤ ਸੁਟੇ ਹੋਣ।੧੮੫।

ਫਿਰ (ਕਾਲੀ ਨੇ) ਹੱਥ ਵਿਚ ਕ੍ਰਿਪਾਨ ਸੰਭਾਲ ਕੇ ਦੈਂਤਾਂ ਨਾਲ ਬਹੁਤ ਯੁੱਧ ਕੀਤਾ ਹੈ। (ਤਲਵਾਰ ਨਾਲ) ਬਹੁਤ (ਸੂਰਮੇ) ਕਟ ਵਢ ਸੁਟੇ ਹਨ ਅਤੇ ਭੂਮੀ ਉਤੇ ਡਿਗੇ ਪਏ (ਸੂਰਮਿਆਂ ਦੇ ਸ਼ਰੀਰਾਂ ਵਿਚੋਂ) ਲਹੂ ਵਗ ਰਿਹਾ ਹੈ। ਵੈਰੀਆਂ ਦੇ ਸ਼ਰੀਰਾਂ ਵਿਚੋਂ ਵਗਦੀ ਮਿਝ (ਨੂੰ ਵੇਖ ਕੇ) ਕਵੀ ਨੇ ਇਹ ਭਾਵ ਕਢਿਆ ਹੈ ਮਾਨੋ ਪਰਬਤ ਦੀ ਚੋਟੀ ਤੋਂ ਧਰਤੀ ਉਤੇ ਬਰਫ਼ ('ਤੁਸਾਰ') ਡਿਗ ਪਈ ਹੋਵੇ।੧੮੬।

ਦੋਹਰਾ

ਜਦੋਂ ਕੋਈ ਉਪਾ ਨ ਰਿਹਾ (ਤਾਂ ਦੈਂਤਾਂ ਦੀ) ਸਾਰੀ ਸੈਨਾ ਭਜ ਗਈ। (ਉਸ ਵੇਲੇ) ਸ਼ੁੰਭ ਨੇ ਨਿਸ਼ੁੰਭ ਨੂੰ ਕਿਹਾ ਕਿ ਤੂੰ ਹੀ ਦਲ ਲੈ ਕੇ (ਲੜਨ ਲਈ) ਜਾ।੧੮੭।

ਸ੍ਵੈਯਾ

ਸ਼ੁੰਭ ਦੇ ਬੋਲ (ਹੁਕਮ) ਮੰਨ ਕੇ ਮਹਾਬਲੀ ਨਿਸ਼ੁੰਭ ਆਪਣਾ ਦਲ ਸਜਾ ਕੇ ਇਸ ਤਰ੍ਹਾਂ ਤੁਰ ਪਿਆ ਜਿਸ ਤਰ੍ਹਾਂ ਮਹਾਭਾਰਤ (ਦੀ ਜੰਗ ਵੇਲੇ) ਅਰਜਨ ('ਪਾਰਥਿ') ਨੇ ਕ੍ਰੋਧ ਪੂਰਵਕ ਕਰਨ ਨਾਲ ਯੁੱਧ ਕੀਤਾ ਸੀ। ਚੰਡੀ ਦੇ ਬਹੁਤ ਸਾਰੇ ਬਾਣ ਦੈਂਤ ਨੂੰ ਲਗੇ, ਉਹ ਤਨ ਨੂੰ ਚੀਰ ਕੇ ਕਿਸ ਤਰ੍ਹਾਂ ਪਾਰ ਹੋ ਗਏ, ਮਾਨੋ ਸਾਵਣ ਦੇ ਮਹੀਨੇ ਵਿਚ ਕਿਸਾਨ ਦੇ ਖੇਤ ਵਿਚ ਧਾਨ ਦੇ ਅੰਕੁਰ ਨਿਕਲੇ ਹੋਣ।੧੮੮।

(ਪਹਿਲਾਂ) ਬਾਣਾਂ ਨਾਲ ਡਿਗਾ ਦਿੱਤਾ ਅਤੇ ਫਿਰ ਹੱਥ ਵਿਚ ਤਲਵਾਰ ਲੈ ਕੇ ਇਸ ਤਰ੍ਹਾਂ ਯੁੱਧ ਕੀਤਾ ਕਿ ਸਾਰੀ (ਦੈਂਤ) ਸੈਨਾ ਨੂੰ ਮਾਰ ਕੇ ਨਸ਼ਟ ਕਰ ਦਿੱਤਾ, (ਫਲਸਰੂਪ) ਵੈਰੀ ਦੀ ਸ਼ਕਤੀ ਮੱਠੀ ਪੈ ਗਈ। ਉਸ ਸਥਾਨ ਉਤੇ ਬਹੁਤ ਅਧਿਕ ਲਹੂ ਪਿਆ ਹੋਇਆ ਹੈ। (ਉਸ ਦਾ) ਯਸ਼ ਕਵੀ ਨੇ ਮਨ ਵਿਚ ਇਸ ਤਰ੍ਹਾਂ ਜਾਣਿਆ ਹੈ ਮਾਨੋ ਸੱਤਾਂ ਸਮੁੰਦਰਾਂ ਨੂੰ ਬਣਾ ਕੇ ਬ੍ਰਹਮਾ ਨੇ (ਲਹੂ ਦਾ) ਅੱਠਵਾਂ ਨਵਾਂ ਸਮੁੰਦਰ ਬਣਾਇਆ ਹੋਵੇ।੧੮੯।

ਪ੍ਰਚੰਡ ਚੰਡੀ ਹੱਥ ਵਿਚ ਤਲਵਾਰ ਧਾਰਨ ਕਰ ਕੇ ਕ੍ਰੋਧਿਤ ਹੋਈ ਰਣ ਵਿਚ ਲੜ ਰਹੀ ਹੈ ਅਤੇ ਚਤੁਰੰਗਣੀ ਸੈਨਾ ਨੂੰ ਬਲ-ਪੂਰਵਕ ਨਸ਼ਟ ਕਰ ਦਿੱਤਾ ਹੈ। ਕਾਲੀ ਨੇ ਵੀ ਬਹੁਤ (ਫ਼ੌਜ) ਮਾਰ ਸੁਟੀ ਹੈ। ਇਸ ਤਰ੍ਹਾਂ ਭਿਆਨਕ ਰੂਪ ਵਿਖਾ ਕੇ ਨਿਸ਼ੁੰਭ (ਅਸੁਰ ਪਤੀ ਭ੍ਰਾਤ) ਦੀ ਚਮਕ ਨੂੰ ਨਸ਼ਟ ਕਰ ਦਿੱਤਾ ਹੈ। ਲਹੂ ਨਾਲ ਧਰਤੀ ਲਾਲ ਹੋ ਗਈ ਹੈ, ਮਾਨੋ (ਧਰਤੀ ਨੇ) ਸੂਹੇ ਰੰਗ ਦੀ ਸਾੜ੍ਹੀ ਪਾਈ ਹੋਈ ਹੋਵੇ।੧੯੦।

ਸਾਰੇ ਦੈਂਤ ਆਪਣਾ ਬਲ (ਸੰਭਾਲ ਕੇ) ਚੰਡੀ ਨਾਲ ਯੁੱਧ ਕਰਨ ਲਈ ਫਿਰ ਡਟੇ ਹੋਏ ਹਨ। ਸ਼ਸਤ੍ਰ ਧਾਰ ਕੇ ਯੁੱਧ-ਭੂਮੀ ਵਿਚ ਇੰਜ ਲੜ ਰਹੇ ਹਨ ਮਾਨੋ ਦੀਵੇ ਵਿਚ ਪਤੰਗੇ ਪੈ ਰਹੇ ਹੋਣ। ਪ੍ਰਚੰਡ ਚੰਡੀ ਨੇ ਧਨੁਸ਼ ਸੰਭਾਲ ਕੇ ਸਭ ਦੇ ਰਣ ਵਿਚ ਦੋ ਦੋ ਟੋਟੇ ਕਰ ਦਿੱਤੇ ਹਨ, ਮਾਨੋ ਮਹਾ ਬਨ ਵਿਚ ਤ੍ਰਿਖਾਣ ਨੇ ਵਡੇ ਵਡੇ ਬ੍ਰਿਛ ਕਟ ਕੇ ਵਖਰੇ ਰਖੇ ਹੋਣ।੧੯੧।

ਮਾਰ ਲਇਓ ਦਲੁ ਅਉਰ ਭਜਿਓ ਮਨ ਮੈ ਤਬ ਕੋਪ ਨਿਸੁੰਭ ਕਰਿਓ ਹੈ।
ਚੰਡਿ ਕੇ ਸਾਮੁਹੇ ਆਨਿ ਅਰਿਓ ਅਤਿ ਜੁਧੁ ਕਰਿਓ ਪਗੁ ਨਾਹਿ ਟਰਿਓ ਹੈ।
ਚੰਡਿ ਕੇ ਬਾਨ ਲਗਿਓ ਮੁਖ ਦੈਤ ਕੇ ਸ੍ਰਉਨ ਸਮੂਹ ਧਰਾਨਿ ਪਰਿਓ ਹੈ।
ਮਾਨਹੁ ਰਾਹੁ ਗ੍ਰਸਿਓ ਨਭਿ ਭਾਨੁ ਸੁ ਸ੍ਰਉਨਤ ਕੋ ਅਤਿ ਬਉਨ ਕਰਿਓ ਹੈ।੧੯੨।

ਸਾਂਗ ਸੰਭਾਰਿ ਕਰੰ ਬਲੁ ਧਾਰ ਕੈ ਚੰਡਿ ਦਈ ਰਿਪੁ ਭਾਲ ਮੈ ਐਸੇ।
ਜੋਰ ਕੈ ਫੋਰ ਗਈ ਸਿਰ ਤ੍ਰਾਨ ਕੋ ਪਾਰ ਭਈ ਪਟ ਫਾਰਿ ਅਨੈਸੇ।
ਸ੍ਰਉਨ ਕੀ ਧਾਰ ਚਲੀ ਪਥ ਊਰਧ ਸੋ ਉਪਮਾ ਸੁ ਭਈ ਕਹੁ ਕੈਸੇ।
ਮਾਨੋ ਮਹੇਸ ਕੇ ਤੀਸਰੇ ਨੈਨ ਕੀ ਜੋਤ ਉਦੋਤ ਭਈ ਖੁਲ ਤੈਸੇ। ੧੯੩।

ਦੈਤ ਨਿਕਾਸ ਕੈ ਸਾਂਗ ਵਹੈ ਬਲਿ ਕੈ ਤਬ ਚੰਡਿ ਪ੍ਰਚੰਡ ਕੇ ਦੀਨੀ।
ਜਾਇ ਲਗੀ ਤਿਹ ਕੇ ਮੁਖ ਮੈ ਬਹਿ ਸ੍ਰਉਨ ਪਰਿਓ ਅਤਿ ਹੀ ਛਬਿ ਕੀਨੀ।
ਇਉ ਉਪਮਾ ਉਪਜੀ ਮਨ ਮੈ ਕਬਿ ਨੇ ਇਹ ਭਾਤਿ ਸੋਈ ਕਹਿ ਦੀਨੀ।
ਮਾਨਹੁ ਸਿੰਘਲ ਦੀਪ ਕੀ ਨਾਰਿ ਗਰੇ ਮੈ ਤੰਬੋਰ ਕੀ ਪੀਕ ਨਵੀਨੀ। ੧੯੪।

ਜੁਧੁ ਨਿਸੁੰਭ ਕਰਿਓ ਅਤਿ ਹੀ ਜਸੁ ਇਆ ਛਬਿ ਕੋ ਕਬਿ ਕੋ ਬਰਨੈ।
ਨਹਿ ਭੀਖਮ ਦ੍ਰੋਣਿ ਕ੍ਰਿਪਾ ਅਰੁ ਦ੍ਰੋਣਜ ਭੀਮ ਨ ਅਰਜਨ ਅਉ ਕਰਨੈ।
ਬਹੁ ਦਾਨਵ ਕੇ ਤਨ ਸ੍ਰਉਨ ਕੀ ਧਾਰ ਛੁਟੀ ਸੁ ਲਗੇ ਸਰ ਕੇ ਫਰਨੈ।
ਜਨੁ ਰਾਤਿ ਕੈ ਦੂਰਿ ਬਿਭਾਸ ਦਸੋ ਦਿਸ ਫੈਲਿ ਚਲੀ ਰਵਿ ਕੀ ਕਿਰਨੈ। ੧੯੫।

ਚੰਡਿ ਲੈ ਚਕ੍ਰ ਧਸੀ ਰਨ ਮੈ ਰਿਸਿ ਕ੍ਰੁਧ ਕੀਓ ਬਹੁ ਦਾਨਵ ਮਾਰੇ।
ਫੇਰਿ ਗਦਾ ਗਹਿ ਕੈ ਲਹਿ ਕੈ ਚਹਿ ਕੈ ਰਿਪੁ[1] ਸੈਨ ਹਤੀ ਲਲਕਾਰੇ।
ਲੈ ਕਰ ਖਗ ਅਦਗ ਮਹਾ ਸਿਰ ਦੈਤਨ ਕੇ ਬਹੁ ਭੂ ਪਰ ਝਾਰੇ।
ਰਾਮ ਕੇ ਜੁਧ ਸਮੇ ਹਨੂਮਾਨਿ ਜੁਆਨ ਮਨੋ ਗਰੂਏ ਗਿਰ ਡਾਰੇ। ੧੯੬।

ਦਾਨਵ ਏਕ ਬਡੋ ਬਲਵਾਨ ਕ੍ਰਿਪਾਨ ਲੈ ਪਾਨਿ ਹਕਾਰ ਕੈ ਧਾਇਓ।
ਕਾਢੂ ਕੈ ਖਗ ਸੁ ਚੰਡਿਕਾ ਮਿਆਨ ਤੇ ਤਾ ਤਨ ਬੀਚ ਭਲੇ ਬਰਿ ਲਾਇਓ।
ਟੂਟ ਪਰਿਓ ਸਿਰ ਵਾ ਧਰਿ ਤੇ ਜਸੁ ਇਆ ਛਬਿ ਕੋ ਕਵਿ ਕੇ ਮਨਿ ਆਇਓ।
ਊਚ ਧਰਾਧਰ ਊਪਰ ਤੇ ਗਿਰਿਓ ਕਾਕ ਕਰਾਲ ਭੁਜੰਗਮ ਖਾਇਓ। ੧੯੭।

੧. 'ਫਿਰ'

(ਜਦੋਂ ਕੁਝ) ਦਲ ਮਾਰ ਲਿਆ ਗਿਆ ਅਤੇ ਹੋਰ ਭਜ ਗਿਆ ਤਦੋਂ ਨਿਸ਼ੁੰਭ ਨੇ ਮਨ ਵਿਚ ਕ੍ਰੋਧ ਕੀਤਾ ਅਤੇ ਚੰਡੀ ਦੇ ਸਾਹਮਣੇ ਆ ਕੇ ਡਟ ਗਿਆ। (ਉਸ ਨੇ) ਖ਼ੂਬ ਯੁੱਧ ਕੀਤਾ ਅਤੇ ਇਕ ਕਦਮ ਵੀ ਪਿਛੇ ਨ ਹਟਾਇਆ। ਚੰਡੀ ਦੇ ਬਾਣ ਦੈਂਤ ਦੇ ਮੁਖ ਵਿਚ ਲਗੇ ਤਾਂ ਬਹੁਤ ਸਾਰਾ ਲਹੂ ਧਰਤੀ ਉਤੇ ਆ ਪਿਆ ਮਾਨੋ ਆਕਾਸ਼ ਵਿਚ ਰਾਹੂ ਨੇ ਸੂਰਜ ਨੂੰ ਗ੍ਰਸ ਲਿਆ ਹੋਵੇ ਅਤੇ (ਸੂਰਜ ਨੇ) ਲਹੂ ਦੀ ਵਡੀ ਉਲਟੀ ਕੀਤੀ ਹੋਵੇ।੧੯੨।

(ਦੇਵੀ ਨੇ) ਹੱਥ ਵਿਚ ਸਾਂਗ ਨੂੰ ਧਾਰਨ ਕਰ ਕੇ ਅਤੇ ਸਾਰਾ ਬਲ ਅਰਜਿਤ ਕਰ ਕੇ ਵੈਰੀ (ਦੈਂਤ) ਦੇ ਮਸਤਕ ਵਿਚ ਇਸ ਤਰ੍ਹਾਂ ਖੋਭੀ, (ਜੋ) ਜ਼ੋਰ ਨਾਲ ਸਿਰ ਦੇ ਲੋਹੇ ਦੇ ਟੋਪ ਨੂੰ ਫੋੜ ਗਈ ਅਤੇ (ਸਾਂਗ ਦੀ) ਚੁੰਜ ਪਟਕੇ ਨੂੰ ਪਾੜ ਕੇ ਪਾਰ ਹੋ ਗਈ। (ਦੈਂਤ ਦੇ ਮੱਥੇ ਤੋਂ) ਲਹੂ ਦੀ ਧਾਰ (ਨਿਕਲ ਕੇ) ਉਪਰ ਵਲ ਚਲੀ, ਉਸ ਦੀ ਉਪਮਾ ਕਿਸ ਤਰ੍ਹਾਂ ਦੀ ਹੋਈ, ਮਾਨੋ ਸ਼ਿਵ ਦੇ ਤੀਜੇ ਨੈਨ ਦੇ ਖੁਲ੍ਹਣ ਨਾਲ (ਉਸ ਦੀ) ਜੋਤਿ ਪ੍ਰਗਟ ਹੋਈ ਹੋਵੇ।੧੯੩।

ਉਹੀ ਸਾਂਗ (ਆਪਣੇ ਸ਼ਰੀਰ ਤੋਂ) ਕਢ ਕੇ ਦੈਂਤ ਨੇ ਜ਼ੋਰ ਨਾਲ ਪ੍ਰਚੰਡ ਚੰਡੀ ਨੂੰ ਮਾਰੀ। (ਉਹ ਸਾਂਗ) ਉਸ (ਦੁਰਗਾ) ਦੇ ਮੂੰਹ ਵਿਚ ਜਾ ਲਗੀ, (ਫਲਸਰੂਪ) ਬਹੁਤ ਸਾਰਾ ਲਹੂ ਵਗਿਆ ਅਤੇ ਉਸ ਨੇ ਬਹੁਤ ਸ਼ੋਭਾ ਵਧਾਈ ਹੈ। ਕਵੀ ਦੇ ਮਨ ਵਿਚ ਇਸ ਤਰ੍ਹਾਂ ਦੀ ਉਪਮਾ ਪੈਦਾ ਹੋਈ, ਉਹ ਇਸ ਤਰ੍ਹਾਂ ਕਹਿ ਦਿੱਤੀ ਮਾਨੋ ਪਦਮਿਨੀ (ਸਿੰਗਲਾਦੀਪ ਦੀ ਇਸਤਰੀ) ਦੇ ਗਲੇ ਵਿਚ ਪਾਨ ਦੀ ਤਾਜ਼ਾ ਥੁਕ ਦਿਸ ਰਹੀ ਹੋਵੇ।੧੯੪।

ਨਿਸ਼ੁੰਭ ਨੇ ਬਹੁਤ ਯੁੱਧ ਕੀਤਾ ਹੈ, ਇਸ ਛਬੀ ਦਾ ਯਸ਼ ਕਿਹੜਾ ਕਵੀ ਵਰਣਨ ਕਰ ਸਕਦਾ ਹੈ? ਭੀਸ਼ਮ, ਦ੍ਰੋਣਾਚਾਰੀਆ ਅਤੇ ਕ੍ਰਿਪਾਚਾਰੀਆ ਨੇ (ਵੀ ਅਜਿਹਾ ਯੁੱਧ) ਨਹੀਂ (ਕੀਤਾ) ਅਤੇ ਨ ਹੀ ਭੀਮ, ਅਰਜਨ ਅਤੇ ਕਰਨ (ਨੇ ਕੀਤਾ ਹੈ) (ਇਹ ਸਾਰੇ ਮਹਾਭਾਰਤ ਦੇ ਪ੍ਰਮੁਖ ਯੋਧੇ ਹਨ)। ਬਹੁਤ ਸਾਰੇ ਦੈਂਤਾਂ ਦੇ ਤਨ ਵਿਚੋਂ ਲਹੂ ਦੀਆਂ ਤੱਤੀਰੀਆਂ ਫੁਟ ਰਹੀਆਂ ਹਨ (ਕਿਉਂਕਿ ਉਨ੍ਹਾਂ ਨੂੰ) ਤੀਰਾਂ ਦੀਆਂ ਮੁਖੀਆਂ (ਫਲ) ਲਗੀਆਂ ਹੋਈਆਂ ਹਨ, (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਰਾਤ ਨੂੰ ਦੂਰ ਕਰਨ ਲਈ ਪ੍ਰਭਾਤ ਵੇਲੇ ਸੂਰਜ ਦੀਆਂ ਕਿਰਨਾਂ ਦਸਾਂ ਦਿਸ਼ਾਵਾਂ ਵਿਚ ਪਸਰ ਚਲੀਆਂ ਹੋਣ।੧੯੫।

ਚੰਡੀ ਚੱਕਰ ਲੈ ਕੇ ਰਣ-ਭੂਮੀ ਵਿਚ ਧਸ ਗਈ ਅਤੇ ਕ੍ਰੋਧਵਾਨ ਹੋ ਕੇ ਬਹੁਤ ਦੈਂਤ ਮਾਰ ਦਿੱਤੇ। ਫਿਰ ਗਦਾ ਫੜ ਕੇ, ਵੇਖ ਕੇ, ਚਾਹ ਕੇ ਵੈਰੀ ਦੀ ਸੈਨਾ ਨੂੰ ਲਲਕਾਰ ਕੇ ਮਾਰਿਆ। (ਹੱਥ ਵਿਚ) ਡਾਢੀ ਲਿਸ਼ਕਵੀਂ ('ਅਦਗ') ਵੱਡੀ ਖੜਗ ਲੈ ਕੇ ਦੈਂਤਾਂ ਦੇ ਸਿਰਾਂ ਉਤੇ ਮਾਰੀ ਅਤੇ (ਉਨ੍ਹਾਂ ਨੂੰ) ਧਰਤੀ ਉਤੇ (ਖਿੰਡਾ ਦਿੱਤਾ)। (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਸ੍ਰੀ ਰਾਮ ਚੰਦਰ ਦੇ ਯੁੱਧ ਵੇਲੇ ਹਨੂਮਾਨ ਨੇ ਵਡੇ ਵਡੇ ਪਰਬਤ ਲਿਆ ਕੇ ਸੁਟੇ ਹੋਣ।੧੯੬।

ਇਕ ਬਹੁਤ ਬਲਵਾਨ ਦੈਂਤ ਹੱਥ ਵਿਚ ਕ੍ਰਿਪਾਨ ਲੈ ਕੇ ਲਲਕਾਰਾ ਮਾਰਦਾ ਹੋਇਆ ਅਗੇ ਵਧਿਆ। (ਅਗੋਂ) ਚੰਡੀ ਨੇ ਮਿਆਨ ਵਿਚੋਂ ਖੜਗ ਕਢ ਕੇ ਪੂਰੇ ਜ਼ੋਰ ਨਾਲ ਉਸ ਦੇ ਸ਼ਰੀਰ ਉਤੇ ਵਾਰ ਕੀਤਾ। ਉਸ ਦਾ ਸਿਰ ਟੁੱਟ ਕੇ ਧਰਤੀ ਉਤੇ ਡਿਗ ਪਿਆ। ਇਸ ਛਬੀ ਦਾ ਯਸ਼ ਕਵੀ ਦੇ ਮਨ ਵਿਚ ਇੰਜ ਆਇਆ ਮਾਨੋ ਉੱਚੇ ਪਰਬਤ ਉਤੋਂ ਭਿਆਨਕ ਸੱਪ ਦਾ ਖਾਧਾ ਹੋਇਆ ਕਾਂ (ਧਰਤੀ ਉਤੇ) ਡਿਗ ਪਿਆ ਹੋਵੇ।੧੯੭।

ਬੀਰ ਨਿਸੁੰਭ ਕੋ ਦੈਤ ਬਲੀ ਇਕ ਪ੍ਰੇਰਿ ਤੁਰੰਗ ਗਇਓ ਰਨਿ ਸਾਮੁਹਿ।
ਦੇਖਤ ਧੀਰਜ ਨਾਹਿ ਰਹੈ ਅਬਿ ਕੋ ਸਮਰਥ ਹੈ ਬਿਕ੍ਰਮ ਜਾ ਮਹਿ।
ਚੰਡਿ ਲੈ ਪਾਨਿ ਕ੍ਰਿਪਾਨ ਹਨੇ ਅਰਿ ਫੇਰਿ ਦਈ ਸਿਰ ਦਾਨਵ ਤਾ ਮਹਿ।
ਮੁੰਡਹਿ ਤੁੰਡਹਿ ਰੁੰਡਹਿ ਚੀਰਿ ਪਲਾਨ ਕਿਕਾਨ ਧਸੀ ਬਸੁਧਾ ਮਹਿ। ੧੯੮।

ਇਉ ਜਬ ਦੈਤ ਹਤਿਓ ਬਰ ਚੰਡਿ ਸੁ ਅਉਰ ਚਲਿਓ ਰਨ ਮਧਿ ਪਚਾਰੇ।
ਕੇਹਰਿ ਕੇ ਸਮੁਹਾਇ ਰਿਸਾਇ ਕੈ ਧਾਇ ਕੈ ਘਾਇ ਦੁ ਤੀਨਕ ਝਾਰੇ।
ਚੰਡਿ ਲਈ ਕਰਵਾਰ ਸੰਭਾਰ ਹਕਾਰ ਕੈ ਸੀਸ ਦਈ ਬਲੁ ਧਾਰੇ।
ਜਾਇ ਪਰਿਓ ਸਿਰ ਦੂਰ ਪਰਾਇ ਜਿਉ ਟੂਟਤ ਅੰਬੁ ਬਯਾਰ ਕੇ ਮਾਰੇ। ੧੯੯।

ਜਾਨਿ ਨਿਦਾਨ ਕੋ ਜੁਧੁ ਬਨਿਓ ਰਨਿ ਦੈਤ ਸਬੂਹ ਸਬੈ ਉਠਿ ਧਾਏ।
ਸਾਰ ਸੋ ਸਾਰ ਕੀ ਮਾਰ ਮਚੀ ਤਬ ਕਾਇਰ ਛਾਡ ਕੈ ਖੇਤ ਪਰਾਏ।
ਚੰਡਿ ਕੇ ਖਗ ਗਦਾ ਲਗਿ ਦਾਨਵ ਰੰਚਕ ਰੰਚਕ ਹੁਇ ਤਨ ਆਏ।
ਮੁੰਗਰ ਲਾਇ ਹਲਾਇ ਮਨੋ ਤਰੁ ਕਾਛੀ ਨੇ ਪੇਡ ਤੇ ਤੂਤ ਗਿਰਾਏ। ੨੦੦।

ਪੇਖਿ ਚਮੂੰ ਬਹੁ ਦੈਤਨ ਕੀ ਪੁਨਿ ਚੰਡਿਕਾ ਆਪਨੇ ਸਸਤ੍ਰ ਸੰਭਾਰੇ।
ਬੀਰਨ ਕੇ ਤਨ ਚੀਰਿ ਪਚੀਰ ਸੇ ਦੈਤ ਹਕਾਰ ਪਛਾਰਿ ਸੰਘਾਰੇ।
ਘਾਉ ਲਗੇ ਤਿਨ ਕੋ ਰਨ ਭੂਮਿ ਮੈ ਟੂਟ ਪਰੇ ਧਰ ਤੇ ਸਿਰ ਨਿਆਰੇ।
ਜੁਧ ਸਮੈ ਸੁਤ ਭਾਨ ਮਨੋ ਸਸਿ ਕੇ ਸਭ ਟੂਕ ਜੁਦੇ ਕਰ ਡਾਰੇ। ੨੦੧।

ਚੰਡਿ ਪ੍ਰਚੰਡ ਤਬੈ ਬਲ ਧਾਰਿ ਸੰਭਾਰਿ ਲਈ ਕਰਵਾਰ ਕਰੀ ਕਰਿ।
ਕੋਪ ਦਈਅ ਨਿਸੁੰਭ ਕੇ ਸੀਸਿ ਬਹੀ ਇਹ ਭਾਤ ਰਹੀ ਤਰਵਾ ਤਰਿ।
ਕਉਨ ਸਰਾਹਿ ਕਰੈ ਕਹਿ ਤਾ ਛਿਨ ਸੋ ਬਿਬ ਹੋਇ ਪਰੈ ਧਰਨੀ ਪਰ।
ਮਾਨਹੁ ਸਾਰ ਕੀ ਤਾਰ ਲੈ ਹਾਥਿ ਚਲਾਈ ਹੈ ਸਾਬੁਨ ਕੋ ਸਬੁਨੀਗਰ। ੨੦੨।

ਇਤਿ ਸ੍ਰੀ ਮਾਰਕੰਡੇ ਪੁਰਾਨੇ ਚੰਡੀ ਚਰਿਤ੍ਰ ਉਕਤਿ ਬਿਲਾਸ
ਨਿਸੁੰਭ ਬਧਹਿ ਖਸਟਮੋ ਧਿਆਇ ਸਮਾਪਤਮ। ੬।

ਦੋਹਰਾ

ਜਬ ਨਿਸੁੰਭ ਰਨਿ ਮਾਰਿਓ ਦੇਵੀ ਇਹ ਪਰਕਾਰ।
ਭਾਜਿ ਦੈਤ ਇਕ ਸੁੰਭ ਪੈ ਗਇਓ ਤੁਰੰਗਮ ਡਾਰਿ। ੨੦੩।
ਆਨਿ ਸੁੰਭ ਪੈ ਤਿਨ ਕਹੀ ਸਕਲ ਜੁਧ ਕੀ ਬਾਤ।
ਤਬ ਭਾਜੇ ਦਾਨਵ ਸਭੈ ਮਾਰਿ ਲਇਓ ਤੁਅ ਭ੍ਰਾਤ। ੨੦੪।

ਵੀਰ (ਨਾਇਕ) ਨਿਸ਼ੁੰਭ ਦਾ ਇਕ ਬਲਵਾਨ ਦੈਂਤ, ਘੋੜਾ ਭਜਾ ਕੇ ਰਣਭੂਮੀ ਵਿਚ (ਦੇਵੀ ਦੇ) ਸਾਹਮਣੇ ਆ ਗਿਆ। (ਜਿਸ ਨੂੰ) ਵੇਖਦਿਆਂ ਧੀਰਜ ਨਹੀਂ ਰਹਿੰਦਾ, ਹੁਣ ਕਿਹੜਾ ਸਮਰਥ ਹੈ ਜਾਂ ਕਿਸ ਵਿਚ ਤਾਕਤ ਹੈ (ਜੋ ਉਸ ਦੈਂਤ ਨਾਲ ਯੁੱਧ ਕਰੇ)। ਚੰਡੀ ਨੇ ਹੱਥ ਵਿਚ ਕ੍ਰਿਪਾਨ ਲੈ ਕੇ (ਬਹੁਤ ਸਾਰੇ) ਵੈਰੀ ਮਾਰ ਦਿੱਤੇ ਅਤੇ ਫਿਰ (ਉਹ ਕ੍ਰਿਪਾਨ) ਉਸ ਦੈਂਤ ਦੇ ਸਿਰ (ਵਲ) ਚਲਾ ਦਿੱਤੀ। (ਉਹ ਕ੍ਰਿਪਾਨ ਦੈਂਤ ਦੇ) ਸਿਰ ਨੂੰ, ਮੂੰਹ ਨੂੰ, ਧੜ ਨੂੰ, (ਘੋੜੇ ਦੇ) ਪਲਾਣੇ ਨੂੰ, ਘੋੜੇ (ਕਿਕਾਨ) ਨੂੰ ਚੀਰ ਕੇ ਧਰਤੀ ਵਿਚ ਜਾ ਕੇ ਧਸ ਗਈ ਹੈ।੧੯੮।

ਇਸ ਤਰ੍ਹਾਂ ਜਦੋਂ ਬਲਵਾਨ ਚੰਡੀ ਨੇ ਦੈਂਤ ਨੂੰ ਮਾਰ ਦਿੱਤਾ, (ਤਾਂ ਇਕ) ਹੋਰ (ਦੈਂਤ) ਲਲਕਾਰਦਾ ਹੋਇਆ ਰਣ ਵਲ ਚਲਿਆ। ਸ਼ੇਰ ਦੇ ਸਾਹਮਣੇ ਜਾ ਕੇ ਕ੍ਰੋਧਿਤ ਹੋ ਕੇ, ਭਜ ਕੇ ਦੋ ਤਿੰਨ ਜ਼ਖ਼ਮ ਲਗਾ ਦਿੱਤੇ। ਚੰਡੀ ਨੇ ਤਲਵਾਰ ਸੰਭਾਲ ਲਈ ਅਤੇ ਪੂਰੇ ਜ਼ੋਰ ਨਾਲ ਲਲਕਾਰ ਕੇ (ਉਸ ਦੇ) ਸਿਰ ਵਲ ਚਲਾ ਦਿੱਤੀ। (ਉਸ ਦਾ) ਸਿਰ (ਕਟ ਕੇ) ਦੂਰ ਜਾ ਪਿਆ, ਜਿਵੇਂ ਹਵਾ ਦੇ ਝੋਕੇ ਨਾਲ ਅੰਬ ਟੁਟ ਕੇ (ਜਾ ਪੈਂਦਾ ਹੈ)।੧੯੯।

ਅੰਤ ਦਾ ਯੁੱਧ ਮਚਿਆ ਜਾਣ ਕੇ ਦੈਂਤਾਂ ਦੇ ਸਾਰੇ ਦਲ ਉਠ ਕੇ ਰਣ ਵਲ ਭਜ ਪਏ ਹਨ। ਲੋਹੇ ਨਾਲ ਲੋਹਾ ਵਜਦਾ ਹੈ, ਉਦੋਂ ਕਾਇਰ ਲੋਕ ਯੁੱਧ-ਭੂਮੀ ਛਡ ਕੇ ਭਜ ਜਾਂਦੇ ਹਨ। ਚੰਡੀ ਦੀ ਖੜਗ ਅਤੇ ਗਦਾ ਵਜਣ ਨਾਲ ਦੈਂਤਾਂ ਦੇ ਸ਼ਰੀਰ ਪੁਰਜ਼ਾ ਪੁਰਜ਼ਾ ਹੋ ਗਏ ਹਨ। (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਸੋਟਾ ਮਾਰ ਕੇ ਅਤੇ ਬ੍ਰਿਛ ਨੂੰ ਝੂਣ ਕੇ ਮਾਲੀ ਨੇ ਬ੍ਰਿਛ ਤੋਂ ਤੂਤ ਡਿਗਾਏ ਹੋਣ।੨੦੦।

ਦੈਂਤਾਂ ਦੀ ਬਹੁਤੀ ਸੈਨਾ ਵੇਖ ਕੇ ਚੰਡੀ ਨੇ ਫਿਰ ਆਪਣੇ ਸ਼ਸਤ੍ਰ ਸੰਭਾਲੇ ਹਨ। ਸੂਰਮਿਆਂ ਦੇ ਸ਼ਰੀਰ ਚੰਦਨ ਦੀਆਂ ਗੇਲੀਆਂ ਵਾਂਗ ਚੀਰ (ਦਿੱਤੇ ਹਨ) ਅਤੇ ਦੈਂਤਾਂ ਨੂੰ ਵੰਗਾਰ ਕੇ ਪਟਕਾ ਮਾਰਿਆ ਹੈ। ਉਨ੍ਹਾਂ ਨੂੰ ਰਣ-ਭੂਮੀ ਵਿਚ ਘਾਓ ਲਗੇ ਹਨ (ਅਤੇ ਉਨ੍ਹਾਂ ਦੇ) ਸਿਰ ਧੜ ਨਾਲੋਂ ਅਲਗ ਹੋ ਕੇ ਡਿਗੇ ਪਏ ਹਨ। (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਯੁੱਧ ਦੇ ਸਮੇਂ (ਸੂਰਜ ਦੇ ਪੁੱਤਰ) ਛਨਿਛਰ ਨੇ ਚੰਦ੍ਰਮਾ ਦੇ ਸਾਰੇ ਟੁਕੜੇ ਵਖਰੇ ਵਖਰੇ ਕਰ ਕੇ ਸੁਟ ਦਿੱਤੇ ਹੋਣ।੨੦੧।

ਉਸ ਵੇਲੇ ਪ੍ਰਚੰਡ ਚੰਡੀ ਨੇ ਪੂਰੀ ਸ਼ਕਤੀ ਨਾਲ ਦ੍ਰਿੜ੍ਹਤਾ (ਕਰੀ) ਪੂਰਵਕ ਤਲਵਾਰ ਸੰਭਾਲ ਲਈ ਅਤੇ ਕ੍ਰੋਧ ਕਰ ਕੇ ਨਿਸ਼ੁੰਭ ਦੇ ਸਿਰ (ਉਤੇ ਚਲਾ ਦਿੱਤੀ), ਜੋ ਪੈਰਾਂ ਦੇ ਤਲਵਿਆਂ ਤਕ ਜਾ ਪਹੁੰਚੀ। ਕੌਣ ਕਹਿ ਕੇ ਸ਼ਲਾਘਾ ਕਰ ਸਕਦਾ ਹੈ ਉਸ ਛਿਣ (ਦੇ ਵਾਰ) ਦੀ (ਕਿ ਉਹ ਦੈਂਤ) ਦੋ ਫਾੜ ਹੋ ਕੇ ਧਰਤੀ ਉਤੇ ਡਿਗ ਪਿਆ। (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਸਾਬਣ ਬਣਾਉਣ ਵਾਲੇ ਨੇ ਹੱਥ ਵਿਚ ਲੋਹੇ ਦੀ ਤਾਰ ਲੈ ਕੇ ਸਾਬਨ ਉਤੇ ਚਲਾਈ ਹੈ (ਅਤੇ ਉਸ ਦੇ ਦੋ ਟੁਕੜੇ ਹੋ ਗਏ ਹਨ)।੨੦੨।

ਇਥੇ ਸ੍ਰੀ ਮਾਰਕੰਡੇ ਪੁਰਾਣ ਦੇ ਚੰਡੀ-ਚਰਿਤ੍ਰ ਉਕਤਿ ਬਿਲਾਸ ਪ੍ਰਸੰਗ ਦੇ 'ਨਿਸ਼ੁੰਭ-ਬਧ' ਨਾਮਕ ਛੇਵੇਂ ਅਧਿਆਇ ਦੀ ਸਮਾਪਤੀ ਹੁੰਦੀ ਹੈ।੬।

ਦੋਹਰਾ

ਜਦੋਂ ਇਸ ਤਰ੍ਹਾਂ ਦੇਵੀ ਨੇ ਨਿਸ਼ੁੰਭ (ਦੈਂਤ) ਨੂੰ ਮਾਰ ਦਿੱਤਾ, ਤਦੋਂ ਇਕ ਦੈਂਤ ਘੋੜੇ ਉਤੇ ਸਵਾਰ ਹੋ ਕੇ ਸ਼ੁੰਭ ਕੋਲ ਭਜ ਕੇ ਗਿਆ।੨੦੩। ਉਸ ਨੇ ਆ ਕੇ ਸ਼ੁੰਭ ਕੋਲ ਯੁੱਧ ਦੀ ਸਾਰੀ ਵਾਰਤਾ ਕਹੀ (ਕਿ ਜਦੋਂ) ਤੇਰੇ ਭਰਾ (ਨਿਸ਼ੁੰਭ) ਨੂੰ (ਦੇਵੀ ਨੇ) ਮਾਰ ਲਿਆ, ਤਦੋਂ ਸਾਰੇ ਦੈਂਤ (ਰਣ-ਭੂਮੀ) ਵਿਚੋਂ ਭਜ ਆਏ।੨੦੪।

ਸ੍ਵੈਯਾ

ਸੁੰਭ ਨਿਸੁੰਭ ਹਨਿਓ ਸੁਨਿ ਕੈ ਬਰ ਬੀਰਨ ਕੇ ਚਿਤਿ ਛੋਭ ਸਮਾਇਓ।
ਸਾਜਿ ਚੜਿਓ ਗਜ ਬਾਜ ਸਮਾਜ ਕੈ ਦਾਨਵ ਪੁੰਜ ਲੀਏ ਰਨ ਆਇਓ।
ਭੂਮਿ ਭਇਆਨਕ ਲੋਥ ਪਰੀ ਲਖਿ ਸ੍ਰਉਨ ਸਮੂਹ ਮਹਾ ਬਿਸਮਾਇਓ।
ਮਾਨਹੁ ਸਾਰਸੁਤੀ ਉਮਡੀ ਜਲੁ ਸਾਗਰ ਕੇ ਮਿਲਿਬੇ ਕਹੁ ਧਾਇਓ। ੨੦੫।

ਚੰਡ ਪ੍ਰਚੰਡਿ ਸੁ ਕੇਹਰਿ ਕਾਲਿਕਾ ਅਉ ਸਕਤੀ ਮਿਲਿ ਜੁਧ ਕਰਿਓ ਹੈ।
ਦਾਨਵ ਸੈਨ ਹਤੀ ਇਨਹੂੰ ਸਭ ਇਉ ਕਹਿ ਕੈ ਮਨਿ ਕੋਪ ਭਰਿਓ ਹੈ।
ਬੰਧੁ ਕਬੰਧ ਪਰਿਓ ਅਵਲੋਕ ਕੈ ਸੋਕ ਕੈ ਪਾਇ ਨ ਆਗੈ ਧਰਿਓ ਹੈ।
ਧਾਇ ਸਕਿਓ ਨ ਭਇਓ ਭਇ ਭੀਤਹ ਚੀਤਹ ਮਾਨਹੁ ਲੰਗੁ ਪਰਿਓ ਹੈ। ੨੦੬।

ਫੇਰਿ ਕਹਿਓ ਦਲ ਕੋ ਜਬ ਸੁੰਭ ਸੁ ਮਾਨਿ ਚਲੇ ਤਬ ਦੈਤ ਘਨੇ।
ਗਜਰਾਜ ਸੁ ਬਾਜਨ ਕੇ ਅਸਵਾਰ ਰਥੀ ਰਥੁ ਪਾਇਕ ਕਉਨ ਗਨੈ।
ਤਹਾ ਘੇਰ ਲਈ ਚਹੂੰ ਓਰ ਤੇ ਚੰਡਿ ਮਹਾ ਤਨ ਕੇ ਤਨ ਦੀਹ ਬਨੈ।
ਮਨੋ ਭਾਨੁ ਕੋ ਛਾਇ ਲਇਓ ਉਮਡੈ ਘਨ ਘੋਰ ਘਮੰਡ ਘਟਾਨਿ ਸਨੈ। ੨੦੭।

ਦੋਹਰਾ

ਚਹੂੰ ਓਰਿ ਘੇਰੋ ਪਰਿਓ ਤਬੈ ਚੰਡ ਇਹ ਕੀਨ।
ਕਾਲੀ ਸੋ ਹਸਿ ਤਿਨ ਕਹੀ ਨੈਨ ਸੈਨ ਕਰਿ ਦੀਨ। ੨੦੮।

ਕਬਿਤੁ

ਕੇਤੇ ਮਾਰਿ ਡਾਰੇ ਅਉ ਕੇਤਕ ਚਬਾਇ ਡਾਰੇ ਕੇਤਕ ਬਗਾਇ ਡਾਰੇ ਕਾਲੀ ਕੋਪ ਤਬ ਹੀ।
ਬਾਜ ਗਜ ਭਾਰੇ ਤੇ ਤੋ ਨਖਨ ਸੋ ਫਾਰਿ ਡਾਰੇ ਐਸੇ ਰਨ ਭੈ ਕਰ ਨ ਭਇਓ ਆਗੈ ਕਬ ਹੀ।
ਭਾਗੇ ਬਹੁ ਬੀਰ ਕਾਹੂੰ ਸੁਧ ਨ ਰਹੀ ਸਰੀਰ ਹਾਲ ਚਾਲ ਪਰੀ ਮਰੇ ਆਪਸ ਮੈ ਦਬ ਹੀ।
ਪੇਖਿ ਸੁਰ ਰਾਇ ਮਨਿ ਹਰਖ ਬਢਾਇ ਸੁਰ ਪੁਜੰਨ ਬੁਲਾਇ ਕਰੈ ਜੈਜੈਕਾਰ ਸਬ ਹੀ। ੨੦੯।

ਕ੍ਰੁਧਮਾਨ ਭਇਓ ਕਹਿਓ ਰਾਜਾ ਸਭ ਦੈਤਨ ਕੋ ਐਸੋ ਜੁਧੁ ਕੀਨੋ ਕਾਲੀ ਡਾਰਿਯੋ ਬੀਰ ਮਾਰ ਕੈ।
ਬਲ ਕੋ ਸੰਭਾਰਿ ਕਰਿ ਲੀਨੀ ਕਰਵਾਰ ਢਾਰ ਪੈਠੋ ਰਨ ਮਧਿ ਮਾਰੁ ਮਾਰੁ ਇਉ ਉਚਾਰ ਕੈ।
ਸਾਥ ਭਏ ਸੁੰਭ ਕੇ ਸੁ ਮਹਾ ਬੀਰ ਧੀਰ ਜੋਧੇ ਲੀਨੇ ਹਥਿਆਰ ਆਪ ਆਪਨੇ ਸੰਭਾਰ ਕੈ।
ਐਸੇ ਚਲੇ ਦਾਨੋ ਰਵਿ ਮੰਡਲ ਛਪਾਨੋ ਮਾਨੋ ਸਲਭ ਉਡਾਨੋ ਪੁੰਜ ਪੰਖਨ ਸੁ ਧਾਰ ਕੈ। ੨੧੦।

ਸ੍ਵੈਯਾ

ਸ਼ੁੰਭ ਨੇ ਨਿਸ਼ੁੰਭ ਦਾ ਮਾਰਿਆ ਜਾਣਾ ਸੁਣਿਆ (ਤਾਂ ਉਸ) ਬਲਵਾਨ ਦੇ ਚਿਤ ਵਿਚ ਕ੍ਰੋਧ ਭਰ ਗਿਆ। (ਉਹ) ਹਾਥੀਆਂ ਅਤੇ ਘੋੜਿਆਂ ਦੇ ਸਮੂਹ ਨੂੰ ਸਜਾ ਕੇ ਚੜ੍ਹ ਚਲਿਆ ਅਤੇ ਦੈਂਤਾਂ ਦੇ ਦਲ ਨਾਲ ਲੈ ਕੇ ਰਣ-ਭੂਮੀ ਵਿਚ ਆ ਡਟਿਆ। (ਉਸ) ਭਿਆਨਕ ਯੁੱਧ-ਭੂਮੀ ਵਿਚ ਪਈਆਂ ਲੋਥਾਂ ਅਤੇ ਲਹੂ ਦੇ ਛਪੜ (ਸਮੂਹ) ਨੂੰ ਵੇਖ ਕੇ (ਰਾਜਾ ਸ਼ੁੰਭ ਆਪਣੇ ਮਨ ਵਿਚ) ਬਹੁਤ ਹੈਰਾਨ ਹੋਇਆ। (ਇੰਜ ਪ੍ਰਤੀਤ ਹੁੰਦਾ ਹੈ) ਮਾਨੋ (ਲਹੂ ਨਾਲ ਭਰੀ) ਸਰਸਵਤੀ ਨਦੀ ਉਮਡ ਕੇ ਸਾਗਰ ਦੇ ਜਲ ਵਿਚ ਮਿਲਣ ਜਾ ਰਹੀ ਹੋਵੇ।੨੦੫।

ਪ੍ਰਚੰਡ ਚੰਡੀ, ਸ਼ੇਰ, ਕਾਲੀ ਅਤੇ ਦੇਵ-ਸ਼ਕਤੀਆਂ ਨੇ ਮਿਲ ਕੇ ਯੁੱਧ ਕੀਤਾ ਹੈ। 'ਇਨ੍ਹਾਂ ਨੇ ਦੈਂਤਾਂ ਦੀ ਸਾਰੀ ਸੈਨਾ ਮਾਰ ਦਿੱਤੀ ਹੈ' -- ਇਹ ਕਹਿ ਕੇ (ਸ਼ੁੰਭ ਦਾ) ਮਨ ਕ੍ਰੋਧ ਨਾਲ ਭਰ ਗਿਆ। ਭਰਾ (ਨਿਸ਼ੁੰਭ) ਦਾ ਪਿਆ ਹੋਇਆ ਧੜ ਵੇਖ ਕੇ ਦੁਖ ਨਾਲ (ਉਸ ਨੇ) ਅਗੇ ਪੈਰ ਨਹੀਂ ਧਰਿਆ। (ਉਹ ਇਤਨਾ) ਭੈ ਭੀਤ ਹੋ ਗਿਆ ਕਿ (ਅਗੇ) ਚਲ ਨ ਸਕਿਆ, (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਚਿਤਰੇ ਨੂੰ ਲੰਗ ਪੈ ਗਿਆ ਹੋਵੇ।੨੦੬।

ਜਦੋਂ ਫਿਰ ਸ਼ੁੰਭ ਨੇ ਫ਼ੌਜ ਨੂੰ ਹੁਕਮ ਦਿੱਤਾ ਤਦੋਂ ਬਹੁਤ ਸਾਰੇ ਦੈਂਤ ਮੰਨ ਕੇ (ਯੁੱਧ ਨੂੰ) ਚਲ ਪਏ। ਵਡੇ ਵਡੇ ਹਾਥੀਆਂ ਅਤੇ ਘੋੜਿਆਂ ਦੇ ਸਵਾਰ, ਰਥਾਂ ਵਾਲੇ, ਰਥ ਅਤੇ ਪੈਦਲ ਸੈਨਾ (ਦੀ ਕੌਣ) ਗਿਣਤੀ ਕਰ ਸਕਦਾ ਹੈ। ਵੱਡੇ ਸ਼ਰੀਰਾਂ ਵਾਲੇ ਦੈਂਤਾਂ ਨੇ ਉਥੇ ਚੌਹਾਂ ਪਾਸਿਆਂ ਤੋਂ ਮਹਾਨ ਚੰਡੀ ਨੂੰ ਘੇਰ ਲਿਆ ਹੈ (ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਉਮਡੇ ਹੋਏ ਘਣੇ ਬਦਲਾਂ ਦੀਆਂ ਗਜਦੀਆਂ ਹੋਈਆਂ ਘਟਾਵਾਂ ਨੇ ਸੂਰਜ ਨੂੰ ਢਕ ਲਿਆ ਹੋਵੇ।੨੦੭।

ਦੋਹਰਾ

ਜਦੋਂ ਚੌਹਾਂ ਪਾਸਿਆਂ ਤੋਂ ਘੇਰਾ ਪੈ ਗਿਆ ਤਦੋਂ ਚੰਡੀ ਨੇ ਇਹ ਕੰਮ ਕੀਤਾ ਕਿ ਹਸ ਕੇ ਕਾਲੀ ਨੂੰ ਕਿਹਾ ਅਤੇ ਅੱਖਾਂ ਨਾਲ ਸੰਕੇਤ ਕਰ ਦਿੱਤਾ।੨੦੮।

ਕਬਿੱਤ

(ਚੰਡੀ ਦੇ ਸੰਕੇਤ ਕਰਨ ਤੇ) ਕਾਲੀ ਨੇ ਕ੍ਰੋਧ ਕਰ ਕੇ ਕਿਤਨੇ ਹੀ ਮਾਰ ਦਿੱਤੇ, ਕਿਤਨੇ ਹੀ ਚਬ ਸੁਟੇ ਅਤੇ ਕਿਤਨੇ ਹੀ (ਚੁਕ ਕੇ) ਪਰੇ ਸੁਟ ਦਿੱਤੇ। ਵਡੇ ਵਡੇ ਹਾਥੀ ਅਤੇ ਘੋੜੇ ਤਾਂ ਨਹੁੰਆਂ ਨਾਲ ਚੀਰ ਸੁਟੇ। ਅਜਿਹਾ ਭਿਆਨਕ ਯੁੱਧ ਅਗੇ ਕਦੇ ਵੀ ਨਹੀਂ ਹੋਇਆ ਸੀ। ਬਹੁਤ ਸੂਰਮੇ ਭਜ ਚਲੇ, ਕਿਸੇ ਨੂੰ ਸ਼ਰੀਰ ਦੀ ਵੀ ਸੁਧ ਨ ਰਹੀ। (ਅਜਿਹੀ) ਹਲ-ਚਲ ਮਚੀ ਕਿ (ਅਨੇਕ ਸੂਰਮੇ) ਆਪਸ ਵਿਚ ਹੀ (ਇਕ ਦੂਜੇ ਦੇ ਹੇਠਾਂ ਆ ਕੇ) ਦਬ ਕੇ ਮਰ ਗਏ। ਦੇਵਤਿਆਂ ਦਾ ਰਾਜਾ ਇੰਦਰ (ਦੈਂਤਾਂ ਨੂੰ ਮਰਦਾ) ਵੇਖ ਕੇ ਮਨ ਵਿਚ ਪ੍ਰਸੰਨ ਹੋਇਆ ਅਤੇ ਦੇਵਤਿਆਂ ਦੇ ਸਾਰੇ ਟੋਲਿਆਂ ਨੂੰ ਬੁਲਾ ਬੁਲਾ ਕੇ ਜੈ ਜੈ ਕਾਰ ਕਰਨ ਲਗਾ।੨੦੯।

ਸਾਰਿਆਂ ਦੈਂਤਾਂ ਨੂੰ ਕ੍ਰੋਧਵਾਨ ਹੋ ਕੇ ਰਾਜਾ ਸ਼ੁੰਭ ਨੇ ਕਿਹਾ ਕਿ ਕਾਲੀ ਨੇ ਅਜਿਹਾ ਯੁੱਧ ਕੀਤਾ ਹੈ ਅਤੇ ਸੂਰਮਿਆਂ ਨੂੰ ਮਾਰ ਸੁਟਿਆ ਹੈ। (ਸ਼ੁੰਭ ਨੇ ਆਪਣੇ) ਬਲ ਨੂੰ ਸੰਭਾਲ ਕੇ ਹੱਥ ਵਿਚ ਤਲਵਾਰ ਅਤੇ ਢਾਲ ਪਕੜ ਲਈ ਅਤੇ ਮਾਰੋ ਮਾਰੋ ਬੋਲਦਾ ਯੁੱਧ-ਭੂਮੀ ਵਿਚ ਵੜ ਗਿਆ। ਮਹਾਨ ਬਲਵਾਨ ਅਤੇ ਧੀਰਜਵਾਨ ਯੋਧੇ ਆਪਣੇ ਆਪਣੇ ਸ਼ਸਤ੍ਰ ਸੰਭਾਲ ਕੇ ਸ਼ੁੰਭ ਦੇ ਨਾਲ ਤੁਰ ਪਏ। ਦੈਂਤ ਇਸ ਤਰ੍ਹਾਂ ਚਲ ਪਏ ਮਾਨੋ ਸੂਰਜ-ਮੰਡਲ ਨੂੰ ਲੁਕੋਣ ਲਈ ਟਿਡੀ ਦਲ ਖੰਭ ਧਾਰਨ ਕਰ ਕੇ ਉਡਿਆ ਜਾ ਰਿਹਾ ਹੋਵੇ।੨੧੦।

ਸ੍ਵੈਯਾ

ਦਾਨਵ ਸੈਨ ਲਖੈ ਬਲਵਾਨ ਸੁ ਬਾਹਨਿ ਚੰਡਿ ਪ੍ਰਚੰਡ ਭ੍ਰਮਾਨੋ।
ਚਕ੍ਰ ਅਲਾਤ ਕੀ ਬਾਤ ਬਘੂਰਨ ਛਤ੍ਰ ਨਹੀ ਸਮ ਅਉ ਖਰਸਾਨੋ।
ਤਾਰਿਨ ਮਾਹਿ ਸੁ ਐਸੋ ਫਿਰਿਓ ਜਨ ਭਉਰ ਨਹੀ ਸਰਤਾਹਿ ਬਖਾਨੋ।
ਅਉਰ ਨਹੀ ਉਪਮਾ ਉਪਜੈ ਸੁ ਦੁਹੂੰ ਰੁਖ ਕੇਹਰਿ ਕੇ ਮੁਖ ਮਾਨੋ। ੨੧੧।

ਜੁਧੁ ਮਹਾ ਅਸੁਰੰਗਨਿ ਸਾਥਿ ਭਇਓ ਤਬ ਚੰਡਿ ਪ੍ਰਚੰਡਹਿ ਭਾਰੀ।
ਸੈਨ ਅਪਾਰ ਹਕਾਰਿ ਸੁਧਾਰਿ ਬਿਦਾਰਿ ਸੰਘਾਰਿ ਦਈ ਰਨਿ ਕਾਰੀ।
ਖੇਤ ਭਇਓ ਤਹਾ ਚਾਰ ਸਉ ਕੋਸ ਲਉ ਸੋ ਉਪਮਾ ਕਵਿ ਦੇਖਿ ਬਿਚਾਰੀ।
ਪੂਰਨ ਏਕ ਘਰੀ ਨ ਪਰੀ ਜਿ ਗਿਰੇ ਧਰਿ ਪੈ ਥਰ ਜਿਉ ਪਤਝਾਰੀ। ੨੧੨।

ਮਾਰਿ ਚਮੂੰ ਚਤੁਰੰਗ ਲਈ ਤਬ ਲੀਨੋ ਹੈ ਸੁੰਭ ਚਮੁੰਡ ਕੋ ਆਗਾ।
ਚਾਲ ਪਰਿਓ ਅਵਨੀ ਸਿਗਰੀ ਹਰ ਜੂ ਹਰਿ ਆਸਨ ਤੇ ਉਠਿ ਭਾਗਾ।
ਸੂਖ ਗਇਓ ਤ੍ਰਸ ਕੈ ਹਰਿ ਹਾਰਿ ਸੁ ਸੰਕਤਿ ਅੰਕ ਮਹਾ ਭਇਓ ਜਾਗਾ।
ਲਾਗ ਰਹਿਓ ਲਪਟਾਇ ਗਰੇ ਮਧਿ ਮਾਨਹੁ ਮੁੰਡ ਕੀ ਮਾਲ ਕੋ ਤਾਗਾ। ੨੧੩।

ਚੰਡਿ ਕੇ ਸਾਮੁਹਿ ਆਇਕੈ ਸੁੰਭ ਕਹਿਓ ਮੁਖਿ ਸੋ ਇਹ ਮੈ ਸਭ ਜਾਨੀ।
ਕਾਲੀ ਸਮੇਤ ਸਭੈ ਸਕਤੀ ਮਿਲਿ ਦੀਨੋ ਖਪਾਇ ਸਭੈ ਦਲੁ ਬਾਨੀ।
ਚੰਡਿ ਕਹਿਓ ਮੁਖ ਤੇ ਉਨ ਕੋ ਤੇਊ ਤਾ ਛਿਨ ਗਉਰ ਕੇ ਮਧਿ ਸਮਾਨੀ।
ਜਿਉ ਸਰਤਾ ਕੇ ਪ੍ਰਵਾਹ ਕੇ ਬੀਚ ਮਿਲੇ ਬਰਖਾ ਬਹੁ ਬੂੰਦਨ ਪਾਨੀ। ੨੧੪।

ਕੈ ਬਲਿ ਚੰਡਿ ਮਹਾ ਰਨ ਮਧਿ ਸੁ ਲੈ ਜਮਦਾੜ ਕੀ ਤਾ ਪਰਿ ਲਾਈ।
ਬੈਠ ਗਈ ਅਰਿ ਕੇ ਉਰ ਮੈ ਤਿਹ ਸ੍ਰਉਨਤ ਜੁਗਨਿ ਪੂਰਿ ਅਘਾਈ।
ਦੀਰਘ ਜੁਧ ਬਿਲੋਕ ਕੈ ਬੁਧਿ ਕਵੀਸੁਰ ਕੇ ਮਨ ਮੈ ਇਹ ਆਈ।
ਲੋਥ ਪੈ ਲੋਥ ਗਈ ਪਰ ਇਉ ਸੁ ਮਨੋ ਸੁਰ ਲੋਗ ਕੀ ਸੀਢੀ ਬਨਾਈ। ੨੧੫।

ਸੁੰਭ ਚਮੂੰ ਸੰਗ ਚੰਡਿਕਾ ਕ੍ਰੁਧ ਕੈ ਜੁਧ ਅਨੇਕਨਿ ਵਾਰਿ ਮਚਿਓ ਹੈ।
ਜੰਬੁਕ ਜੁਗਨਿ ਗ੍ਰਿਝ ਮਜੂਰ ਰਕਤੁ ਕੀ ਕੀਚ ਮੈ ਈਸ ਨਚਿਓ ਹੈ।
ਲੁਥ ਪੈ ਲੁਥ ਸੁ ਭੀਤੈ ਭਈ ਸਿਤ ਗੂਦ ਅਉ ਮੇਦ ਲੈ ਤਾਹਿ ਗਚਿਓ ਹੈ।
ਭਉਨ ਰੰਗੀਨ ਬਨਾਇ ਮਨੋ ਕਰਿਮਾਵਿਸੁ ਚਿਤ੍ਰ ਬਚਿਤ੍ਰ ਰਚਿਓ ਹੈ। ੨੧੬।

ਸ੍ਵੈਯਾ

ਦੈਂਤ (ਸ਼ੁੰਭ) ਦੀ ਬਲਵਾਨ ਸੈਨਾ ਨੂੰ ਵੇਖ ਕੇ ਪ੍ਰਚੰਡ ਚੰਡੀ ਨੇ (ਆਪਣੇ) ਵਾਹਨ (ਸ਼ੇਰ) ਨੂੰ (ਇਸ ਤਰ੍ਹਾਂ) ਘੁੰਮਾਇਆ ਕਿ ਉਸ ਦੇ ਸਮਾਨ ਆਤਸ਼ਬਾਜ਼ੀ ਦੀ ਚੱਕਰੀ, ਵਾ-ਵਰੋਲੇ ਦੀ ਹਵਾ, (ਰਾਜ ਸਿੰਘਾਸਨ ਦਾ) ਛੱਤਰ ਅਤੇ (ਸ਼ਸਤ੍ਰ) ਤੇਜ਼ ਕਰਨ ਵਾਲੀ ਸਾਣ ਵੀ (ਨਹੀਂ ਘੁੰਮ ਸਕਦੀ)। ਉਸ ਰਣ-ਭੂਮੀ ਵਿਚ ਉਹ (ਸ਼ੇਰ) ਇਸ ਤਰ੍ਹਾਂ ਫਿਰਿਆ ਹੈ ਕਿ ਨਦੀ ਦੇ ਭੰਵਰ ਨੂੰ ਵੀ ਉਸ ਦੇ ਸਮਾਨ ਨਹੀਂ ਕਿਹਾ ਜਾ ਸਕਦਾ। (ਇਸ ਸੰਬੰਧ ਵਿਚ) ਹੋਰ (ਤਾਂ ਕੋਈ) ਉਪਮਾ ਪੈਦਾ ਨਹੀਂ ਹੋਈ (ਪਰ ਇੰਜ ਪ੍ਰਤੀਤ ਹੁੰਦਾ ਹੈ) ਮਾਨੋ ਦੋਹਾਂ ਪਾਸੇ ਸ਼ੇਰ ਦਾ ਹੀ ਮੂੰਹ ਹੋਵੇ।੨੧੧।

ਤਦੋਂ ਦੈਂਤਾਂ ਦੇ ਵਡੇ ਸਮੂਹ ਨਾਲ ਪ੍ਰਚੰਡ ਚੰਡੀ ਦਾ ਭਾਰੀ ਯੁੱਧ ਹੋਇਆ। (ਦੈਂਤਾਂ ਦੀ) ਬੇਹਿਸਾਬੀ ਸੈਨਾ ਨੂੰ ਵੰਗਾਰ ਕੇ, ਖ਼ਬਰਦਾਰ ਅਤੇ ਸਾਵਧਾਨ ਕਰ ਕੇ ਕਾਲੀ ਨੇ ਰਣ ਵਿਚ ਨਸ਼ਟ ਕਰ ਦਿੱਤਾ। ਉਥੇ ਚਾਰ ਸੌ ਕੋਹਾਂ ਤਕ ਯੁੱਧ-ਭੂਮੀ ਬਣ ਗਈ ਸੀ, ਉਸ (ਦ੍ਰਿਸ਼) ਨੂੰ ਵੇਖ ਕੇ ਕਵੀ ਨੇ (ਇਹ) ਉਪਮਾ ਵਿਚਾਰੀ ਹੈ ਕਿ (ਅਜੇ) ਇਕ ਘੜੀ ਵੀ ਪੂਰੀ ਨਹੀਂ ਗੁਜ਼ਰੀ ਸੀ ਕਿ ਧਰਤੀ ਉਤੇ ਬਲਵਾਨ (ਦੈਂਤ) (ਇਸ ਤਰ੍ਹਾਂ) ਡਿਗੇ ਹਨ ਜਿਸ ਤਰ੍ਹਾਂ ਪਤਝੜ (ਵਿਚ ਪੱਤਰ ਡਿਗਦੇ ਹਨ)।੨੧੨।

(ਜਦੋਂ) ਚਤੁਰੰਗਣੀ ਸੈਨਾ ਮਾਰੀ ਗਈ ਤਦੋਂ ਸ਼ੁੰਭ ਚੰਡੀ ਦੇ ਅਗੇ ਆ ਡਟਿਆ। (ਉਸ ਵੇਲੇ) ਸਾਰੀ ਧਰਤੀ ਉਤੇ ਹਲਚਲ ਮਚ ਗਈ ਅਤੇ ਸ਼ਿਵ ਸ਼ੇਰ ਦੀ ਖਲ ਦੇ ਆਸਣ (ਹਰਿ ਆਸਨ) ਤੋਂ ਉਠ ਕੇ ਨਸ ਪਿਆ। ਡਰ ਨਾਲ ਸ਼ਿਵ ਦੇ ਗਲੇ ਦਾ ਹਾਰ (ਰੂਪੀ ਸੱਪ) ਸੁਕ ਗਿਆ ਅਤੇ ਦਿਲ ਵਿਚ ਬਹੁਤ ਡਰ ਪੈਦਾ ਹੋ ਜਾਣ ਕਾਰਨ ਸੁੰਗੜ ਗਿਆ। (ਉਹ ਸੱਪ) ਗਲੇ ਨਾਲ ਇਸ ਤਰ੍ਹਾਂ ਚੰਬੜ ਗਿਆ ਹੈ ਮਾਨੋ ਮੁੰਡਾਂ ਦੀ ਮਾਲਾ ਦਾ ਧਾਗਾ ਹੋਵੇ।੨੧੩।

ਚੰਡੀ ਦੇ ਸਾਹਮਣੇ ਆ ਕੇ ਸ਼ੁੰਭ (ਦੈਂਤ) ਨੇ ਮੁਖ ਤੋਂ (ਇਹ) ਕਿਹਾ ਕਿ ਸਾਰੀ ਗੱਲ ਮੈ ਜਾਣ ਲਈ ਹੈ। (ਹੇ ਚੰਡੀ! ਤੂੰ) ਕਾਲੀ ਸਮੇਤ ਸਾਰੀਆਂ ਸ਼ਕਤੀਆਂ ਨੂੰ ਨਾਲ ਮਿਲਾ ਕੇ ਸਾਰੇ ਦਲਾਂ ਦੇ ਬਾਨੀਆਂ (ਮੁਖੀਆਂ) ਨੂੰ ਨਸ਼ਟ ਕਰ ਦਿੱਤਾ ਹੈ। (ਇਹ ਸੁਣ ਕੇ) ਚੰਡੀ ਨੇ ਮੂੰਹ ਤੋਂ ਉਨ੍ਹਾਂ (ਸਾਰੀਆਂ ਸ਼ਕਤੀਆਂ) ਨੂੰ ਕਿਹਾ (ਕਿ ਮੇਰੇ ਵਿਚ ਸਮਾ ਜਾਉ) ਅਤੇ ਉਹ ਉਸੇ ਵੇਲੇ ਚੰਡੀ ਦੇ ਵਿਚ ਸਮਾ ਗਈਆਂ ਜਿਵੇਂ ਬਰਖਾ ਦੀਆਂ ਬਹੁਤ ਬੂੰਦਾਂ ਦਾ ਜਲ ਨਦੀ ਦੇ ਪ੍ਰਵਾਹ ਵਿਚ ਮਿਲ ਜਾਂਦਾ ਹੈ।੨੧੪।

ਮਹਾਨ ਚੰਡੀ ਨੇ ਯੁੱਧ-ਭੂਮੀ ਵਿਚ ਬਲ ਪੂਰਵਕ ਕਟਾਰ ('ਜਮਦਾੜ') ਲੈ ਕੇ ਉਸ ਉਤੇ ਚਲਾਈ। (ਉਹ ਕਟਾਰ) ਵੈਰੀ ਦੀ ਛਾਤੀ ਵਿਚ ਧਸ ਗਈ। ਉਸ ਦੇ ਲਹੂ ਨਾਲ ਜੋਗਣਾਂ ਪੂਰੀ ਤਰ੍ਹਾਂ ਰਜ ਗਈਆਂ। (ਉਸ) ਦੀਰਘ ਯੁੱਧ ਨੂੰ ਵੇਖ ਕੇ ਕਵੀਸ਼ਰ ਦੇ ਮਨ ਵਿਚ ਇਹ ਵਿਚਾਰ ('ਬੁਧਿ') ਆਇਆ ਕਿ ਲੋਥ ਉਤੇ ਲੋਥ ਇਸ ਤਰ੍ਹਾਂ ਪੈ ਗਈ ਮਾਨੋ ਸੁਅਰਗ (ਤਕ ਚੜ੍ਹ ਜਾਣ ਲਈ) ਪੌੜੀ ਬਣਾਈ ਗਈ ਹੋਵੇ।੨੧੫।

ਚੰਡੀ ਨੇ ਕ੍ਰੋਧਵਾਨ ਹੋ ਕੇ ਸ਼ੁੰਭ ਦੀ ਸੈਨਾ ਨਾਲ ਅਨੇਕਾਂ ਵਾਰ ਯੁੱਧ ਮਚਾਇਆ। (ਇਕ ਰੂਪਕ ਅਨੁਸਾਰ) ਗਿਦੜ, ਜੋਗਣਾਂ ਅਤੇ ਗਿਰਝਾਂ ਮਜ਼ਦੂਰ ਹਨ ਅਤੇ ਲਹੂ ਦੇ ਚਿਕੜ (ਰੂਪੀ ਗਾਰੇ ਵਿਚ) ਸ਼ਿਵ ਨਚਿਆ ਹੈ (ਅਰਥਾਤ ਘਾਣੀ ਘੋਲੀ ਹੈ)। ਲੋਥ ਉਤੇ ਚੜ੍ਹੀ ਲੋਥ ਕੰਧ ਬਣੀ ਹੋਈ ਹੈ ਅਤੇ ਸਫ਼ੈਦ ਮਿਝ ਅਤੇ ਚਰਬੀ ਨਾਲ ਉਪਰ ਕਲੀ ਕੀਤੀ ਹੋਈ ਹੈ। (ਇਹ ਰਣ-ਭੂਮੀ ਨਹੀਂ) ਮਾਨੋ ਵਿਸ਼ਵਕਰਮਾ ('ਕਰਿਮਾਵਿਸੁ') ਨੇ ਰੰਗੀਨ ਮਕਾਨ ਬਣਾ ਕੇ ਉਤੇ ਵਿਚਿਤ੍ਰ ਚਿਤਰਾਂ ਦੀ ਸਿਰਜਨਾ ਕੀਤੀ ਹੋਵੇ।੨੧੬।

ਦੁੰਦ ਸੁ ਜੁਧ ਭਇਓ ਰਨ ਮੈ ਉਤ ਸੁੰਭ ਇਤੈ ਬਰ ਚੰਡਿ ਸੰਭਾਰੀ।
ਘਾਇ ਅਨੇਕ ਭਏ ਦੁਹੂੰ ਕੈ ਤਨਿ ਪਉਰਖ ਗਯੋ ਸਭ ਦੈਤ ਕੋ ਹਾਰੀ।
ਹੀਨ ਭਈ ਬਲ ਤੇ ਭੁਜ ਕਾਂਪਤ ਸੋ ਉਪਮਾ ਕਵਿ ਐਸਿ ਬਿਚਾਰੀ।
ਮਾਨਹੁ ਗਾਰੜੂ ਕੇ ਬਲ ਤੇ ਲਈ ਪੰਚ ਮੁਖੀ ਜੁਗ ਸਾਪਨਿ ਕਾਰੀ। ੨੧੭।

ਕੋਪ ਭਈ ਬਰ ਚੰਡਿ ਮਹਾ ਬਹੁ ਜੁਧੁ ਕਰਿਓ ਰਨ ਮੈ ਬਲ ਧਾਰੀ।
ਲੈ ਕੈ ਕ੍ਰਿਪਾਨ ਮਹਾ ਬਲਵਾਨ ਪਚਾਰ ਕੈ ਸੁੰਭ ਕੇ ਊਪਰ ਝਾਰੀ।
ਸਾਰ ਸੋ ਸਾਰ ਕੀ ਸਾਰ ਬਜੀ ਝਨਕਾਰ ਉਠੀ ਤਿਹ ਤੇ ਚਿਨਗਾਰੀ।
ਮਾਨਹੁ ਭਾਦਵ ਮਾਸ ਕੀ ਰੈਨਿ ਲਸੈ ਪਟਬੀਜਨ ਕੀ ਚਮਕਾਰੀ। ੨੧੮।

ਘਾਇਨ ਤੇ ਬਹੁ ਸ੍ਰਉਨ ਪਰਿਓ ਬਲ ਛੀਨ ਭਇਓ ਨ੍ਰਿਪ ਸੁੰਭ ਕੋ ਕੈਸੇ।
ਜੋਤਿ ਘਟੀ ਮੁਖ ਕੀ ਤਨ ਕੀ ਮਨੋ ਪੂਰਨ ਤੇ ਪਰਿਵਾ ਸਸਿ ਜੈਸੇ।
ਚੰਡਿ ਲਇਓ ਕਰਿ ਸੁੰਭ ਉਠਾਇ ਕਹਿਓ ਕਵਿ ਨੇ ਮੁਖਿ ਤੇ ਜਸੁ ਐਸੇ।
ਰਛਕ ਗੋਧਨ ਕੇ ਹਿਤ ਕਾਨ੍ਹ ਉਠਾਇ ਲਇਓ ਗਿਰਿ ਗੋਧਨੁ ਜੈਸੇ। ੨੧੯।

ਦੋਹਰਾ

ਕਰ ਤੇ ਗਿਰਿ ਧਰਨੀ ਪਰਿਓ ਧਰਿ ਤੇ ਗਇਓ ਅਕਾਸਿ।
ਸੁੰਭ ਸੰਘਾਰਨ ਕੇ ਨਮਿਤ ਗਈ ਚੰਡਿ ਤਿਹ ਪਾਸ। ੨੨੦।

ਸ੍ਵੈਯਾ

ਬੀਚ ਤਬੈ ਨਭ ਮੰਡਲ ਚੰਡਿਕਾ ਜੁਧ ਕਰਿਓ ਜਿਮ ਆਗੇ ਨ ਹੋਊ।
ਸੂਰਜ ਚੰਦ ਨਿਛਤ੍ਰ ਸਚੀਪਤਿ ਅਉਰ ਸਭੈ ਸੁਰ ਪੇਖਤ ਸੋਊ।
ਖੈਚ ਕੈ ਮੁੰਡ ਦਈ ਕਰਵਾਰ ਕੀ ਏਕ ਕੋ ਮਾਰਿ ਕੀਏ ਤਬ ਦੋਊ।
ਸੁੰਭ ਦੁ ਟੂਕ ਹ੍ਵੈ ਭੂਮਿ ਪਰਿਓ ਤਨ ਜਿਉ ਕਲਵਤ੍ਰ ਸੋ ਚੀਰਤ ਕੋਊ। ੨੨੧।

ਦੋਹਰਾ

ਸੁੰਭ ਮਾਰ ਕੈ ਚੰਡਿਕਾ ਉਠੀ ਸੁ ਸੰਖ ਬਜਾਇ।
ਤਬ ਧੁਨਿ ਘੰਟਾ ਕੀ ਕਰੀ ਮਹਾ ਮੋਦ ਮਨਿ ਪਾਇ। ੨੨੨।

ਦੈਤ ਰਾਜ ਛਿਨ ਮੈ ਹਨਿਓ ਦੇਵੀ ਇਹ ਪਰਕਾਰ।
ਅਸਟ ਕਰਨ ਮਹਿ ਸਸਤ੍ਰ ਗਹਿ ਸੈਨਾ ਦਈ ਸੰਘਾਰ। ੨੨੩।

ਸ੍ਵੈਯਾ

ਚੰਡਿ ਕੇ ਕੋਪ ਨ ਓਪ ਰਹੀ ਰਨ ਮੈ ਅਸਿ ਧਾਰਿ ਭਈ ਸਮੁਹਾਈ।
ਮਾਰਿ ਬਿਦਾਰਿ ਸੰਘਾਰਿ ਦਏ ਤਬ ਭੂਪ ਬਿਨਾ ਕਰੈ ਕਉਨ ਲਰਾਈ।

ਰਣ-ਭੂਮੀ ਵਿਚ ਦੁਅੰਦ-ਯੁੱਧ ਹੋ ਰਿਹਾ ਹੈ। ਇਧਰ ਪ੍ਰਚੰਡ ਚੰਡੀ ਅਤੇ ਉਧਰ ਸ਼ੁੰਭ ਡਟੇ ਹੋਏ ਹਨ। ਦੋਹਾਂ ਦੇ ਸ਼ਰੀਰ ਉਤੇ ਅਨੇਕ ਜ਼ਖ਼ਮ ਲਗੇ ਹੋਏ ਹਨ, (ਪਰੰਤੂ) ਦੈਂਤ ਦੀ ਸਾਰੀ ਸ਼ਕਤੀ ('ਪਉਰਖ') ਹਾਰ ਗਈ ਹੈ। ਬਲ-ਹੀਨ ਹੋ ਕੇ (ਸ਼ੁੰਭ ਦੀਆਂ) ਭੁਜਾਵਾਂ ਕੰਬਣ ਲਗ ਗਈਆਂ ਹਨ। ਉਸ (ਦ੍ਰਿਸ਼ ਦੀ) ਉਪਮਾ ਕਵੀ ਨੇ ਇਸ ਪ੍ਰਕਾਰ ਵਿਚਾਰੀ ਹੈ, ਮਾਨੋ ਪੰਜ ਮੂੰਹਾਂ ਵਾਲੀਆਂ ਦੋ ਕਾਲੀਆਂ ਸੱਪਣੀਆਂ ਗਾਰੁੜੂ (ਮੰਤਰ) ਦੇ ਪ੍ਰਭਾਵ (ਬਲ) ਕਾਰਨ (ਬੇਸੁਧ ਹੋ ਕੇ) ਲਟਕ ਰਹੀਆਂ ਹੋਣ।੨੧੭।

ਮਹਾਨ ਅਤੇ ਬਲਵਾਨ ਚੰਡੀ ਨੇ ਕ੍ਰੋਧਿਤ ਹੋ ਕੇ ਰਣ-ਭੂਮੀ ਵਿਚ ਬਲ-ਪੂਰਵਕ ਯੁੱਧ ਕੀਤਾ। (ਉਸ) ਮਹਾ ਬਲਵਾਨ (ਚੰਡੀ) ਨੇ ਕ੍ਰਿਪਾਨ ਲੈ ਕੇ ਲਲਕਾਰਦੇ ਹੋਇਆਂ ਸ਼ੁੰਭ ਉਪਰ ਸੁਟ ਦਿੱਤੀ। (ਤਲਵਾਰ ਦੇ) ਲੋਹੇ (ਸਾਰ) ਨਾਲ (ਦੂਜੇ ਦੀ ਤਲਵਾਰ ਦੇ) ਲੋਹੇ ਦੀ ਧਾਰ ਵਜੀ, ਉਸ ਤੋਂ ਛਣਕਾਰ ਹੋਈ ਅਤੇ ਚਿੰਗਾਰੀਆਂ (ਨਿਕਲੀਆਂ), ਮਾਨੋ ਭਾਦਰੋਂ ਮਹੀਨੇ ਦੀ ਰਾਤ (ਵਿਚ) ਜੁਗਨੂੰਆਂ (ਪਟਬੀਜਨ) ਦੀ ਚਮਕ ਹੋ ਰਹੀ ਹੋਵੇ।੨੧੮।

ਜ਼ਖ਼ਮਾਂ ਵਿਚੋਂ ਬਹੁਤ ਲਹੂ ਵਗ ਗਿਆ, (ਫਲਸਰੂਪ) ਸ਼ੁੰਭ ਰਾਜੇ ਦਾ ਬਲ ਛੀਣ ਹੋ ਗਿਆ। ਕਿਸ ਤਰ੍ਹਾਂ? ਮੁਖ ਦੀ ਜੋਤਿ ਅਤੇ ਸ਼ਰੀਰ ਦੀ ਸ਼ਕਤੀ ਇਸ ਤਰ੍ਹਾਂ ਘਟ ਗਈ ਮਾਨੋ ਪੂਰਨਮਾਸੀ (ਤੋਂ ਬਾਦ) ਜਿਵੇਂ ਏਕਮ ਦੇ ਚੰਦ੍ਰਮਾ (ਦੀ ਚਮਕ ਘਟ ਜਾਂਦੀ ਹੋਵੇ)। ਚੰਡੀ ਨੇ ਸ਼ੁੰਭ ਨੂੰ ਹੱਥ ਨਾਲ ਉਠਾ ਲਿਆ। (ਉਸ ਦੀ) ਸਿਫ਼ਤ ਕਵੀ ਦੇ ਆਪਣੇ ਮੁਖ ਤੋਂ ਇਸ ਪ੍ਰਕਾਰ ਕਹੀ ਹੈ ਕਿ ਜਿਸ ਤਰ੍ਹਾਂ ਗਊਆਂ ਦੀ ਰਖਿਆ ਲਈ ਸ੍ਰੀ ਕ੍ਰਿਸ਼ਨ ਨੇ ਗੋਵਰਧਨ ਪਰਬਤ ਚੁਕ ਲਿਆ ਸੀ।੨੧੯।

ਦੋਹਰਾ

(ਚੰਡੀ ਦੇ) ਹੱਥ ਵਿਚੋਂ (ਸ਼ੁੰਭ) ਧਰਤੀ ਉਤੇ ਡਿਗ ਪਿਆ ਅਤੇ ਧਰਤੀ ਤੋਂ ਆਕਾਸ਼ ਨੂੰ ਚਲਾ ਗਿਆ। ਸ਼ੁੰਭ ਨੂੰ ਮਾਰਨ ਲਈ ਚੰਡੀ ਉਸ ਕੋਲ ਚਲੀ ਗਈ।੨੨੦।

ਸ੍ਵੈਯਾ

ਤਦੋਂ ਆਕਾਸ਼-ਮੰਡਲ ਦੇ ਵਿਚਾਲੇ ਚੰਡੀ ਨੇ (ਇਸ ਤਰ੍ਹਾਂ ਦਾ) ਯੁੱਧ ਕੀਤਾ, ਜਿਸ ਤਰ੍ਹਾਂ ਦਾ ਅਗੇ ਕਦੇ ਨਹੀਂ ਹੋਇਆ ਹੈ। ਸੂਰਜ, ਚੰਦ੍ਰਮਾ, ਤਾਰੇ ('ਨਿਛਤ੍ਰ'), ਇੰਦਰ ('ਸਚੀਪਤਿ') ਅਤੇ ਹੋਰ ਸਾਰੇ ਦੇਵਤੇ ਉਸ (ਯੁੱਧ) ਨੂੰ ਵੇਖ ਰਹੇ ਹਨ। (ਚੰਡੀ ਨੇ) ਤਲਵਾਰ ਖਿਚ ਕੇ (ਸ਼ੁੰਭ ਦੇ) ਸਿਰ ਵਿਚ ਮਾਰੀ ਅਤੇ ਤਦੋਂ ਇਕ ਨੂੰ ਮਾਰ ਕੇ ਦੋ (ਟੁਕੜੇ) ਕਰ ਦਿੱਤੇ। ਸ਼ੁੰਭ (ਦਾ ਸ਼ਰੀਰ) ਦੋ ਟੋਟੇ ਹੋ ਕੇ ਧਰਤੀ ਉਤੇ (ਇੰਜ) ਡਿਗ ਪਿਆ, ਜਿਵੇਂ ਕੋਈ ਆਰੇ ਨਾਲ ਚੀਰਿਆ ਗਿਆ ਹੈ।੨੨੧।

ਦੋਹਰਾ

ਸ਼ੁੰਭ ਨੂੰ ਮਾਰ ਕੇ ਚੰਡੀ ਉਠੀ ਅਤੇ ਸੰਖ ਵਜਾਇਆ। ਤਦੋਂ ਮਨ ਵਿਚ ਬਹੁਤ ਪ੍ਰਸੰਨ ਹੋ ਕੇ ਘੰਟਿਆਂ ਦੀ ਧੁਨੀ ਕੀਤੀ।੨੨੨।

ਦੇਵੀ ਨੇ ਇਸ ਤਰ੍ਹਾਂ ਦੈਂਤ ਰਾਜੇ ਨੂੰ ਛਿਣ ਭਰ ਵਿਚ ਮਾਰ ਦਿੱਤਾ (ਅਤੇ ਫਿਰ) ਅੱਠਾਂ ਹੱਥਾਂ ਵਿਚ ਸ਼ਸਤ੍ਰ ਧਾਰਨ ਕਰਕੇ (ਦੈਂਤਾਂ ਦੀ) ਸੈਨਾ ਨੂੰ ਨਸ਼ਟ ਕਰ ਦਿੱਤਾ।੨੨੩।

ਸ੍ਵੈਯਾ

(ਜਦੋਂ) ਚੰਡੀ ਤਲਵਾਰ ਧਾਰਨ ਕਰ ਕੇ ਰਣ ਵਿਚ ਸਾਹਮਣੇ ਹੋਈ (ਤਦੋਂ ਉਸ ਦੇ) ਕ੍ਰੋਧ (ਦੀ ਕੋਈ) ਬਰਾਬਰੀ ਕਰ ਸਕਣ ਵਾਲਾ ਨ ਰਿਹਾ। (ਜਦੋਂ ਸਭ ਨੂੰ) ਮਾਰ ਕੇ ਨਸ਼ਟ-ਭ੍ਰਸ਼ਟ ਕਰ ਦਿੱਤਾ, ਤਦੋਂ ਰਾਜੇ ਤੋਂ ਬਿਨਾ (ਭਲਾ) ਲੜਾਈ ਕਰਨ ਦੇ ਕੌਣ (ਸਮਰਥ

ਕਾਂਪ ਉਠੇ ਅਰਿ ਤ੍ਰਾਸ ਹੀਏ ਧਰਿ ਛਾਡਿ ਦਈ ਸਭ ਪਉਰਖਤਾਈ।
ਦੈਤ ਚਲੈ ਤਜਿ ਖੇਤ ਇਉ ਜੈਸੇ ਬਡੇ ਗੁਨ ਲੋਭ ਤੇ ਜਾਤ ਪਰਾਹੀ। ੨੨੪।

ਇਤਿ ਸ੍ਰੀ ਮਾਰਕੰਡੇ ਪੁਰਾਣੇ ਚੰਡੀ ਚਰਿਤ੍ਰੇ ਸੁੰਭ ਬਧਹਿ ਨਾਮ ਸਪਤਮੋ ਧਿਆਯ ਸੰਪੂਰਨੰ। ੭।

ਸ੍ਵੈਯਾ

ਭਾਜਿ ਗਇਓ ਮਘਵਾ ਜਿਨ ਕੇ ਡਰ ਬ੍ਰਹਮ ਤੇ ਆਦਿ ਸਭੈ ਭੈ ਭੀਤੇ।
ਤੇਈ ਵੈ ਦੈਤ ਪਰਾਇ ਗਏ ਰਨਿ ਹਾਰ ਨਿਹਾਰ ਭਏ ਬਲੁ ਰੀਤੇ।
ਜੰਬੁਕ ਗ੍ਰਿਝ ਨਿਰਾਸ ਭਏ ਬਨ ਬਾਸ ਗਏ ਜੁਗ ਜਾਮਨ ਬੀਤੇ।
ਸੰਤ ਸਹਾਇ ਸਦਾ ਜਗ ਮਾਇ ਸੁ ਸੁੰਭ ਨਿਸੁੰਭ ਬਡੇ ਅਰਿ ਜੀਤੈ। ੨੨੫।

ਦੇਵ ਸਭੈ ਮਿਲਿ ਕੈ ਇਕ ਠਉਰ ਸੁ ਅਛਤ ਕੁੰਕਮ ਚੰਦਨ ਲੀਨੋ।
ਤਛਨ ਲਛਨ ਦੈ ਕੈ ਪ੍ਰਦਛਨ ਟੀਕਾ ਸੁ ਚੰਡਿ ਕੇ ਭਾਲ ਮੈ ਦੀਨੋ।
ਤਾ ਛਬਿ ਕੋ ਉਪਜ੍ਯੋ ਤਹ ਭਾਵ ਇਹੈ ਕਵਿ ਨੇ ਮਨ ਮੈ ਲਖਿ ਲੀਨੋ।
ਮਾਨਹੁ ਚੰਦ ਕੈ ਮੰਡਲ ਮੈ ਸੁਭ ਮੰਗਲ ਆਨਿ ਪ੍ਰਵੇਸਹਿ ਕੀਨੋ। ੨੨੬।

ਕਬਿਤੁ

ਮਿਲਿ ਕੇ ਸੁ ਦੇਵਨ ਬਡਾਈ ਕਰੀ ਕਾਲਿਕਾ ਕੀ
ਏਹੋ ਜਗ ਮਾਤ ਤੈ ਤੋ ਕਟਿਓ ਬਡੋ ਪਾਪੁ ਹੈ।
ਦੈਤਨ ਕੇ ਮਾਰ ਰਾਜ ਦੀਨੋ ਤੈ ਸੁਰੇਸ ਹੂੰ ਕੋ
ਬਡੋ ਜਸੁ ਲੀਨੋ ਜਗਿ ਤੇਰੋ ਈ ਪ੍ਰਤਾਪੁ ਹੈ।
ਦੇਤ ਹੈ ਅਸੀਸ ਦਿਜ ਰਾਜ ਰਿਖਿ ਬਾਰਿ ਬਾਰਿ
ਤਹਾ ਹੀ ਪੜਿਓ ਹੈ ਬ੍ਰਹਮ ਕਉਚ ਹੂੰ ਕੋ ਜਾਪ ਹੈ।
ਐਸੋ ਜਸੁ ਪੂਰ ਰਹਿਓ ਚੰਡਿਕਾ ਕੋ ਤੀਨ ਲੋਕਿ
ਜੈਸੇ ਧਾਰ ਸਾਗਰ ਮੈ ਗੰਗਾ ਜੀ ਕੋ ਆਪੁ ਹੈ। ੨੨੭।

ਸ੍ਵੈਯਾ

ਦੇਹਿ ਅਸੀਸ ਸਭੈ ਸੁਰ ਨਾਰਿ ਸੁਧਾਰਿ ਕੈ ਆਰਤੀ ਦੀਪ ਜਗਾਇਓ।
ਫੂਲ ਸੁਗੰਧ ਸੁਅਛਤ ਦਛਨ ਜਛਨ ਜੀਤ ਕੋ ਗੀਤ ਸੁ ਗਾਇਓ।
ਧੂਪ ਜਗਾਇ ਕੈ ਸੰਖ ਬਜਾਇ ਕੈ ਸੀਸ ਨਿਵਾਇ ਕੈ ਬੈਨ ਸੁਨਾਇਓ।
ਹੇ ਜਗ ਮਾਇ ਸਦਾ ਸੁਖ ਦਾਇ ਤੈ ਸੁੰਭ ਕੋ ਘਾਇ ਬਡੋ ਜਸੁ ਪਾਇਓ। ੨੨੮।

ਸਕ੍ਰਹਿ ਸਾਜਿ ਸਮਾਜ ਦੈ ਚੰਡ ਸੁ ਮੋਦ ਮਹਾ ਮਨ ਮਾਹਿ ਰਈ ਹੈ।
ਸੂਰ ਸਸੀ ਨਭਿ ਥਾਪ ਕੈ ਤੇਜੁ ਦੇ ਆਪ ਤਹਾ ਤੇ ਸੁ ਲੋਪ ਭਈ ਹੈ।

ਹੈ)। ਹਿਰਦੇ ਵਿਚ ਡਰ ਧਾਰ ਕੇ ਵੈਰੀ ਕੰਬ ਗਏ ਅਤੇ ਸਾਰੀ ਮਰਦਾਨਗੀ (ਪਉਰਖਤਾਈ) ਛਡ ਦਿੱਤੀ। (ਤਦੋਂ) ਦੈਂਤ ਯੁੱਧ-ਖੇਤਰ ਛਡ ਕੇ ਇਸ ਤਰ੍ਹਾਂ ਭਜ ਚਲੇ ਜਿਸ ਤਰ੍ਹਾਂ ਲੋਭ ਤੋਂ ਵੱਡੇ (ਸ੍ਰੇਸ਼ਠ) ਗੁਣ ਦੂਰ ਹੋ ਜਾਂਦੇ ਹਨ।੨੨੪।

ਇਥੇ ਸ੍ਰੀ ਮਾਰਕੰਡੇ ਪੁਰਾਣ ਦੇ ਚੰਡੀ ਚਰਿਤ੍ਰ ਉਕਤੀ ਬਿਲਾਸ ਪ੍ਰਸੰਗ ਦੇ 'ਸੁੰਭ-ਵਧ' ਨਾਂ ਦੇ ਸੱਤਵਾਂ ਅਧਿਆਇ ਦੀ ਸਮਾਪਤੀ।੭।

ਸ੍ਵੈਯਾ

ਜਿਨ੍ਹਾਂ ਦੇ ਡਰ ਤੋਂ ਇੰਦਰ ('ਮਘਵਾ') ਭਜ ਗਿਆ ਸੀ ਅਤੇ ਬ੍ਰਹਮਾ ਅਤੇ ਹੋਰ ਸਾਰੇ ਦੇਵਤੇ ਭੈਭੀਤ ਸਨ, ਉਹੀ ਦੈਂਤ ਰਣ-ਭੂਮੀ ਵਿਚ ਆਪਣੀ ਹਾਰ ਵੇਖ ਕੇ ਬਲ-ਹੀਨ ਹੋਏ ਭਜ ਗਏ ਹਨ। ਗਿਦੜ ਅਤੇ ਗਿਰਝਾਂ ਨਿਰਾਸ ਹੋ ਕੇ ਬਨਾਂ ਵਿਚ ਰਹਿਣ ਲਈ ਚਲੇ ਗਏ ਹਨ ਅਤੇ (ਇਸ ਸਾਰੇ ਸਾਕੇ ਨੂੰ ਹੋਇਆਂ ਅਜੇ) ਦੋ ਪਹਿਰ ਵੀ ਨਹੀਂ ਬੀਤੇ ਹਨ। ਸੰਤਾਂ ਦੀ ਸਦਾ ਸਹਾਇਕ ਜਗਮਾਤਾ (ਚੰਡੀ) ਨੇ ਸ਼ੁੰਭ ਅਤੇ ਨਿਸ਼ੁੰਭ ਵਡੇ ਵੈਰੀ ਜਿਤ ਲਏ ਹਨ।੨੨੫।

ਸਾਰੇ ਦੇਵਤਿਆਂ ਨੇ ਇਕ ਥਾਂ ਇਕਤਰ ਹੋ ਕੇ ਅਤੇ ਚਾਵਲ ਕੇਸਰ ਤੇ ਚੰਦਨ ਲੈ ਕੇ ਉਸੇ ਵੇਲੇ ਲੱਖਾਂ ਨੇ ਹੀ ਪ੍ਰਦਖਣਾ ਦੇ ਕੇ ਚੰਡੀ ਦੇ ਮੱਥੇ ਉਤੇ ਤਿਲਕ ਲਗਾ ਦਿੱਤਾ। ਉਸ (ਵੇਲੇ ਦੀ) ਛਬੀ (ਨੂੰ ਵੇਖ ਕੇ) ਜੋ ਭਾਵ ਪੈਦਾ ਹੋਇਆ, ਉਸ ਨੂੰ ਕਵੀ ਨੇ (ਆਪਣੇ) ਮਨ ਵਿਚ ਇਸ ਤਰ੍ਹਾਂ ਜਾਣਿਆ, ਮਾਨੋ ਚੰਦਰ-ਮੰਡਲ ਵਿਚ ਸ਼ੁਭ ਮੰਗਲ ਨੇ ਆ ਕੇ ਪ੍ਰਵੇਸ਼ ਕੀਤਾ ਹੋਵੇ (ਅਰਥਾਤ ਸੁਖਦਾਇਕ ਸਥਿਤੀ ਪੈਦਾ ਹੋ ਗਈ ਹੈ)।੨੨੬।

ਕਬਿੱਤ

(ਸਾਰੇ) ਦੇਵਤਿਆਂ ਨੇ ਮਿਲ ਕੇ ਦੇਵੀ (ਕਾਲਕਾ) ਦੀ ਵਡਿਆਈ ਕੀਤੀ ਕਿ ਹੇ ਜਗਤਮਾਤਾ! ਤੂੰ ਤਾਂ (ਸਾਡਾ) ਵੱਡਾ ਪਾਪ ਕਟ ਦਿੱਤਾ ਹੈ। (ਤੂੰ) ਦੈਂਤਾਂ ਨੂੰ ਮਾਰ ਕੇ ਰਾਜੇ ਇੰਦਰ ('ਸੁਰੇਸ') ਨੂੰ (ਸੁਅਰਗ ਦਾ) ਰਾਜ ਦਿੱਤਾ ਹੈ। (ਅਜਿਹਾ ਕਰ ਕੇ ਤੂੰ) ਬਹੁਤ ਯਸ਼ ਖਟਿਆ ਹੈ (ਅਤੇ ਇਸ ਲਈ) ਜਗ ਵਿਚ ਤੇਰਾ ਹੀ ਪ੍ਰਤਾਪ (ਪਸਰਿਆ ਹੋਇਆ) ਹੈ। ਬ੍ਰਹਮ-ਰਿਸ਼ੀ ('ਦਿਜ ਰਾਜ'), ਰਾਜ-ਰਿਸ਼ੀ ਬਾਰ ਬਾਰ ਅਸੀਸਾਂ ਦਿੰਦੇ ਹਨ ਅਤੇ ਉਥੇ ਹੀ 'ਬ੍ਰਹਮ-ਕਵਚ' (ਦੁਰਗਾ ਦੀ ਉਸਤਤ ਵਿਚ ਬ੍ਰਹਮਾ ਵਲੋਂ ਉਚਾਰਿਆ ਸਤੋਤ੍ਰ) ਜਾਪ ਨੂੰ ਪੜ੍ਹਿਆ ਗਿਆ ਹੈ। ਤਿੰਨਾਂ ਲੋਕਾਂ ਵਿਚ ਚੰਡੀ ਦਾ ਯਸ਼ ਇਸ ਤਰ੍ਹਾਂ ਪੂਰਿਆ ਜਾ ਰਿਹਾ ਹੈ ਜਿਸ ਤਰ੍ਹਾਂ ਸਮੁੰਦਰ ਦੀਆਂ ਲਹਿਰਾਂ ਵਿਚ ਗੰਗਾ ਜੀ ਦਾ ਜਲ ('ਆਪੁ') ਪੂਰੀ ਤਰ੍ਹਾਂ ਮਿਲ ਜਾਂਦਾ ਹੈ।੨੨੭।

ਸ੍ਵੈਯਾ

ਸਾਰੀਆਂ ਦੇਵ-ਇਸਤਰੀਆਂ (ਚੰਡੀ ਨੂੰ) ਅਸੀਸਾਂ ਦਿੰਦੀਆਂ ਹਨ ਅਤੇ ਆਰਤੀ ਸਿਰਜ ਕੇ ਉਸ ਵਿਚ ਦੀਪਕ ਜਗਾਏ ਹਨ। ਫੁਲਾਂ ਦੀ ਸੁਗੰਧੀ ਅਤੇ ਚਾਵਲ ਵਾਰਦੀਆਂ ('ਦੱਛਨ') ਹਨ ਅਤੇ ਯਕਸ਼-ਇਸਤਰੀਆਂ ('ਜੱਛਨ') ਜਿਤ ਦੇ ਗੀਤ ਸੁਣਾਉਂਦੀਆਂ ਹਨ। ਧੂਪ ਜਗਾ ਕੇ, ਸੰਖ ਵਜਾ ਕੇ, ਸਿਰ ਝੁਕਾ ਕੇ ਬੇਨਤੀ ਕਰਦੀਆਂ ਹਨ ਕਿ ਹੇ ਜਗਤ-ਮਾਤਾ! ਤੂੰ ਸਦਾ ਸੁਖ ਦੇਣ ਵਾਲੀ ਹੈਂ। ਤੂੰ ਸ਼ੁੰਭ ਨੂੰ ਮਾਰ ਕੇ ਵੱਡਾ ਯਸ਼ ਖਟਿਆ ਹੈ।੨੨੮।

ਇੰਦਰ ('ਸਕ੍ਰ') ਨੂੰ ਰਾਜ ਦਾ ਸਾਮਾਨ ਦੇ ਕੇ ਚੰਡੀ ਮਨ ਵਿਚ ਬਹੁਤ ਖੁਸ਼ ਹੋ ਰਹੀ ਹੈ। ਸੂਰਜ ਅਤੇ ਚੰਦ੍ਰਮਾ ਨੂੰ ਆਕਾਸ਼ ਵਿਚ ਸਥਿਤ ਕਰ ਕੇ ਅਤੇ ਤੇਜ ਪ੍ਰਦਾਨ ਕਰ ਕੇ (ਚੰਡੀ) ਆਪ ਉਥੋਂ ਲੋਪ ਹੋ ਗਈ। ਆਕਾਸ਼ ਵਿਚ (ਸੂਰਜ ਅਤੇ ਚੰਦ੍ਰਮਾ ਦਾ) ਪ੍ਰਕਾਸ਼ ਵਧ

ਬੀਚ ਅਕਾਸ ਪ੍ਰਕਾਸ ਬਢਿਓ ਤਿਹ ਕੀ ਉਪਮਾ ਮਨ ਤੇ ਨ ਗਈ ਹੈ।
ਧੂਰਿ ਕੈ ਪੂਰ ਮਲੀਨ ਹੁਤੋ ਰਵਿ ਮਾਨਹੁ ਚੰਡਿਕਾ ਓਪ ਦਈ ਹੈ। ੨੨੯।

ਕਬਿਤੁ

ਪ੍ਰਥਮ ਮਧੁ ਕੈਟ ਮਦ ਮਥਨ ਮਹਿਖਾਸੁਰੈ ਮਾਨ ਮਰਦਨ ਕਰਨ ਤਰੁਨਿ ਬਰ ਬੰਡਕਾ।
ਧੂਮ੍ਰ ਦ੍ਰਿਗ ਧਰਨ ਧਰਿ ਧੂਰਿ ਧਾਨੀ ਕਰਨ ਚੰਡ ਅਰੁ ਮੁੰਡ ਕੇ ਮੁੰਡ ਖੰਡ ਖੰਡਕਾ।
ਰਕਤ ਬੀਰਜ ਹਰਨ ਰਕਤ ਭਛਨ ਕਰਨ ਦਰਨ ਅਨਸੁੰਭ ਰਨਿ ਰਾਰ ਰਿਸ ਮੰਡਕਾ।
ਸੰਭ ਬਲੁ ਧਾਰ ਸੰਘਾਰ ਕਰਵਾਰ ਕਰਿ ਸਕਲ ਖਲੁ ਅਸੁਰ ਦਲੁ ਜੈਤ ਜੈ ਚੰਡਿਕਾ। ੨੩੦।

ਸ੍ਵੈਯਾ

ਦੇਹ ਸਿਵਾ ਬਰੁ ਮੋਹਿ ਇਹੈ ਸੁਭ ਕਰਮਨ ਤੇ ਕਬਹੂੰ ਨ ਟਰੋ।
ਨ ਡਰੋ ਅਰਿ ਸੋ ਜਬ ਜਾਇ ਲਰੋ ਨਿਸਚੈ ਕਰਿ ਅਪੁਨੀ ਜੀਤ ਕਰੋ।
ਅਰੁ ਸਿਖ ਹੌ ਆਪਨੇ ਹੀ ਮਨ ਕੋ ਇਹ ਲਾਲਚ ਹਉ ਗੁਨ ਤਉ ਉਚਰੋ।
ਜਬ ਆਵ ਕੀ ਅਉਧ ਨਿਦਾਨ ਬਨੈ ਅਤਿ ਹੀ ਰਨ ਮੈ ਤਬ ਜੂਝ ਮਰੋ। ੨੩੧।[੧]

ਚੰਡਿ ਚਰਿਤ੍ਰ ਕਵਿਤਨ ਮੈ ਬਰਨਿਓ ਸਭ ਹੀ ਰਸ ਰੁਦ੍ਰਮਈ ਹੈ।
ਏਕ ਤੇ ਏਕ ਰਸਾਲ ਭਇਓ ਨਖ ਤੇ ਸਿਖ ਲਉ ਉਪਮਾ ਸੁ ਨਈ ਹੈ।
ਕਉਤਕ ਹੇਤੁ ਕਰੀ ਕਵਿ ਨੇ ਸਤਿਸਯ ਕੀ ਕਥਾ ਇਹ ਪੂਰੀ ਭਈ ਹੈ।
ਜਾਹਿ ਨਮਿਤ ਪੜੈ ਸੁਨਿ ਹੈ ਨਰ ਸੋ ਨਿਸਚੈ ਕਰਿ ਤਾਹਿ ਦਈ ਹੈ। ੨੩੨।

ਦੋਹਰਾ

ਗ੍ਰੰਥ ਸਤਿ ਸਇਆ ਕੋ ਕਰਿਓ ਜਾ ਸਮ ਅਵਰੁ ਨ ਕੋਇ।
ਜਿਹ ਨਮਿਤ ਕਵਿ ਨੇ ਕਹਿਓ ਸੁ ਦੇਹ ਚੰਡਿਕਾ ਸੋਇ। ੨੩੩।

ਇਤਿ ਸ੍ਰੀ ਮਾਰਕੰਡੇ ਪੁਰਾਨੇ ਸ੍ਰੀ ਚੰਡੀ ਚਰਿਤ੍ਰੇ ਉਕਤਿ ਬਿਲਾਸ ਦੇਵ ਸੁਰੇਸ ਸਹਿਤ ਜੈਕਾਰ ਸਬਦ ਕਰਾ ਅਸਟਮੋ ਧਿਆਇ ਸਮਾਪਤਮ ਸਤੁ ਸੁਭਮ ਸਤੁ। ੮।[੨]

੧. ਕਈ ਪੁਰਾਤਨ ਬੀੜਾਂ ਵਿਚ ਇਹ ਸਵੈਯਾ ਅੰਤ ਉਤੇ ਅੰਕ ੨੩੩ ਨਾਲ ਆਇਆ ਹੈ। ੨. ਬਹੁਤੀਆਂ ਬੀੜਾਂ ਵਿਚ ਇਹ ਅਧਿਆਇ ਅੰਤ ਸੂਚਕ ਪੁਸ਼ਪਿਕਾ ਨਹੀਂ ਲਿਖੀ ਹੈ

ਗਿਆ। ਉਸ (ਦ੍ਰਿਸ਼) ਦੀ ਉਪਮਾ ਕਵੀ ਦੇ ਮਨ ਤੋਂ ਭੁਲੀ ਨਹੀਂ ਹੈ। (ਲੜਾਈ ਵੇਲੇ ਉਠੀ) ਧੂੜ ਦੇ ਪਸਰਨ ਕਰ ਕੇ ਸੂਰਜ ('ਰਵਿ') ਮਲੀਨ ਹੋ ਗਿਆ ਸੀ, ਮਾਨੋ ਚੰਡੀ ਨੇ (ਆਪਣਾ) ਤੇਜ ਪ੍ਰਦਾਨ ਕਰ ਕੇ (ਉਸ ਨੂੰ ਫਿਰ ਤੋਂ ਚਮਕਦਾਰ ਬਣਾ ਦਿੱਤਾ ਹੋਵੇ)।੨੨੯।

ਕਬਿੱਤ

ਪਹਿਲਾਂ ਮਧੁ ਅਤੇ ਕੈਟਭ (ਦੈਂਤਾਂ) ਦਾ ਘਮੰਡ ਤੋੜਨ ਵਾਲੀ, ਫਿਰ ਮਹਿਖਾਸੁਰ ਦਾ ਮਾਣ ਮਸਲਣ ਵਾਲੀ, ਵਰ ਦੇਣ ਵੇਲੇ ਸੰਕੋਚ ਨ ਕਰਨ ਵਾਲੀ, ਧੂਮ੍ਰਲੋਚਨ ਵਰਗੇ ਨਾਇਕ ('ਧਰਨਧਰਿ') ਨੂੰ ਧਰਤੀ ਉਤੇ ਪਟਕਣ ਵਾਲੀ ਅਤੇ ਚੰਡ ਅਤੇ ਮੁੰਡ ਦੇ ਸਿਰਾਂ ਨੂੰ ਟੋਟੇ ਟੋਟੇ ਕਰਨ ਵਾਲੀ, ਰਕਤ-ਬੀਜ ਨੂੰ ਮਾਰਨ ਅਤੇ (ਉਸ ਦਾ) ਲਹੂ ਪੀਣ ਵਾਲੀ, ਵੈਰੀਆਂ ਨੂੰ ਦਲਣ ਵਾਲੀ, ਨਿਸ਼ੁੰਭ ਨਾਲ ਕ੍ਰੋਧਿਤ ਹੋ ਕੇ ਜੰਗ ਕਰਨ ਵਾਲੀ, ਸ਼ੁੰਭ ਨੂੰ ਬਲ-ਪੂਰਵਕ ਤਲਵਾਰ ਨਾਲ ਸੰਘਾਰਨ ਵਾਲੀ ਅਤੇ ਸਾਰੇ ਦੁਸ਼ਟ ਦੈਂਤਾਂ ਦੇ ਦਲ ਨੂੰ ਜਿਤਣ ਵਾਲੀ ਚੰਡੀ ਦੀ ਜੈ ਹੋਵੇ।੨੩੦।

ਸ੍ਵੈਯਾ

ਹੇ ਸ਼ਿਵਾ! ਮੈਨੂੰ ਇਹ ਵਰ ਦੇ ਕਿ (ਮੈਂ) ਸ਼ੁਭ ਕੰਮਾਂ (ਨੂੰ ਕਰਨੋਂ) ਨ ਟਲਾਂ। ਜਦੋਂ ਵੈਰੀ ਨਾਲ (ਰਣ-ਭੂਮੀ ਵਿਚ ਜਾ ਕੇ) ਲੜਾਂ ਤਾਂ (ਜ਼ਰਾ) ਨ ਡਰਾਂ ਅਤੇ ਨਿਸ਼ਚੇ ਹੀ ਆਪਣੀ ਜਿਤ ਪ੍ਰਾਪਤ ਕਰਾਂ। ਅਤੇ ਆਪਣੇ ਮਨ ਨੂੰ ਸਿਖਿਆ ਦੇਵਾਂ ਕਿ ਮੈਨੂੰ (ਸਦਾ) ਇਹ ਲਾਲਚ (ਬਣਿਆ ਰਹੇ ਕਿ ਮੈਂ) ਤੇਰੇ ਗੁਣਾਂ ਨੂੰ ਉਚਾਰਦਾ ਰਹਾਂ। ਅਤੇ ਜਦੋਂ ਉਮਰ ਦਾ ਅੰਤਿਮ ਸਮਾਂ ਆ ਜਾਏ ਤਾਂ ਅਤਿ ਦੇ ਯੁੱਧ ਵਿਚ ਲੜਦਾ ਹੋਇਆ ਮਰ ਜਾਵਾਂ।੨੩੧।

ਚੰਡੀ-ਚਰਿਤ੍ਰ ਕਵਿਤਾ ਵਿਚ ਕਥਨ ਕੀਤਾ ਹੈ। (ਇਹ) ਸਾਰੀ (ਕਵਿਤਾ) ਰੌਦਰ-ਰਸ ਵਿਚ ਲਿਖੀ ਹੈ। ਇਕ ਤੋਂ ਇਕ (ਉਕਤੀ) ਰਸ ਭਰਪੂਰ ਹੈ ਅਤੇ ਆਦਿ ਤੋਂ ਅੰਤ ਤਕ (ਪੈਰਾਂ ਦੇ ਨਹੁੰਆਂ ਤੋਂ ਸਿਰ ਦੀ ਚੋਟੀ ਤਕ) ਹਰ ਉਪਮਾ ਨਵੀਂ ਹੈ। ਕਵੀ ਨੇ ਮਾਨਸਿਕ ਵਿਲਾਸ ('ਕਉਤਕ') ਲਈ ਇਕ ਕਾਵਿ-ਰਚਨਾ ਕੀਤੀ ਹੈ। 'ਸਤਸਈ' ਦੀ ਇਹ ਪੂਰੀ ਕਥਾ ਵਰਣਿਤ ਹੈ। ਜਿਸ (ਮਨੋਰਥ) ਲਈ (ਕੋਈ) ਪੁਰਸ਼ (ਇਸ ਰਚਨਾ ਨੂੰ) ਪੜ੍ਹੇ ਅਤੇ ਸੁਣੇਗਾ, ਉਸ ਨੂੰ ਅੱਵਸ਼ ਹੀ (ਦੇਵੀ) ਉਹੀ (ਵਰ) ਪ੍ਰਦਾਨ ਕਰੇਗੀ।੨੩੨।

ਦੋਹਰਾ

(ਮੈਂ) 'ਸਤਸਈ' (ਦੁਰਗਾ ਸਪਤਸ਼ਤੀ) ਗ੍ਰੰਥ ਦੀ ਰਚਨਾ ਕੀਤੀ ਹੈ ਜਿਸ ਦੇ ਸਮਾਨ ਹੋਰ ਕੋਈ (ਗ੍ਰੰਥ) ਨਹੀਂ ਹੈ। ਹੇ ਚੰਡਿਕਾ! ਜਿਸ ਮਨੋਰਥ ਲਈ ਕਵੀ ਨੇ (ਇਹ ਕਥਾ) ਕਹੀ ਹੈ, ਉਸ ਦਾ ਉਹੀ (ਮਨੋਰਥ) ਪੂਰਾ ਕਰੋ।੨੩੩।

ਇਥੇ ਸ੍ਰੀ ਮਾਰਕੰਡੇ ਪੁਰਾਣ ਦੇ ਸ੍ਰੀ ਚੰਡੀ ਚਰਿਤ੍ਰ ਉਕਤਿ ਬਿਲਾਸ ਪ੍ਰਸੰਗ ਦੇ 'ਦੇਵ ਸੁਰੇਸ ਸਹਿਤ ਜੈ ਜੈ ਕਾਰਾ' ਅੱਠਵਾਂ ਅਧਿਆਇ ਸਮਾਪਤ ਹੋਇਆ ਸਭ ਸ਼ੁਭ ਹੈ।੮।